ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਸ਼ਨੀਵਾਰ, 25 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੧੨ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## 'ਲਾਰੈਂਸ ਆਫ਼ ਪੰਜਾਬ' ਜ਼ੀ 5 'ਤੇ ਨਹੀਂ ਹੋਵੇਗੀ ਰਿਲੀਜ਼

**ਚੰਡੀਗੜ੍ਹ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲਾਰੈਂਸ ਆਫ਼ ਪੰਜਾਬ ਹੁਣ ਓਟੀਟੀ ਪਲੇਟਫਾਰਮ ਜ਼ੀ 5 'ਤੇ ਰਿਲੀਜ਼ ਨਹੀਂ ਹੋਵੇਗੀ। ਮਿਲੀ ਜਾਣਕਾਰੀ ਮੁਤਾਬਿਕ ਭਾਰਤ ਸਰਕਾਰ ਵੱਲੋਂ ਇਸ ਵੈੱਬ ਸੀਰੀਜ਼ 'ਤੇ ਪਾਬੰਦੀ ਲਗਾਈ ਗਈ ਹੈ। ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਨੇ ਖੁਦ ਜ਼ੀ5 ਨੂੰ ਫਿਲਮ ਲਾਰੈਂਸ ਆਫ ਪੰਜਾਬ ਦਾ ਪ੍ਰਸਾਰਣ ਨਾ ਕਰਨ ਦਾ ਹੁਕਮ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਹਾਸਿਲ ਹੋਣ ਮਗਰੋਂ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਪਟੀਸ਼ਨ ਦਾ ਨਿਪਟਾਰਾ ਕਰ ਦਿੱਤਾ ਹੈ। ਦੂਜੇ ਪਾਸੇ ਲਾਰੈਂਸ ਬਿਸ਼ਨੋਈ ਦੇ ਨਾਲ ਸਬੰਧਿਤ ਵੈੱਬ ਸੀਰੀਜ਼ ਨੂੰ ਲੈ ਕੇ ਲਾਰੈਂਸ ਬਿਸ਼ਨੋਈ ਦੇ ਪਰਿਵਾਰ ਦਾ ਕਹਿਣਾ ਹੈ ਕਿ ਲਾਰੈਂਸ ਦੇ ਚਚੇਰੇ ਭਰਾ ਨੇ ਕਿਹਾ ਕਿ ਸਾਡੇ ਪਰਿਵਾਰ ਤੋਂ ਸਹਿਮਤੀ ਨਹੀ ਲਈ ਇਸ ਲਈ ਫਿਲਮ ਤੇ ਬੈਨ ਹੋਣਾ ਚਾਹੀਦਾ ਹੈ। ਗੈਂਗਸਟਰ ਲਾਰੈਂਸ ਬਿਸ਼ਨੋਈ 'ਤੇ ਬਣੀ ਇਸ ਸੀਰੀਜ ਨੇ ਵਿਵਾਦ ਪੈਦਾ ਕਰ ਦਿੱਤਾ ਸੀ, ਜਿਸ ਕਾਰਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਵੜਿੰਗ ਨੇ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਸੀ। ਪੰਜਾਬ ਪੁਲਿਸ ਨੇ ਕੇਂਦਰ ਸਰਕਾਰ ਨੂੰ ਵੀ ਪੱਤਰ ਲਿਖਿਆ ਸੀ, ਜਿਸ ਵਿੱਚ ਇਹ ਚਿੰਤਾ ਜਤਾਈ ਗਈ ਸੀ ਕਿ ਫਿਲਮ ਦੀ ਰਿਲੀਜ਼ ਪੰਜਾਬ ਦੇ ਮਾਹੌਲ ਨੂੰ ਨੁਕਸਾਨ ਪਹੁੰਚਾ ਸਕਦੀ ਹੈ। ਪੰਜਾਬ ਭਾਜਪਾ ਦੇ ਮੁੱਖ ਬੁਲਾਰੇ ਪ੍ਰਿਤਪਾਲ ਸਿੰਘ ਬਲੀਆਵਾਲ ਨੇ ਕਿਹਾ ਕਿ ਇਸ ਦਸਤਾਵੇਜ਼ੀ ਦਾ ਉਦੇਸ਼ ਪੰਜਾਬ ਨੂੰ ਬਦਨਾਮ ਕਰਨਾ ਅਤੇ ਨੌਜਵਾਨਾਂ ਨੂੰ ਗੁੰਮਰਾਹ ਕਰਨਾ ਹੈ। ਉਨ੍ਹਾਂ ਨੇ ਇਸ ਦਸਤਾਵੇਜ਼ੀ ਨੂੰ ਰੋਕਣ ਲਈ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ।

## 'ਆਪ' ਨੂੰ ਵੱਡਾ ਝਟਕਾ

# 7 ਰਾਜ ਸਭਾ ਮੈਂਬਰਾਂ ਨੇ ਛੱਡੀ ਪਾਰਟੀ, ਭਾਜਪਾ 'ਚ ਸ਼ਾਮਿਲ



**ਨਵੀਂ ਦਿੱਲੀ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਨੇ ਅੱਜ ਬਗਾਵਤ ਕਰ ਦਿੱਤੀ। ਰਾਘਵ ਚੱਢਾ, ਸੰਦੀਪ ਪਾਠਕ ਅਤੇ ਅਸ਼ੋਕ ਮਿੱਤਲ ਨੇ ਭਾਜਪਾ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਰਾਘਵ ਨੇ ਪ੍ਰੈੱਸ ਕਾਨਫਰੰਸ ਦੌਰਾਨ ਵੱਡਾ ਦਾਅਵਾ ਕਰਦਿਆਂ ਕਿਹਾ ਕਿ ਸਾਡੇ ਨਾਲ ਆਮ ਆਦਮੀ ਪਾਰਟੀ ਦੇ ਚਾਰ ਹੋਰ ਰਾਜ ਸਭਾ ਮੈਂਬਰ ਵੀ ਸ਼ਾਮਲ ਹਨ, ਜਿਨ੍ਹਾਂ ਵਿੱਚ ਹਰਭਜਨ ਸਿੰਘ, ਸਵਾਤੀ ਮਾਲੀਵਾਲ, ਵਿਕਰਮ ਸਾਹਨੀ ਅਤੇ ਰਜਿੰਦਰ ਗੁਪਤਾ ਸ਼ਾਮਲ ਹਨ। ਰਾਘਵ ਚੱਢਾ ਨੇ ਪ੍ਰੈੱਸ ਕਾਨਫਰੰਸ 'ਚ ਦਾਅਵਾ ਕਿਹਾ ਕਿ ,"ਅਸੀਂ ਇਹ ਫ਼ੈਸਲਾ ਕੀਤਾ ਹੈ ਕਿ ਰਾਜ ਸਭਾ 'ਚ 'ਆਪ' ਦੇ ਦੋ ਤਿਹਾਈ ਮੈਂਬਰ, ਭਾਰਤ ਦੇ ਸੰਵਿਧਾਨ ਦੇ ਪ੍ਰਬੰਧਾਂ ਦਾ ਇਸਤੇਮਾਲ ਕਰਦੇ ਹੋਏ ਖੁਦ ਨੂੰ ਭਾਜਪਾ 'ਚ ਮਿਲਾ ਲਵਾਂਗੇ। ਰਾਘਵ ਚੱਢਾ ਨੇ ਕਿਹਾ ਕਿ ਦੋ ਤਿਹਾਈ ਤੋਂ ਵੱਧ ਸੰਸਦ ਮੈਂਬਰ ਇਸ ਮੁਹਿੰਮ 'ਚ ਸਾਡੇ ਨਾਲ ਹਨ, ਉਨ੍ਹਾਂ ਨੇ ਹਸਤਾਖ਼ਰ ਕਰ ਦਿੱਤੇ ਹਨ, ਅੱਜ ਸਵੇਰੇ ਚੇਅਰਮੈਨ ਰਾਜ ਸਭਾ ਨੂੰ ਸਬਮਿਟ ਕਰ ਦਿੱਤੀ ਹੈ। ਰਾਘਵ ਚੱਢਾ ਨੇ ਕਿਹਾ ਕਿ ਅਸੀਂ ਇੱਥੇ ਆਪਣਾ ਕਰੀਅਰ ਬਣਾਉਣ ਲਈ ਨਹੀਂ ਆਏ, ਸਗੋਂ ਆਪਣਾ ਕਰੀਅਰ ਛੱਡ ਕੇ ਇੱਥੇ ਆਏ ਸੀ।" ਰਾਘਵ ਨੇ ਕਿਹਾ, "ਮੈਂ ਪਾਰਟੀ ਗਤੀਵਿਧੀਆਂ ਤੋਂ ਆਪਣੇ ਆਪ ਨੂੰ ਦੂਰ ਕਰ ਲਿਆ ਕਿਉਂਕਿ ਮੇਰੇ ਕੋਲ ਦੋ ਵਿਕਲਪ ਸਨ ਜਾਂ ਤਾਂ ਰਾਜਨੀਤੀ ਛੱਡੋ ਜਾਂ ਆਪਣਾ ਰਸਤਾ ਬਣਾਓ। ਜਿਸ 'ਆਪ' ਪਾਰਟੀ ਨੂੰ ਮੈਂ ਆਪਣੇ ਖ਼ੂਨ-ਪਸੀਨੇ ਨਾਲ ਸੀਂਚਿਆ, ਆਪਣੀ ਜਵਾਨੀ ਦੇ 15 ਸਾਲ ਸਮਰਪਿਤ ਕੀਤੇ, ਪਰ ਅੱਜ, ਆਮ ਲੋਕ 'ਆਪ' ਤੋਂ ਦੂਰ ਹੋ ਰਹੇ ਹਨ।" ਸੰਦੀਪ ਪਾਠਕ ਨੇ ਕਿਹਾ, "ਆਮ ਆਦਮੀ ਪਾਰਟੀ ਦੇ ਰਾਜ ਸਭਾ ਵਿੱਚ ਕੁੱਲ 10 ਸੰਸਦ ਮੈਂਬਰ ਹਨ, ਅਤੇ ਉਨ੍ਹਾਂ ਵਿੱਚੋਂ ਦੋ ਤਿਹਾਈ ਸਾਡੇ ਨਾਲ ਹਨ। ਅਸੀਂ ਰਾਜ ਸਭਾ ਚੇਅਰਮੈਨ ਨੂੰ ਆਪਣੇ ਦਸਤਖਤ ਸੌਂਪ ਦਿੱਵਤੇ ਹਨ। ਮੈਂ ਕਦੇ ਸੋਚਿਆ ਵੀ ਨਹੀਂ ਸੀ ਕਿ ਮੇਰੀ ਜ਼ਿੰਦਗੀ ਵਿੱਚ ਇਹ ਸਥਿਤੀ ਪੈਦਾ ਹੋਵੇਗੀ। ਮੈਂ ਇਸ ਪਾਰਟੀ ਨਾਲ 10 ਸਾਲਾਂ ਤੋਂ ਜੁੜਿਆ ਹੋਇਆ ਹਾਂ। ਅੱਜ, ਮੈਂ ਆਮ ਆਦਮੀ ਪਾਰਟੀ ਤੋਂ ਵੱਖ ਹੋ ਰਿਹਾ ਹਾਂ।"

## ਮੁੱਖ ਮੰਤਰੀ ਭਗਵੰਤ ਮਾਨ ਦਾ ਭਾਜਪਾ 'ਤੇ ਤਿੱਖਾ ਹਮਲਾ, ਕਿਹਾ - ਬੀਜੇਪੀ ਦੀ ਪੰਜਾਬ ਨਾਲ ਨਹੀਂ ਬਣਦੀ, ਲੋਕਾਂ ਨਾਲ ਕੀਤਾ ਧੋਖਾ



**ਚੰਡੀਗੜ੍ਹ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਰਾਘਵ ਚੱਢਾ ਅਤੇ ਸੰਦੀਪ ਪਾਠਕ ਸਮੇਤ ਆਮ ਆਦਮੀ ਪਾਰਟੀ ਦੇ 7 ਰਾਜ ਸਭਾ ਮੈਂਬਰਾਂ ਦੇ 'ਆਪ' ਛੱਡਣ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਭਾਰਤੀ ਜਨਤਾ ਪਾਰਟੀ 'ਤੇ ਤਿੱਖੇ ਹਮਲੇ ਬੋਲੇ ਹਨ। ਪ੍ਰੈੱਸ ਕਾਨਫ਼ਰੰਸ ਦੌਰਾਨ ਭਗਵੰਤ ਮਾਨ ਨੇ ਕਿਹਾ ਕਿ ਭਾਜਪਾ ਨੇ ਮੁੜ ਤੋਂ ਪੰਜਾਬੀਆਂ ਨਾਲ ਧੱਕਾ ਕੀਤਾ ਹੈ। ਭਾਜਪਾ ਨੇ ਸਾਡੇ ਰਾਜ ਸਭਾ ਮੈਂਬਰ ਆਪਣੇ ਨਾਲ ਰਲਾ ਲਏ, ਹੁਣ ਭਾਜਪਾ ਇਨ੍ਹਾਂ ਨੂੰ ਵਾਸ਼ਿੰਗ ਮਸ਼ੀਨ ਵਿਚ ਪਾਵੇਗੀ। ਭਾਜਪਾ ਨੇ ਦੇਣਾ ਇਨ੍ਹਾਂ ਨੂੰ ਕੁਝ ਨਹੀਂ ਹੈ। ਉਨ੍ਹਾਂ ਕਿਹਾ ਕਿ ਬੀਜੇਪੀ ਜਿਸ ਨਾਲ ਰਲੇਵਾਂ ਕਰਦੀ ਹੈ, ਉਸਨੂੰ ਖਾ ਜਾਂਦੀ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, "ਮੈਂ ਹਮੇਸ਼ਾ ਕਿਹਾ ਹੈ ਕਿ ਭਾਜਪਾ ਦੀ ਪੰਜਾਬੀਆਂ ਨਾਲ ਬਣਦੀ ਨਹੀਂ। ਇਹ ਉਸ ਚੀਜ਼ ਨੂੰ ਤੋੜਨ ਦੀ ਕੋਸ਼ਿਸ਼ ਕਰਦੀ ਹੈ, ਜੋ ਪੰਜਾਬੀਆਂ ਨੂੰ ਖ਼ੁਸ਼ ਕਰਦੀ ਹੈ। ਜਦੋਂ ਸਾਡੀ ਸਰਕਾਰ ਬਣੀ ਤਾਂ ਸਾਡੇ ਆਰਡੀਐਫ ਫੰਡ ਰੋਕ ਦਿੱਤੇ ਗਏ।" ਅਮਿਤ ਸ਼ਾਹ 'ਤੇ ਵੱਡਾ ਇਲਜ਼ਾਮ : ਇਸ ਤੋਂ ਪਹਿਲਾਂ ਪੰਜਾਬ ਦੀ ਆਮ ਆਦਮੀ ਪਾਰਟੀ ਨੇ ਸ਼ੁੱਕਰਵਾਰ ਨੂੰ ਭਾਜਪਾ 'ਤੇ ਵੱਡਾ ਇਲਜ਼ਾਮ ਲਗਾਇਆ ਹੈ। ਆਮ ਆਦਮੀ ਪਾਰਟੀ ਦੇ ਸੂਬਾ ਬੁਲਾਰੇ ਬਲਤੇਜ ਪੰਨੂ ਨੇ ਅੱਜ ਇੱਕ ਹੰਗਾਮੀ ਪ੍ਰੈਸ ਕਾਨਫਰੰਸ ਕਰਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ ਗੰਭੀਰ ਇਲਜ਼ਾਮ ਲਗਾਏ ਹਨ। ਪੰਨੂ ਨੇ ਦਾਅਵਾ ਕੀਤਾ ਹੈ ਕਿ ਭਾਰਤੀ ਜਨਤਾ ਪਾਰਟੀ ਆਮ ਆਦਮੀ ਪਾਰਟੀ ਨੂੰ ਤੋੜਨ ਲਈ ਨਵੀਂ ਸਾਜ਼ਿਸ਼ ਰਚ ਰਹੀ ਹੈ ਅਤੇ ਇਸ ਕੰਮ ਲਈ ਪਾਰਟੀ ਦੇ ਹੀ ਸੀਨੀਅਰ ਆਗੂ ਰਾਘਵ ਚੱਢਾ ਨੂੰ ਮੋਹਰੇ ਵਜੋਂ ਵਰਤਿਆ ਜਾ ਰਿਹਾ ਹੈ। ਬਲਤੇਜ ਪੰਨੂ ਨੇ ਸਿੱਧਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਅਮਿਤ ਸ਼ਾਹ, ਰਾਘਵ ਚੱਢਾ ਨੂੰ ਇੱਕ 'ਟੂਲ' (ਹਥਿਆਰ) ਵਾਂਗ ਵਰਤ ਰਹੇ ਹਨ।

## ਸਮਾਣ ਚ ਖ਼ਤਮ ਹੋਇਆ -ਧਰਮ ਯੁੱਧ ਮੋਰਚਾ', 400 ਫੁੱਟ ਉੱਚੇ ਮੋਬਾਈਲ ਟਾਵਰ 'ਤੋਂ ਹੇਠਾਂ ਉਤਰੇ ਗੁਰਜੀਤ ਸਿੰਘ ਖਾਲਸਾ



**ਸਮਾਣਾ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਮਾਣਾ ਪਿਛਲੇ ਲੰਬੇ ਸਮੇਂ ਤੋਂ ਚੱਲ ਰਿਹਾ ਧਰਮ ਯੁੱਧ ਮੋਰਚਾ ਆਖਿਰਕਾਰ ਸਮਾਪਤ ਹੋ ਗਿਆ ਹੈ। ਦੱਸ ਦਈਏ ਕਿ ਮੋਬਾਈਲ ਟਾਵਰ 'ਤੇ ਬੈਠੇ ਗੁਰਜੀਤ ਸਿੰਘ ਖਾਲਸਾ ਨੂੰ 400 ਫੁੱਟ ਟਾਵਰ ਤੋਂ ਸੁਰੱਖਿਅਤ ਹੇਠਾਂ ਉਤਾਰ ਲਿਆ ਗਿਆ ਹੈ। ਦੱਸ ਦਈਏ ਕਿ ਪ੍ਰਸ਼ਾਸਨ ਅਤੇ ਅਰਧ ਸੈਨਿਕ ਬਲਾਂ ਦੇ ਸੀਨੀਅਰ ਅਧਿਕਾਰੀ ਭਾਰਤ ਸੰਚਾਰ ਨਿਗਮ ਲਿਮਟਿਡ ਟਾਵਰ 'ਤੇ ਪਹੁੰਚੇ ਸੀ ਅਤੇ ਇਸ ਦੌਰਾਨ ਉਨ੍ਹਾਂ ਨੇ ਮੌਕੇ 'ਤੇ ਸਥਿਤੀ ਦਾ ਜਾਇਜ਼ਾ ਵੀ ਲਿਆ। ਇਸ ਮੌਕੇ ਧਰਨਾ ਪ੍ਰਦਰਸ਼ਨ 'ਚ ਗੁਰਜੀਤ ਸਿੰਘ ਖਾਲਸਾ ਦਾ ਸਹਿਯੋਗ ਦੇ ਰਹੇ ਸੰਗਤ ਨੂੰ ਬੜੀ ਹੀ ਬੇਸਬਰੀ ਨਾਲ ਉਨ੍ਹਾਂ ਦੇ ਹੇਠਾਂ ਉਤਰਨ ਦਾ ਇੰਤਜ਼ਾਰ ਸੀ। ਦੱਸ ਦਈਏ ਕਿ ਗੁਰਜੀਤ ਸਿੰਘ ਖਾਲਸਾ ਦੀ ਅਪੀਲ ਮਗਰੋਂ ਧਰਮ ਯੁੱਧ ਮੋਰਚੇ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਰਖਵਾਏ ਗਏ ਹਨ ਤੇ ਜਿਨ੍ਹਾਂ ਦੇ ਭੋਗ 24 ਅਪ੍ਰੈਲ ਨੂੰ ਪਾਏ ਜਾਣਗੇ ਇਸ ਤੋਂ ਬਾਅਦ ਧਰਨਾ ਸਮਾਪਤ ਹੋ ਜਾਵੇਗਾ। ਕਾਬਿਲੇਗੌਰ ਹੈ ਕਿ ਬੇਅਦਬੀਆਂ ਖਿਲਾਫ ਕਾਨੂੰਨ ਦੀ ਮੰਗ ਨੂੰ ਲੈ ਕੇ ਗੁਰਜੀਤ ਸਿੰਘ ਖਾਲਸਾ ਪਿਛਲੇ 18 ਮਹੀਨਿਆਂ ਤੋਂ ਬੀਐੱਸਐੱਨਐੱਲ ਦੇ 400 ਫੁੱਟ ਉੱਚੇ ਟਾਵਰ 'ਤੇ ਚੜ੍ਹੇ ਹੋਏ ਸੀ। ਦੂਜੇ ਪਾਸੇ ਉਨ੍ਹਾਂ ਦੇ ਸਮਰਥਨ ਵਿੱਚ 24 ਮਾਰਚ ਤੋਂ ਸਮਾਣਾ ਦੇ ਬਾਬਾ ਬੰਦਾ ਸਿੰਘ ਬਹਾਦਰ ਚੌਂਕ ਵਿੱਚ ਲਗਾਤਾਰ ਧਰਨਾ ਦਿੱਤਾ ਜਾ ਰਿਹਾ ਸੀ। ਇਸੇ ਮੰਗ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਵਿਸਾਖੀ ਮੌਕੇ ਵਿਸ਼ੇਸ਼ ਇਜਲਾਸ ਬੁਲਾ ਕੇ ਇਸ ਬੇਅਦਬੀਆਂ ਖਿਲਾਫ ਕਾਨੂੰਨ ਨੂੰ ਪਾਸ ਕਰਵਾਇਆ ਗਿਆ ਜਿਸ 'ਤੇ ਹੁਣ ਰਾਜਪਾਲ ਦੀ ਮੋਹਰ ਲੱਗ ਚੁੱਕੀ ਹੈ।

## ਪੰਜਾਬ ਸਣੇ ਪੂਰੇ ਉੱਤਰ ਭਾਰਤ 'ਚ ਅੱਤ ਦੀ ਗਰਮੀ ਦਾ ਕਹਿਰ, 44 ਡਿਗਰੀ ਪਹੁੰਚਿਆ ਤਾਪਮਾਨ



**ਚੰਡੀਗੜ੍ਹ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਲਗਾਤਾਰ ਗਰਮੀ ਵਧਦੀ ਜਾ ਰਹੀ ਹੈ। ਜਿਸ ਕਾਰਨ ਲੋਕਾਂ ਦਾ ਘਰੋਂ ਬਾਹਰ ਨਿਕਲਣਾ ਔਖਾ ਹੋਇਆ ਪਿਆ ਹੈ। ਪੰਜਾਬ ਵਿੱਚ ਅੱਜ ਵੱਧ ਤੋਂ ਵੱਧ ਤਾਪਮਾਨ 44 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ ਹੈ, ਜੋ ਆਮ ਨਾਲੋਂ 3 ਤੋਂ 4 ਡਿਗਰੀ ਸੈਲਸੀਅਸ ਵੱਧ ਹੈ। ਗਰਮੀ ਕਾਰਨ ਆਮ ਜਨਜੀਵਨ ਪ੍ਰਭਾਵਿਤ ਹੋਇਆ ਹੈ। ਤਪਸ਼ ਵਧਣ ਕਾਰਨ ਲੋਕਾਂ ਦਾ ਘਰ ਤੋਂ ਬਾਹਰ ਨਿਕਲਣਾ ਮੁਸ਼ਕਲ ਹੋ ਗਿਆ ਹੈ। ਹਾਲਾਂਕਿ ਕਣਕਾਂ ਦੀ ਵਾਢੀ ਆਖਰੀ ਪੜਾਅ ਵਿੱਚ ਦਾਖਲ ਹੋ ਗਈ ਹੈ। ਮੌਸਮ ਵਿਭਾਗ ਨੇ 24 ਤੇ 25 ਅਪ੍ਰੈਲ ਨੂੰ ਤਿੱਖੀ ਗਰਮੀ ਪੈਣ ਦੀ ਪੇਸ਼ੀਨਗੋਈ ਕੀਤੀ ਹੈ। ਇਸ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਹਾਲਾਂਕਿ ਇਸ ਤੋਂ ਬਾਅਦ 26 ਤੋਂ 28 ਅਪ੍ਰੈਲ ਦਰਮਿਆਨ ਪੰਜਾਬ ਦੇ ਕਈ ਹਿੱਸਿਆ ਵਿੱਚ ਮੌਸਮ ਦਾ ਮਿਜ਼ਾਜ ਬਦਲ ਸਕਦਾ ਹੈ। ਇਸ ਦੌਰਾਨ ਕਈ ਥਾਵਾਂ 'ਤੇ 30 ਤੋਂ 40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਹਵਾਵਾਂ ਚੱਲ ਸਕਦੀਆਂ ਹਨ ਤੇ ਬਿਜਲੀ ਲਿਸ਼ਕਣ ਦੇ ਨਾਲ ਕਿਣ-ਮਿਣ ਵੀ ਹੋ ਸਕਦੀ ਹੈ। ਖ਼ਬਰਾਂ ਸਬਸਕ੍ਰਿਪਸ਼ਨ ਮੌਸਮ ਵਿਭਾਗ ਅਨੁਸਾਰ ਪੰਜਾਬ ਵਿੱਚ ਅੱਜ ਬਠਿੰਡਾ ਦਾ ਵੱਧ ਤੋਂ ਵੱਧ ਤਾਪਮਾਨ 44 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ, ਜਦਕਿ ਚੰਡੀਗੜ੍ਹ ਦਾ ਤਾਪਮਾਨ 40 ਡਿਗਰੀ, ਅੰਮ੍ਰਿਤਸਰ ਦਾ 40.1 ਡਿਗਰੀ, ਲੁਧਿਆਣਾ ਦਾ 40.6 ਡਿਗਰੀ, ਪਟਿਆਲਾ ਦਾ 41.6 ਡਿਗਰੀ, ਫਰੀਦਕੋਟ ਦਾ 42 ਡਿਗਰੀ, ਗੁਰਦਾਸਪੁਰ 40.5 ਡਿਗਰੀ, ਫਾਜ਼ਿਲਕਾ ਤੇ ਫਿਰੋਜ਼ਪੁਰ ਦਾ 40.2 ਡਿਗਰੀ, ਰੂਪਨਗਰ ਦਾ 41.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

## ਸੱਜਣ ਕੁਮਾਰ ਨੂੰ ਝਟਕਾ, ਸੁਪਰੀਮ ਕੋਰਟ ਨੇ ਜ਼ਮਾਨਤ ਦੇਣ ਤੋਂ ਕੀਤਾ ਇਨਕਾਰ



**ਨਵੀਂ ਦਿੱਲੀ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਨੂੰ ਨਵੀਂ ਦਿੱਲੀ ਵਿੱਚ 1984 ਦੇ ਸਿੱਖ ਕਤਲੇਆਮ ਨਾਲ ਸਬੰਧਤ ਇੱਕ ਮਾਮਲੇ ਵਿੱਚ ਸੁਪਰੀਮ ਕੋਰਟ ਤੋਂ ਵੱਡਾ ਝਟਕਾ ਲੱਗਾ ਹੈ। ਸੁਪਰੀਮ ਕੋਰਟ ਨੇ ਉਨ੍ਹਾਂ ਦੀ ਅੰਤਰਿਮ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ ਹੈ, ਜਿਸ ਕਾਰਨ ਉਨ੍ਹਾਂ ਨੂੰ ਫਿਲਹਾਲ ਜੇਲ੍ਹ ਵਿੱਚ ਰਹਿਣਾ ਪਿਆ ਹੈ। ਸੱਜਣ ਕੁਮਾਰ ਇਸ ਸਮੇਂ 1984 ਦੇ ਦੰਗਿਆਂ ਨਾਲ ਸਬੰਧਤ ਕਈ ਮਾਮਲਿਆਂ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਹੈ।2018 ਵਿੱਚ, ਦਿੱਲੀ ਹਾਈ ਕੋਰਟ ਨੇ ਉਨ੍ਹਾਂ ਨੂੰ ਪਾਲਮ ਕਲੋਨੀ ਵਿੱਚ ਪੰਜ ਸਿੱਖਾਂ ਦੇ ਕਤਲ ਲਈ ਦੋਸ਼ੀ ਠਹਿਰਾਇਆ ਅਤੇ ਉਮਰ ਕੈਦ ਦੀ ਸਜ਼ਾ ਸੁਣਾਈ। ਇਸ ਤੋਂ ਬਾਅਦ, 2025 ਵਿੱਚ, ਉਨ੍ਹਾਂ ਨੂੰ ਸਰਸਵਤੀ ਵਿਹਾਰ ਹਿੰਸਾ ਅਤੇ ਕਤਲ ਦੀ ਸਾਜ਼ਿਸ਼ ਨਾਲ ਸਬੰਧਤ ਇੱਕ ਹੋਰ ਮਾਮਲੇ ਵਿੱਚ ਵੀ ਉਮਰ ਕੈਦ ਦੀ ਸਜ਼ਾ ਸੁਣਾਈ ਗਈ। ਵੀਡੀਓ ਅੱਪਡੇਟ ਸਾਬਕਾ ਕਾਂਗਰਸ ਸੰਸਦ ਮੈਂਬਰ ਨੇ ਆਪਣੀ ਸਿਹਤ ਅਤੇ ਉਮਰ ਦਾ ਹਵਾਲਾ ਦਿੰਦੇ ਹੋਏ ਅੰਤਰਿਮ ਜ਼ਮਾਨਤ ਦੀ ਮੰਗ ਕੀਤੀ ਸੀ। ਉਨ੍ਹਾਂ ਦਲੀਲ ਦਿੱਤੀ ਕਿ ਉਨ੍ਹਾਂ ਨੂੰ ਲੰਬੀ ਕੈਦ ਅਤੇ ਸਿਹਤ ਸਮੱਸਿਆਵਾਂ ਕਾਰਨ ਰਾਹਤ ਦਿੱਤੀ ਜਾਣੀ ਚਾਹੀਦੀ ਹੈ। ਹਾਲਾਂਕਿ, ਸੁਪਰੀਮ ਕੋਰਟ ਨੇ ਮਾਮਲੇ ਨੂੰ ਗੰਭੀਰ ਮੰਨਦੇ ਹੋਏ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ। ਅਦਾਲਤ ਨੇ ਕਿਹਾ ਕਿ ਇਸ ਮਾਮਲੇ ਵਿੱਚ ਬਹੁਤ ਗੰਭੀਰ ਅਪਰਾਧ ਸ਼ਾਮਲ ਹਨ ਜਿਸ ਦੇ ਨਤੀਜੇ ਵਜੋਂ ਵੱਡੇ ਪੱਧਰ 'ਤੇ ਜਾਨਾਂ ਗਈਆਂ ਸਨ, ਅਤੇ ਇਸ ਸਮੇਂ ਕੋਈ ਵੀ ਰਾਹਤ ਢੁਕਵੀਂ ਨਹੀਂ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਉਹ ਆਪਣੀ ਅਪੀਲ ਦੀ ਅੰਤਿਮ ਸੁਣਵਾਈ ਤੱਕ ਜੇਲ੍ਹ ਵਿੱਚ ਹੀ ਰਹੇਗਾ। ਕਾਬਿਲੇਗੌਰ ਹੈ ਕਿ 1984 ਦਾ ਸਿੱਖ ਕਤਲੇਆਮ ਦੇਸ਼ ਦੀਆਂ ਸਭ ਤੋਂ ਦਰਦਨਾਕ ਅਤੇ ਸੰਵੇਦਨਸ਼ੀਲ ਘਟਨਾਵਾਂ ਵਿੱਚੋਂ ਇੱਕ ਹਨ। ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ, ਦੇਸ਼ ਦੇ ਕਈ ਹਿੱਸਿਆਂ ਵਿੱਚ ਹਿੰਸਾ ਭੜਕ ਗਈ, ਜਿਸ ਦੇ ਨਤੀਜੇ ਵਜੋਂ ਹਜ਼ਾਰਾਂ ਸਿੱਖਾਂ ਦੀ ਮੌਤ ਹੋ ਗਈ ਅਤੇ ਵਿਆਪਕ ਨੁਕਸਾਨ ਹੋਇਆ। ਜਾਂਚ ਅਤੇ ਮੁਕੱਦਮਾ ਕਈ ਸਾਲਾਂ ਤੱਕ ਚੱਲਿਆ, ਜਿਸ ਕਾਰਨ ਸਜ਼ਾਵਾਂ ਹੋਈਆਂ। ਸੱਜਣ ਕੁਮਾਰ ਦਾ ਕੇਸ ਵੀ ਲੰਬੇ ਸਮੇਂ ਤੋਂ ਅਦਾਲਤਾਂ ਵਿੱਚ ਲੰਬਿਤ ਹੈ। ਸੁਪਰੀਮ ਕੋਰਟ ਦੇ ਇਸ ਫੈਸਲੇ ਨਾਲ ਪੀੜਤ ਪਰਿਵਾਰਾਂ ਨੂੰ ਕੁਝ ਰਾਹਤ ਮਿਲੀ ਹੈ, ਹਾਲਾਂਕਿ ਉਹ ਅਜੇ ਵੀ ਪੂਰੇ ਇਨਸਾਫ ਦੀ ਉਡੀਕ ਕਰ ਰਹੇ ਹਨ।

# ਭੋਗ ਤੇ ਅਰਦਾਸ ਸਮਾਗਮ



ਆਵਾਜ਼ਿ ਕੌਮ AWAZE QAUM International Newspaper & WEB TV

ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ, ਸੱਚਖੰਡ ਵਾਸੀ ਬਾਬਾ ਜੋਗਿੰਦਰ ਸਿੰਘ ਜੀ ਦੇ ਪੋਤਰੇ, ਅਮਰ ਸ਼ਹੀਦ ਭਾਈ ਜੰਗੀਰ ਸਿੰਘ ਦੇ ਸਪੁੱਤਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਛੋਟੇ ਭਰਾ, ਭਾਈ ਜਗਤਾਰ ਸਿੰਘ ਰੋਡੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੁਪਤਨੀ

## ਬੀਬੀ ਪਰਮਜੀਤ ਕੌਰ

ਜੋ 19 ਅਪ੍ਰੈਲ, 2026 ਦਿਨ ਐਤਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ।

ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਅਤੇ ਅਰਦਾਸ ਸਮਾਗਮ ਮਿਤੀ 28 ਅਪ੍ਰੈਲ, 2026 ਦਿਨ ਮੰਗਲਵਾਰ, ਦੁਪਹਿਰ 12.00 ਤੋਂ 2.30 ਵਜੇ ਤੱਕ ਪਿੰਡ ਰੋਡੇ ਦੇ ਗੁਰਦੁਆਰਾ ਸੰਤ ਖਾਲਸਾ (ਜਨਮ ਅਸਥਾਨ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ) ਜ਼ਿਲ੍ਹਾ ਮੋਗਾ ਵਿਖੇ ਹੋਵੇਗੀ।

### ਗੁਰੂ ਦੇ ਭਾਣੇ ਵਿੱਚ

ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਭਾਈ ਜਗਤਾਰ ਸਿੰਘ ਰੋਡੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਬਾਬਾ ਪਰਿਵਾਰ। (ਮੋ: 98140-29018)

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ



☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।




ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

### ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਸੱਚੀ ਗਾਥਾ

# ਗੁਰਦੁਆਰਾ ਦਾਦੂ ਸਾਹਿਬ ਵਿਖੇ ਮੱਥਾ ਟੇਕਣ ਪੁੱਜੇ ਕਨੇਡਾ ਨਿਵਾਸੀ ਜੱਗੀ ਸਿੱਧੂ ਦੇ ਜੀਵਨ ਦੀ ਬੜੀ ਦਿਲਚਸਪ ਹੈ ਕਹਾਣੀ

## ਜਥੇਦਾਰ ਦਾਦੂਵਾਲ ਜੀ ਦਾ ਵਾਰ-ਵਾਰ ਧੰਨਵਾਦ ਕਰਦਾ ਨਹੀਂ ਥੱਕਦਾ ਜੱਗੀ ਸਿੱਧੂ




ਘਟਨਾ ਕੋਈ ਸੰਨ 2002 ਦੇ ਕਰੀਬ ਦੀ ਹੈ ਜਦੋਂ ਰਾਜਸਥਾਨ ਦੇ ਸ਼ਹਿਰ ਜੈਪੁਰ ਵਿੱਚ ਟਰਾਂਸਪੋਰਟ ਦਾ ਕਾਰੋਬਾਰ ਕਰਦੇ ਗੁਰੂਘਰ ਦੇ ਸ਼ਰਧਾਲੂ ਸਿੱਖ ਸਰਦਾਰ ਭਾਨ ਸਿੰਘ ਦਿੱਲੀ ਮਕਰਾਣਾ ਟਰਾਂਸਪੋਰਟ ਦਾ ਸਪੁੱਤਰ ਜੱਗੀ ਸਿੱਧੂ ਵਿਰੋਧੀਆਂ ਨੇ ਬੜੀ ਸਾਜਿਸ਼ ਦੇ ਤਹਿਤ ਇੱਕ ਵੱਡੇ ਜ਼ੁਰਮ ਡਾਕਾ ਕਤਲ ਏਕੇ 47 ਦੇ ਝੂਠੇ ਕੇਸਾਂ ਵਿੱਚ ਫਸਾ ਕੇ ਜੈਪੁਰ ਦੀ ਸਾਗਾਂਨੇਰ ਜੇਲ ਵਿੱਚ ਨਜ਼ਰਬੰਦ ਕਰਵਾ ਦਿੱਤਾ ਸੀ ਜਦੋਂ ਇਹ ਵਰਤਾਰਾ ਵਰਤਿਆ ਦਾ ਪੂਰੇ ਜੈਪੁਰ ਦੇ ਸਿੱਖ ਸਮਾਜ ਵਿੱਚ ਹਾਹਾਕਾਰ ਮੱਚ ਗਈ ਸੀ ਸਰਦਾਰ ਭਾਨ ਸਿੰਘ ਤੇ ਉਸਦੀ ਧਰਮ ਸੁਪਤਨੀ ਵੀ ਹੈਰਾਨ ਹੋ ਗਏ ਕੇ ਉਨਾਂ ਨਾਲ ਇਹ ਕੀ ਭਾਣਾ ਵਾਪਰਿਆ ਹੈ ਦੋਨਾਂ ਨੇ ਭੁੱਖ ਹੜਤਾਲ ਕਰਕੇ ਮਰਨ ਦਾ ਐਲਾਨ ਕਰ ਦਿੱਤਾ ਕੇ ਸਾਡਾ ਪੁੱਤਰ ਤਾਂ ਬੇਕਸੂਰ ਹੈ ਸਦਾ ਸਾਡੇ ਕੋਲ ਰਹਿੰਦਾ ਸੀ ਉਹ ਅਜਿਹੀਆਂ ਘਟਨਾਵਾਂ ਵਿੱਚ ਕਿਵੇਂ ਸ਼ਾਮਿਲ ਹੋ ਸਕਦਾ ਹੈ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਜੈਪੁਰ ਵਿੱਚ ਆਪਣੇ ਜਥੇ ਸਮੇਤ ਪੁੱਜ ਕੇ ਹਫਤਾ ਹਫਤਾ ਕਥਾ ਕੀਰਤਨ ਦੀਵਾਨ ਸਜਾਇਆ ਕਰਦੇ ਸਨ ਅਤੇ ਹਜ਼ਾਰਾ ਸਿੱਖ ਸੰਗਤਾਂ ਆਨੰਦ ਮਾਣਿਆ ਕਰਦੀਆਂ ਸਨ ਸਰਦਾਰ ਭਾਨ ਸਿੰਘ ਸਮੇਤ ਪਰੀਵਾਰ ਜਥੇਦਾਰ ਦਾਦੂਵਾਲ ਜੀ ਦਾ ਬਹੁਤ ਸ਼ਰਧਾਲੂ ਸੀ ਤਾਂ ਫਿਰ ਜੈਪੁਰ ਵਿੱਚ ਵੱਸਦੇ ਸਿੱਖ ਪ੍ਰੀਵਾਰਾਂ ਦੇ ਆਗੂਆਂ ਨੇ ਸਰਦਾਰ ਜਸਵੰਤ ਸਿੰਘ ਜੈਪੁਰ ਮੰਡਾਵਰ ਮਹੂਆ ਟਰਾਂਸਪੋਰਟ ਦੀ ਅਗਵਾਈ ਵਿੱਚ ਇੱਕ ਵਫ਼ਦ ਲੈ ਕੇ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਪੁੱਜ ਕੇ ਜਥੇਦਾਰ ਦਾਦੂਵਾਲ ਜੀ ਨਾਲ ਮੁਲਾਕਾਤ ਕੀਤੀ ਤੇ ਸਾਰੀ ਘਟਨਾ ਤੋਂ ਜਾਣੂ ਕਰਵਾਇਆ ਅਤੇ ਬੇਨਤੀ ਕੀਤੀ ਕੇ ਜੇਕਰ ਬੇਕਸੂਰ ਨੌਜਵਾਨ ਦੀ ਬੰਦਖਲਾਸੀ ਨਾ ਹੋਈ ਤਾਂ ਨੌਜਵਾਨ ਜੇਲ ਵਿੱਚ ਲੰਬਾ ਸਮਾਂ ਸੜੇਗਾ ਅਤੇ ਉਸਦੇ ਮਾਂ ਬਾਪ ਭੁੱਖ ਹੜਤਾਲ ਕਰਕੇ ਆਪਣੀ ਜਾਨ ਦੇ ਦੇਣਗੇ ਵਫ਼ਦ ਨੇ ਜਥੇਦਾਰ ਦਾਦੂਵਾਲ ਜੀ ਨੂੰ ਬੇਨਤੀ ਕੀਤੀ ਕੇ ਬੇਕਸੂਰ ਸਿੱਖ ਨੌਜਵਾਨ ਅਤੇ ਉਸਦੇ ਪ੍ਰੀਵਾਰ ਨੂੰ ਬਚਾਉਣ ਲਈ ਸਾਡੀ ਮੱਦਦ ਕੀਤੀ ਜਾਵੇ ਤਾਂ ਫਿਰ ਤੁਰੰਤ ਸਿੱਖ ਪੰਥ ਦੇ ਪ੍ਰਚਾਰ ਪ੍ਰਸਾਰ ਨੂੰ ਸਮਰਪਿਤ ਹਮੇਸ਼ਾ ਲੋੜਵੰਦਾਂ ਦੀਨ ਦੁਖੀਆਂ ਦੀ ਬਾਂਹ ਫੜਨ ਵਾਲੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸੰਗਤਾਂ ਸਮੇਤ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਨੂੰ ਮੱਥਾ ਟੇਕਿਆ ਅਕਾਲ ਪੁਰਖ ਵਾਹਿਗੁਰੂ ਅੱਗੇ ਮਸਲੇ ਦੇ ਹੱਲ ਲਈ ਸਫ਼ਲਤਾ ਦੀ ਅਰਦਾਸ ਕੀਤੀ ਅਤੇ ਬੇਕਸੂਰ ਸਿੱਖ ਨੌਜਵਾਨ ਉਸਦੇ ਪ੍ਰੀਵਾਰ ਦੀ ਜਾਨ ਬਚਾਉਣ ਲਈ ਕੰਮ ਆਰੰਭ ਕਰ ਦਿੱਤਾ ਜਥੇਦਾਰ ਦਾਦੂਵਾਲ ਜੀ ਨੇ ਦੇਸ਼ ਦੇ ਸਾਬਕਾ ਗ੍ਰਹਿ ਮੰਤਰੀ ਅਤੇ ਉਸ ਵੇਲੇ ਜਲੌਰ ਰਾਜਸਥਾਨ ਤੋਂ ਮੈਂਬਰ ਪਾਰਲੀਮੈਂਟ ਸਰਦਾਰ ਬੂਟਾ ਸਿੰਘ ਨਾਲ ਫੋਨ ਤੇ ਰਾਬਤਾ ਕਾਇਮ ਕੀਤਾ ਅਤੇ ਆਪਣੇ ਸਾਰੇ ਰੁਝੇਵੇਂ ਛੱਡ ਕੇ ਤੁਰੰਤ ਦਿੱਲੀ ਪਹੁੰਚ ਕੀਤੀ ਫਿਰ ਦਿੱਲੀ ਤੋਂ ਸਰਦਾਰ ਬੂਟਾ ਸਿੰਘ ਜੀ ਨੂੰ ਨਾਲ ਲੈ ਕੇ ਬਾਏ ਰੋਡ 250-300 ਦੇ ਕਰੀਬ ਰਸਤਾ ਤੈਅ ਕਰਕੇ ਜੈਪੁਰ ਸ਼ਹਿਰ ਪਹੁੰਚ ਗਏ ਇਸ ਸਮੇਂ ਸਰਦਾਰ ਬੂਟਾ ਸਿੰਘ ਦੇ ਸਪੁੱਤਰ ਸਰਬਜੋਤ ਸਿੰਘ ਅਤੇ ਉਨਾਂ ਦੇ ਭਰੋਸੇਯੋਗ ਨਿਕਟਵਰਤੀ ਸੁਖਜੀਤ ਸਿੰਘ ਨੀਨਾ ਚਹਿਲ ਨਰਿੰਦਰਪੁਰਾ ਮਾਨਸਾ ਵੀ ਨਾਲ ਸਨ ਸਰਦਾਰ ਬੂਟਾ ਸਿੰਘ ਅਤੇ ਜਥੇਦਾਰ ਦਾਦੂਵਾਲ ਜੀ ਨੇ ਜਦੋਂ ਜੈਪੁਰ ਸ਼ਹਿਰ ਵਿਖੇ ਪਰਵੇਸ਼ ਕੀਤਾ ਤਾਂ ਜੈਪੁਰ ਨਿਵਾਸੀ ਸਿੱਖ ਸਰਦਾਰਾਂ ਨੇ ਸੈਂਕੜੇ ਗੱਡੀਆਂ ਦੇ ਕਾਫਲੇ ਨਾਲ ਅੱਗੋਂ ਪੁੱਜ ਕੇ ਉਨਾਂ ਦਾ ਸਵਾਗਤ ਕੀਤਾ ਅਤੇ ਜੈਪੁਰ ਦੇ ਪ੍ਰਸਿੱਧ ਨੀਲਮ ਹੋਟਲ ਵਿਖੇ ਪਹੁੰਚ ਗਏ ਜਥੇਦਾਰ ਦਾਦੂਵਾਲ ਜੀ ਅਤੇ ਸਰਦਾਰ ਬੂਟਾ ਸਿੰਘ ਦਿੱਲੀ ਤੋਂ ਦਾਦੂਵਾਲ ਜੀ ਦੀ ਟਾਟਾ ਸਫਾਰੀ ਤੇ ਸਰਦਾਰ ਬੂਟਾ ਸਿੰਘ ਜੀ ਦੀ ਟਯੋਟਾ ਕੁਆਲਿਸ 2 ਗੱਡੀਆਂ ਤੇ ਹੀ ਜੈਪੁਰ ਪੁੱਜੇ ਸਨ ਪਰ ਜਦੋਂ ਇੱਕ ਘੰਟਾ ਰੁਕ ਕੇ ਜਲ ਪਾਣੀ ਛਕਣ ਉਪਰੰਤ ਰਾਜਸਥਾਨ ਦੇ ਡੀਜੀਪੀ ਜੋ ਸ਼ਾਇਦ ਕੈਪਟਨ ਅਮਰਿੰਦਰ ਸਿੰਘ ਦੇ ਜੀਜੇ ਨਟਵਰ ਸਿੰਘ ਦਾ ਭਰਾ ਚੌਧਰੀ ਸਾਂਤਨੂੰ ਸ਼ਰਮਾ ਸੀ ਨੂੰ ਮਿਲਣ ਵਾਸਤੇ ਜਾਣਾ ਸੀ ਤਾਂ ਸਰਦਾਰ ਬੂਟਾ ਸਿੰਘ ਜੀ ਭਾਰਤ ਦੇ ਸਾਬਕਾ ਗ੍ਰਹਿ ਮੰਤਰੀ ਹੋਣ ਕਾਰਣ ਪ੍ਰੋਟੋਕਾਲ ਲੱਗ ਗਿਆ ਤੇ 10 - 12 ਦੇ ਕਰੀਬ ਸਰਕਾਰੀ ਅੰਬੈਸਡਰ ਗੱਡੀਆਂ ਤੇ ਸਪੈਸ਼ਲ ਸਿਕਿਉਰਟੀ ਪੁੱਜ ਗਈ ਜਥੇਦਾਰ ਦਾਦੂਵਾਲ ਜੀ ਅਤੇ ਸਰਦਾਰ ਬੂਟਾ ਸਿੰਘ ਆਪਣੀਆਂ ਗੱਡੀਆਂ ਛੱਡ ਉਨਾਂ ਗੱਡੀਆਂ ਤੇ ਸਵਾਰ ਹੋ ਕੇ ਡੀਜੀਪੀ ਰਾਜਸਥਾਨ ਪੁਲਿਸ ਦਫ਼ਤਰ ਵਿਖੇ ਪੁੱਜੇ ਇੱਕੋ ਕਾਰ ਦੀ ਪਿਛਲੀ ਸੀਟ ਤੇ ਇਕੱਠੇ ਬੈਠ ਕੇ ਸਫ਼ਰ ਕਰਦਿਆਂ ਰਸਤੇ ਵਿੱਚ ਦਾਦੂਵਾਲ ਜੀ ਨੇ ਸਰਦਾਰ ਬੂਟਾ ਸਿੰਘ ਜੀ ਨੂੰ ਸਵਾਲ ਕੀਤਾ ਕੇ ਜਦੋਂ ਤੁਸੀਂ ਭਾਰਤ ਦੇ ਗ੍ਰਹਿ ਮੰਤਰੀ ਸੀ ਉਸ ਵੇਲੇ ਦੀ ਕੋਈ ਗੱਲਬਾਤ ਸਾਂਝੀ ਕਰੋ ਤਾਂ ਉਨਾਂ ਕਿਹਾ ਕੇ ਉਹ ਸਮਾਂ ਸੀ ਜਦੋਂ ਪੂਰੇ ਭਾਰਤ ਵਿੱਚ ਕਿਸੇ ਨੂੰ ਫਾਂਸੀ ਵੀ ਮੇਰੇ ਦਸਤਖਤਾਂ ਨਾਲ ਹੁੰਦੀ ਤੇ ਟੁੱਟਦੀ ਸੀ ਤਾਂ ਮੈਂ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਚਰਨਾਂ ਵਿੱਚ ਸ੍ਰੀ ਅਨੰਦਪੁਰ ਸਾਹਿਬ ਹਾਜ਼ਰ ਹੋ ਕੇ ਅਰਦਾਸ ਕੀਤੀ ਕੇ ਮਾਲਕਾ ਇੱਕ ਗਰੀਬ ਦੇ ਘਰ ਪੈਂਦਾ ਹੋਏ ਬੱਚੇ ਨੂੰ ਤੂੰ ਕਿੰਨੀ ਵੱਡੀ ਤਾਕਤ ਬਖਸ਼ੀ ਹੈ ਕੇ "ਇਨ ਗਰੀਬ ਸਿੱਖਨਿ ਕੋ ਦੂੰ ਪਾਤਸ਼ਾਹੀ,ਜੇ ਯਾਦ ਕਰੈਂ ਹਮਰੀ ਗੁਰਿਆਈ" ਮੈਂ ਕਿਹਾ ਕੇ ਮਾਲਕਾ ਮੈਨੂੰ ਬਖ਼ਸ਼ ਲੈ ਕਿਸੇ ਦੀ ਜਾਨ ਲੈਣੀ ਜਾਂ ਦੇਣੀ ਇਹ ਤੇਰਾ ਅਧਿਕਾਰ ਹੈ ਗੱਲਬਾਤ ਕਰਦੇ ਡੀਜੀਪੀ ਦਫ਼ਤਰ ਪਹੁੰਚ ਗਏ ਦੇਸ਼ ਦੇ ਸਾਬਕਾ ਗ੍ਰਹਿ ਮੰਤਰੀ ਹੋਣ ਕਾਰਣ ਡੀਜੀਪੀ ਦਫ਼ਤਰ ਦੇ ਬਾਹਰ ਉਨਾਂ ਨੂੰ ਲੈਣ ਵਾਸਤੇ ਆਏ ਤੇ ਦਫਤਰ ਵਿੱਚ ਸਤਿਕਾਰ ਨਾਲ ਬਿਠਾਇਆ ਸਪੈਸ਼ਲ ਆਓ ਭਗਤ ਕਰਦਿਆਂ ਜਲ ਪਾਣੀ ਛਕਾਇਆ ਮੈਨੂੰ ਯਾਦ ਹੈ ਉਸ ਵੇਲੇ ਸਰਦਾਰ ਬੂਟਾ ਸਿੰਘ ਨੇ ਸ਼ੂਗਰ ਹੋਣ ਕਾਰਨ ਬਗੈਰ ਮਿੱਠੇ ਤੋਂ ਚਾਹ ਦੀ ਇੱਛਾ ਜ਼ਾਹਰ ਕੀਤੀ ਤਾਂ ਡੀਜੀਪੀ ਰਾਜਸਥਾਨ ਨੇ ਹੱਸਕੇ ਕਿਹਾ ਕੇ ਸਰਦਾਰ ਸਾਹਿਬ ਸ਼ੂਗਰ ਤਾਂ ਅਮੀਰਾਂ ਦਾ ਗਹਿਣਾ ਹੁੰਦੀ ਹੈ ਗਰੀਬ ਬੰਦੇ ਨੂੰ ਸ਼ੂਗਰ ਨੇ ਕੀ ਹੋਣਾ ਹੈ ਸ਼ੂਗਰ ਤਾਂ ਖਾਂਦੇ ਪੀਂਦੇ ਘਰਾਂ ਦੇ ਅਮੀਰਾਂ ਨੂੰ ਹੀ ਆਪਣੀ ਗ੍ਰਿਫ਼ਤ ਵਿੱਚ ਲੈਂਦੀ ਹੈ ਦਫ਼ਤਰ ਦਾ ਮਾਹੌਲ ਹਾਸੇ ਮਖੌਲ ਵਾਲਾ ਬਣ ਗਿਆ ਚਾਹ ਪਾਣੀ ਲੈਣ ਤੋਂ ਬਾਅਦ ਡੀਜੀਪੀ ਰਾਜਸਥਾਨ ਨੇ ਆਉਣ ਦਾ ਕਾਰਨ ਪੁੱਛਿਆ ਤਾਂ ਜਥੇਦਾਰ ਦਾਦੂਵਾਲ ਜੀ ਨੇ ਨੌਜਵਾਨ ਜੱਗੀ ਸਿੱਧੂ ਦੇ ਬੇਕਸੂਰ ਹੋਣ ਦੀ ਸਾਰੀ ਗਾਥਾ ਡੀਜੀਪੀ ਨੂੰ ਦੱਸੀ ਡੀਜੀਪੀ ਨੇ ਸਾਰੀ ਵਾਰਤਾ ਨੂੰ ਬੜੇ ਧਿਆਨ ਨਾਲ ਸੁਣਿਆ ਤਾਂ ਫਿਰ ਸਰਦਾਰ ਬੂਟਾ ਸਿੰਘ ਨੇ ਕਿਹਾ ਕੇ ਡੀਜੀਪੀ ਸਾਹਿਬ ਜੋ ਜਥੇਦਾਰ ਦਾਦੂਵਾਲ ਜੀ ਨੇ ਬਿਆਨ ਕੀਤਾ ਹੈ ਇਹ ਬਿਲਕੁਲ ਸੱਚ ਹੈ ਅਤੇ ਇਸ ਨੌਜਵਾਨ ਦੀ ਜ਼ਿੰਦਗੀ ਬਚਾਉਣ ਲਈ ਅੱਜ ਇਹ ਮੈਨੂੰ ਦਿੱਲੀ ਤੋਂ ਲੈ ਕੇ ਤੁਹਾਡੇ ਕੋਲ ਆਏ ਹਨ ਤਾਂ ਡੀਜੀਪੀ ਨੇ ਇਸ ਕੇਸ ਦਾ ਸਟੇਟਸ ਆਪਣੇ ਮਹਿਕਮੇਂ ਤੋਂ ਪੁਛਿਆ ਫੇਰ ਕਿਹਾ ਕੇ ਸਰਦਾਰ ਸਾਹਿਬ ਇੱਕ ਦੋ ਮਹੀਨਿਆਂ ਦੇ ਅੰਦਰ ਅੰਦਰ ਇਹ ਨੌਜਵਾਨ ਜੇਲ ਦੀਆਂ ਸਲਾਖਾਂ ਤੋਂ ਬਾਹਰ ਹੋਵੇਗਾ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਡੀਜੀਪੀ ਸਾਹਿਬ ਲੇਕਿਨ ਬੇਕਸੂਰ ਨੌਜਵਾਨ ਨੂੰ ਇੱਕ ਮਹੀਨਾ ਵੀ ਜੇਲ ਵਿੱਚ ਰੱਖਣਾ ਉਸ ਨਾਲ ਬੇਇਨਸਾਫ਼ੀ ਹੈ ਤਾਂ ਡੀਜੀਪੀ ਨੇ ਕਿਹਾ ਕੇ ਸਰਦਾਰ ਸਾਹਿਬ ਇਹ ਰਾਜਸਥਾਨ ਹੈ ਅਤੇ ਇਸਨੂੰ ਭਾਰਤ ਦੀ ਪੀਸਫੁੱਲ ਸਟੇਟ ਮੰਨਿਆ ਜਾਂਦਾ ਹੈ ਪੰਜਾਬ ਵਿੱਚ ਤਾਂ ਚੱਲ ਜਾਂਦਾ ਹੈ ਕੇ ਥਾਣੇ ਚੋਂ ਬੰਦੇ ਦਾ ਹੱਥ ਫੜਾਕੇ ਕਹਿੰਦੇ ਲੈ ਜਾਓ ਕੋਈ ਨਹੀਂ ਬਾਅਦ ਵਿੱਚ ਲਿਖਾ ਪੜੀ ਕਰਕੇ ਕਾਗਜਾਂ ਦਾ ਢਿੱਡ ਭਰ ਲਵਾਂਗੇ ਪਰ ਸਾਡੇ ਰਾਜਸਥਾਨ ਵਿੱਚ ਪਹਿਲਾਂ ਕਾਗਜਾਂ ਦਾ ਢਿੱਡ ਭਰਨਾ ਪਵੇਗਾ ਫਿਰ ਨੌਜਵਾਨ ਨੂੰ ਜੇਲ ਦੀਆਂ ਸਲਾਖਾਂ ਤੋਂ ਬਾਹਰ ਕੀਤਾ ਜਾਵੇਗਾ ਨੌਜਵਾਨ ਦੀ ਬੰਦਖਲਾਸੀ ਦਾ ਭਰੋਸਾ ਲੈ ਕੇ ਸਰਦਾਰ ਬੂਟਾ ਸਿੰਘ ਅਤੇ ਜਥੇਦਾਰ ਦਾਦੂਵਾਲ ਜੀ ਨੇ ਰਵਾਨਗੀ ਕੀਤੀ ਤਾਂ ਸਰਦਾਰ ਬੂਟਾ ਸਿੰਘ ਜੀ ਜਥੇਦਾਰ ਦਾਦੂਵਾਲ ਜੀ ਨੂੰ ਕਹਿਣ ਲੱਗੇ ਪਾਤਸ਼ਾਹੋ ਅੱਜ ਤੁਸੀਂ ਬੰਦੀ ਛੋੜ ਗੁਰੂ ਦੇ ਸਿੱਖ ਬੰਦੀ ਛੋੜ ਬਣ ਕੇ ਆਏ ਹੋ ਤੁਹਾਡੇ ਆਉਣ ਕਾਰਣ ਇਸ ਨੌਜਵਾਨ ਅਤੇ ਪ੍ਰੀਵਾਰ ਦੀ ਜਾਨ ਬਚ ਜਾਵੇਗੀ ਹੁਣ ਇਸਨੂੰ ਡੇਢ ਦੋ ਦਹਾਕੇ ਜੇਲ ਦੀਆਂ ਸਲਾਖਾਂ ਪਿੱਛੇ ਨਹੀਂ ਸੜਨਾ ਪਵੇਗਾ ਇਸਦਾ ਪ੍ਰੀਵਾਰ ਵੀ ਬੱਚ ਜਾਵੇਗਾ ਬੁੱਢਾ ਦਲ ਦੇ ਨਿਹੰਗ ਸਿੰਘਾਂ ਦੀ ਸੰਗਤ ਕਰਕੇ ਸਰਦਾਰ ਬੂਟਾ ਸਿੰਘ ਜੀ ਪਾਤਸ਼ਾਹੋ ਸ਼ਬਦ ਦੀ ਬਹੁਤ ਵਰਤੋਂ ਕਰਿਆ ਕਰਦੇ ਸਨ ਅਕਾਲ ਪੁਰਖ ਵਾਹਿਗੁਰੂ ਦੀ ਕਿਰਪਾ ਸਦਕਾ ਜਥੇਦਾਰ ਦਾਦੂਵਾਲ ਜੀ ਵੱਲੋਂ ਕੀਤੇ ਯਤਨਾਂ ਦੇ ਨਾਲ ਡੀਜੀਪੀ ਰਾਜਸਥਾਨ ਵੱਲੋਂ ਆਪਣਾ ਵਾਅਦਾ ਪੂਰਾ ਕਰਦਿਆਂ ਕੇਸ ਦੀ ਜਾਂਚ ਪੜਤਾਲ ਕਰਵਾਈ ਤਾਂ ਨੌਜਵਾਨ ਦੀ ਬੇਗੁਨਾਹੀ ਸਾਬਤ ਹੋਈ ਤੇ ਦਿੱਤੇ ਸਮੇਂ ਅਨੁਸਾਰ ਥੋੜੇ ਸਮੇਂ ਬਾਅਦ ਹੀ ਜੱਗੀ ਸਿੱਧੂ ਜੇਲ ਦੀਆਂ ਸਲਾਖਾਂ ਤੋਂ ਬਾਹਰ ਕਰ ਦਿੱਤਾ ਗਿਆ ਤਾਂ ਫਿਰ ਜੈਪੁਰ ਰਾਜਸਥਾਨ ਦੇ ਸਿੱਖ ਆਗੂਆਂ ਨੇ ਪ੍ਰੀਵਾਰ ਸਮੇਤ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਪੁੱਜ ਕੇ ਜਥੇਦਾਰ ਦਾਦੂਵਾਲ ਜੀ ਦਾ ਧੰਨਵਾਦ ਕੀਤਾ ਜਲਦੀ ਹੀ ਨੌਜਵਾਨ ਜਸਵੀਰ ਸਿੰਘ ਜੱਗੀ ਸਿੱਧੂ ਕਨੇਡਾ ਚਲਾ ਗਿਆ ਜਿੱਥੇ ਉਸ ਦਾ ਵਿਵਾਹ ਬੀਬੀ ਸਤਨਾਮ ਕੌਰ ਨਾਲ ਹੋਇਆ ਬੇਟੀ ਅੰਮ੍ਰਿਤਾ ਕੌਰ ਜੋ ਅੱਜਕਲ ਕਨੇਡਾ ਯੂਨੀਵਰਸਿਟੀ ਅਤੇ ਬੇਟਾ ਅੰਮ੍ਰਿਤਪਾਲ ਸਿੰਘ ਜੋ ਕਾਲਜ ਵਿੱਚ ਪੜਦਾ ਹੈ ਇੱਕ ਹੱਸਦਾ ਵੱਸਦਾ ਜੀਵਨ ਬਤੀਤ ਕਰ ਰਹੇ ਹਨ ਨੌਜਵਾਨ ਜੱਗੀ ਸਿੱਧੂ ਨੇ ਕਨੇਡਾ ਤੋਂ ਕੱਲ ਜਥੇਦਾਰ ਦਾਦੂਵਾਲ ਜੀ ਕੋਲ ਪੁੱਜਕੇ ਉਨਾਂ ਦਾ ਅਤਿਅੰਤ ਧੰਨਵਾਦ ਕੀਤਾ ਤੇ ਕਿਹਾ ਕੇ ਉਸ ਦੀ ਜ਼ਿੰਦਗੀ ਜਥੇਦਾਰ ਦਾਦੂਵਾਲ ਸਾਹਿਬ ਵੱਲੋਂ ਕੀਤੀ ਬੇਗ.ਰਜ਼ ਮੱਦਦ ਦੀ ਬਦੌਲਤ ਹੈ ਇਸ ਤਰਾਂ ਇਕ ਬੇਕਸੂਰ ਸਿੱਖ ਨੌਜਵਾਨ ਅਤੇ ਉਸਦੇ ਪ੍ਰੀਵਾਰ ਦੀ ਜਾਨ ਅਕਾਲ ਪੁਰਖ ਵਾਹਿਗੁਰੂ ਦੀ ਕਿਰਪਾ ਸਦਕਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸਰਦਾਰ ਬੂਟਾ ਸਿੰਘ ਸਾਬਕਾ ਗ੍ਰਹਿ ਮੰਤਰੀ ਭਾਰਤ ਦੇ ਸਹਿਯੋਗ ਨਾਲ ਬਚਾਈ ਜੋ ਮਨੁੱਖਤਾ ਦੀ ਸੇਵਾ ਦੀ ਜਿਉਂਦੀ ਜਾਗਦੀ ਮਿਸਾਲ ਹੈ

**-ਭਾਈ ਜਗਮੀਤ ਸਿੰਘ ਬਰਾੜ, ਮੋ. : 9356060960**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਿਤ ਸਮਾਗਮ

**ਜਨਮ ਦਿਵਸ ਸ਼੍ਰੋਮਣੀ ਭਗਤ, ਭਗਤ ਧੰਨਾ ਜੱਟ ਸਾਹਿਬ ਜੀ ਧੂਆ ਕਲਾਂ ਜ਼ਿਲ੍ਹਾ ਟਾਂਕ ਰਾਜਸਥਾਨ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।**

ਸ਼ੁੱਕਰਵਾਰ 24 ਅਪ੍ਰੈਲ ਸਵੇਰੇ 10:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ ਅਤੇ 26 ਅਪ੍ਰੈਲ ਐਤਵਾਰ ਸਵੇਰੇ 10: 00 ਵਜੇ ਭੋਗ ਪੈਣਗੇ ਉਪਰੰਤ ਦੀਵਾਨ ਸੱਜਣਗੇ। ਸ਼ੁੱਕਰਵਾਰ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸੱਜਣਗੇ

☛ ਸ਼ਨਿੱਚਰਵਾਰ 25 ਅਪ੍ਰੈਲ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ਐਤਵਾਰ 26 ਅਪ੍ਰੈਲ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਅਮਨਦੀਪ ਸਿੰਘ ਮੋਧਨੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☚ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਸੱਜਣ ਕੁਮਾਰ ਨੂੰ ਵੱਡਾ ਝਟਕਾ

# ਸੁਪਰੀਮ ਕੋਰਟ ਨੇ ਜ਼ਮਾਨਤ ਪਟੀਸ਼ਨ ਕੀਤੀ ਖਾਰਜ




ਨਵੀਂ ਦਿੱਲੀ 24 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- 1984 ਦੇ ਦਿੱਲੀ ਸਿੱਖ ਕਤਲੇਆਮ ਦੇ ਦੋਸ਼ੀ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਸੁਪਰੀਮ ਕੋਰਟ ਤੋਂ ਵੱਡਾ ਝਟਕਾ ਲੱਗਾ ਹੈ। ਸੁਪਰੀਮ ਕੋਰਟ ਨੇ ਉਨ੍ਹਾਂ ਨੂੰ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਸੱਜਣ ਕੁਮਾਰ ਦੇ ਪੱਖ ਨੇ ਅਦਾਲਤ ਵਿੱਚ ਦਲੀਲ ਦਿੱਤੀ ਕਿ ਉਹ ਪਿਛਲੇ ਸੱਤ

ਆਵਾਜ਼ਿ ਕੌਮ AWAZE QAUM International Newspaper & WEB TV

ਸਾਲ ਅਤੇ ਚਾਰ ਮਹੀਨਿਆਂ ਤੋਂ ਜੇਲ੍ਹ ਵਿੱਚ ਹੈ।ਉਸਦੀ ਪਤਨੀ ਗੰਭੀਰ ਰੂਪ ਵਿੱਚ ਬਿਮਾਰ ਹੈ ਅਤੇ ਤੁਰਨ-ਫਿਰਨ ਤੋਂ ਅਸਮਰੱਥ ਹੈ, ਅਤੇ ਉਹ ਉਸਨੂੰ ਇੱਕ ਵਾਰ ਵੀ ਨਹੀਂ ਮਿਲ ਸਕਿਆ ਹੈ। ਸੁਪਰੀਮ ਕੋਰਟ ਨੇ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਇਸ ਤੋਂ ਪਹਿਲਾਂ, ਰਾਊਜ਼ ਐਵੇਨਿਊ ਅਦਾਲਤ ਨੇ ਸੱਜਣ ਕੁਮਾਰ ਨੂੰ 1984 ਦੇ ਸਿੱਖ ਕਤਲੇਆਮ ਨਾਲ ਸਬੰਧਤ ਜਨਕਪੁਰੀ ਅਤੇ ਵਿਕਾਸਪੁਰੀ ਹਿੰਸਾ ਮਾਮਲੇ ਵਿੱਚ ਬਰੀ ਕਰ ਦਿੱਤਾ ਸੀ, ਜਿਸ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ ਸੀ। ਇਸ ਮਾਮਲੇ ਦੇ ਮੁੜ ਉਭਰਨ ਤੋਂ ਬਾਅਦ, ਵਿਸ਼ੇਸ਼ ਜਾਂਚ ਟੀਮ ਨੇ ਫਰਵਰੀ 2015 ਵਿੱਚ ਸੱਜਣ ਕੁਮਾਰ ਅਤੇ ਹੋਰ ਦੋਸ਼ੀਆਂ ਵਿਰੁੱਧ ਦੋ ਐਫਆਈਆਰ ਦਰਜ ਕੀਤੀਆਂ। ਪਹਿਲੀ ਐਫਆਈਆਰ 1 ਨਵੰਬਰ, 1984 ਨੂੰ ਜਨਕਪੁਰੀ ਵਿੱਚ ਸਰਦਾਰ ਸੋਹਣ ਸਿੰਘ ਅਤੇ ਉਨ੍ਹਾਂ ਦੇ ਜਵਾਈ ਅਵਤਾਰ ਸਿੰਘ ਦੇ ਕਤਲ ਨਾਲ ਸਬੰਧਤ ਸੀ। ਦੂਜੀ ਐਫਆਈਆਰ 2 ਨਵੰਬਰ, 1984 ਨੂੰ ਜਨਕਪੁਰੀ ਵਿੱਚ ਸਰਦਾਰ ਗੁਰਚਰਨ ਸਿੰਘ ਨੂੰ ਜ਼ਿੰਦਾ ਸਾੜਨ ਲਈ ਦਰਜ ਕੀਤੀ ਗਈ ਸੀ। ਸੱਜਣ ਕੁਮਾਰ ਪਹਿਲਾਂ ਹੀ 1984 ਦੇ ਸਿੱਖ ਕਤਲੇਆਮ ਦੇ ਇੱਕ ਹੋਰ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਹੈ। ਦਿੱਲੀ ਹਾਈ ਕੋਰਟ ਨੇ ਉਨ੍ਹਾਂ ਨੂੰ ਪੰਜ ਸਿੱਖਾਂ ਦੇ ਕਤਲ, ਦਿੱਲੀ ਕੈਂਟ ਅਤੇ ਪਾਲਮ ਕਲੋਨੀ ਖੇਤਰਾਂ ਵਿੱਚ ਇੱਕ ਗੁਰਦੁਆਰੇ ਨੂੰ ਸਾੜਨ ਦਾ ਦੋਸ਼ੀ ਠਹਿਰਾਉਂਦੇ ਹੋਏ ਉਮਰ ਕੈਦ ਦੀ ਸਜ਼ਾ ਸੁਣਾਈ ਸੀ।

**ਸੱਜਣ ਕੁਮਾਰ ਦੀ ਸਜ਼ਾ ਵਿਰੁੱਧ ਅਪੀਲ 'ਤੇ ਜੁਲਾਈ ਵਿੱਚ ਸੁਣਵਾਈ ਲਈ ਸੁਪਰੀਮ ਕੋਰਟ ਸਹਿਮਤ** : ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ 1984 ਦੇ ਸਿੱਖ ਕਤਲੇਆਮ ਦੇ ਇੱਕ ਮਾਮਲੇ ਵਿੱਚ ਦਿੱਲੀ ਕਾਂਗਰਸ ਦੇ ਸਾਬਕਾ ਨੇਤਾ ਸੱਜਣ ਕੁਮਾਰ ਦੀ ਉਸ ਪਟੀਸ਼ਨ 'ਤੇ ਜੁਲਾਈ ਵਿੱਚ ਸੁਣਵਾਈ ਕਰਨ ਲਈ ਸਹਿਮਤੀ ਦੇ ਦਿੱਤੀ ਹੈ ਜਿਸ ਵਿੱਚ ਉਨ੍ਹਾਂ ਨੂੰ 1984 ਦੇ ਸਿੱਖ ਕਤਲੇਆਮ ਦੇ ਇੱਕ ਮਾਮਲੇ ਵਿੱਚ ਆਪਣੀ ਸਜ਼ਾ ਨੂੰ ਚੁਣੌਤੀ ਦਿੱਤੀ ਗਈ ਸੀ, ਕਿਉਂਕਿ ਇਹ ਦੱਸਿਆ ਗਿਆ ਸੀ ਕਿ ਦੋਸ਼ੀ ਪਹਿਲਾਂ ਹੀ ਸੱਤ ਸਾਲ ਤੋਂ ਵੱਧ ਸਮਾਂ ਜੇਲ੍ਹ ਵਿੱਚ ਬਿਤਾ ਚੁੱਕਾ ਹੈ। 31 ਦਸੰਬਰ, 2018 ਤੋਂ ਜੇਲ੍ਹ ਵਿੱਚ ਹੈ, ਜਦੋਂ ਉਸਨੇ ਦੱਖਣੀ ਪੱਛਮੀ ਦਿੱਲੀ ਦੇ ਪਾਲਮ ਕਲੋਨੀ ਵਿੱਚ ਰਾਜ ਨਗਰ ਪਾਰਟ-1 ਖੇਤਰ ਵਿੱਚ 1984 ਦੇ ਸਿੱਖ ਕਤਲੇਆਮ ਨਾਲ ਸਬੰਧਤ ਇੱਕ ਮਾਮਲੇ ਵਿੱਚ ਦਿੱਲੀ ਹਾਈ ਕੋਰਟ ਦੁਆਰਾ ਦੋਸ਼ੀ ਠਹਿਰਾਏ ਜਾਣ ਅਤੇ ਉਮਰ ਕੈਦ ਦੀ ਸਜ਼ਾ ਸੁਣਾਏ ਜਾਣ ਤੋਂ ਬਾਅਦ ਆਤਮ ਸਮਰਪਣ ਕਰ ਦਿੱਤਾ ਸੀ, ਜਿਸ ਵਿੱਚ 1-2 ਨਵੰਬਰ, 1984 ਨੂੰ ਪੰਜ ਸਿੱਖਾਂ ਦੀ ਮੌਤ ਹੋ ਗਈ ਸੀ, ਅਤੇ ਰਾਜ ਨਗਰ ਪਾਰਟ-2 ਵਿੱਚ ਇੱਕ ਗੁਰਦੁਆਰੇ ਨੂੰ ਸਾੜ ਦਿੱਤਾ ਗਿਆ ਸੀ। ਹਾਈ ਕੋਰਟ ਨੇ ਹੇਠਲੀ ਅਦਾਲਤ ਦੁਆਰਾ ਬਰੀ ਕਰਨ ਦੇ ਹੁਕਮ ਨੂੰ ਉਲਟਾ ਦਿੱਤਾ ਸੀ।

**ਸੱਜਣ ਕੁਮਾਰ ਦੀ ਸਜ਼ਾ ਵਿਰੁੱਧ ਅਪੀਲ 'ਤੇ ਜੁਲਾਈ ਵਿੱਚ ਸੁਣਵਾਈ ਲਈ ਸੁਪਰੀਮ ਕੋਰਟ ਸਹਿਮਤ**

ਵਿਸ਼ਵ ਮਲੇਰੀਆ ਦਿਵਸ (25 ਅਪ੍ਰੈਲ 'ਤੇ ਵਿਸ਼ੇਸ਼)

# ਥੀਮ 2026: Driven to end malaria: Now we can, Now we must



ਹਰ ਸਾਲ 25 ਅਪ੍ਰੈਲ ਨੂੰ ਸੰਸਾਰ ਭਰ ਵਿੱਚ ਵਿਸ਼ਵ ਮਲੇਰੀਆ ਦਿਵਸ ਮਨਾਇਆ ਜਾਂਦਾ ਹੈ। ਇਸ ਦਿਨ ਦਾ ਮੁੱਖ ਉਦੇਸ਼ ਮਲੇਰੀਆ ਵਰਗੀ ਖਤਰਨਾਕ ਬੀਮਾਰੀ ਬਾਰੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣਾ ਅਤੇ ਇਸ

ਆਵਾਜ਼ਿ ਕੌਮ AWAZE QAUM International Newspaper & WEB TV

ਦੇ ਖਾਤਮੇ ਲਈ ਸਾਂਝੀ ਕੋਸ਼ਿਸ਼ਾਂ ਨੂੰ ਉਤਸ਼ਾਹਿਤ ਕਰਨਾ ਹੈ। ਇਹ ਦਿਵਸ World Health Organization ਵੱਲੋਂ ਮਨਾਇਆ ਜਾਂਦਾ ਹੈ, ਜਿਸ ਨੇ ਮਲੇਰੀਆ ਮੁਕਤ ਦੁਨੀਆ ਦਾ ਟੀਚਾ ਰੱਖਿਆ ਹੈ।

**ਮਲੇਰੀਆ ਕੀ ਹੈ ?**

ਮਲੇਰੀਆ ਇੱਕ ਸੰਕਰਾਮਕ ਬੀਮਾਰੀ ਹੈ ਜੋ ਮੱਛਰ (ਖਾਸ ਕਰਕੇ ਐਨੋਫਿਲੀਜ਼ ਮੱਛਰ) ਦੇ ਕੱਟਣ ਨਾਲ ਫੈਲਦੀ ਹੈ। ਇਸ ਦਾ ਕਾਰਨ ਪਲਾਸਮੋਡੀਅਮ ਨਾਮਕ ਪਰਜੀਵੀ ਹੁੰਦਾ ਹੈ। ਇਹ ਬੀਮਾਰੀ ਜ਼ਿਆਦਾਤਰ ਗਰਮ ਅਤੇ ਨਮੀ ਵਾਲੇ ਇਲਾਕਿਆਂ ਵਿੱਚ ਵੱਧ ਫੈਲਦੀ ਹੈ।

**ਚਿੰਨ,ਲੱਛਣ ਅਤੇ ਨਿਸ਼ਾਨੀਆਂ**

ਮਲੇਰੀਆ ਦੇ ਮੁੱਖ ਲੱਛਣ ਇਹ ਹਨ:
ਤੇਜ਼ ਬੁਖਾਰ
ਕੰਬਣ (ਠੰਡ ਲੱਗਣਾ)
ਪਸੀਨਾ ਆਉਣਾ
ਸਿਰ ਦਰਦ ਅਤੇ ਥਕਾਵਟ
ਉਲਟੀਆਂ

ਜੇ ਸਮੇਂ ਸਿਰ ਇਲਾਜ ਨਾ ਕੀਤਾ ਜਾਵੇ ਤਾਂ ਇਹ ਜਾਨਲੇਵਾ ਵੀ ਸਾਬਤ ਹੋ ਸਕਦੀ ਹੈ।

**2026 ਦਾ ਥੀਮ - ਕੀ ਸੰਦੇਸ਼ ਦਿੰਦਾ ਹੈ ?**

**Driven to end malaria: Now we can, Now we must** ਦਾ ਅਰਥ ਹੈ ਕਿ ਹੁਣ ਸਾਡੇ ਕੋਲ ਮਲੇਰੀਆ ਨੂੰ ਖਤਮ ਕਰਨ ਲਈ ਸਾਰੇ ਸਾਧਨ ਅਤੇ ਗਿਆਨ ਮੌਜੂਦ ਹਨ, ਇਸ ਲਈ ਹੁਣ ਦੇਰ ਨਹੀਂ ਕਰਨੀ ਚਾਹੀਦੀ। ਇਹ ਥੀਮ ਸਰਕਾਰਾਂ, ਸਿਹਤ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਇਕੱਠੇ ਹੋ ਕੇ ਤੁਰੰਤ ਕਾਰਵਾਈ ਕਰਨ ਲਈ ਪ੍ਰੇਰਿਤ ਕਰਦੀ ਹੈ।

**ਮਲੇਰੀਆ ਰੋਕਥਾਮ ਦੇ ਤਰੀਕੇ**

ਮਲੇਰੀਆ ਤੋਂ ਬਚਾਅ ਲਈ ਇਹ ਕਦਮ ਬਹੁਤ ਜ਼ਰੂਰੀ ਹਨ:
ਮੱਛਰਦਾਨੀ ਦੀ ਵਰਤੋਂ ਕਰੋ
ਪਾਣੀ ਖੜਾ ਨਾ ਹੋਣ ਦਿਓ
ਘਰਾਂ ਦੇ ਆਲੇ ਦੁਆਲੇ ਸਫਾਈ ਰੱਖੋ
ਪੂਰੀ ਬਾਂਹਾਂ ਵਾਲੇ ਕੱਪੜੇ ਪਹਿਨੋ
ਸਮੇਂ-ਸਿਰ ਡਾਕਟਰੀ ਸਲਾਹ ਲਵੋ

ਭਾਰਤ ਵਿੱਚ ਮਲੇਰੀਆ ਦੀ ਸਥਿਤੀ


ਭਾਰਤ ਵਿੱਚ ਮਲੇਰੀਆ ਦੇ ਕੇਸਾਂ ਵਿੱਚ ਕਾਫੀ ਘਟਾਅ ਆਇਆ ਹੈ, ਪਰ ਕੁਝ ਰਾਜਾਂ ਵਿੱਚ ਇਹ ਅਜੇ ਵੀ ਚਿੰਤਾ ਦਾ ਵਿਸ਼ਾ ਹੈ। ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਮੁਹਿੰਮਾਂ, ਜਿਵੇਂ ਕਿ ਨੈਸ਼ਨਲ ਵੈਕਟਰ ਬੋਰਨ ਡੀਜ਼ੀਜ਼ ਕੰਟਰੋਲ ਪ੍ਰੋਗਰਾਮ, ਇਸ ਬੀਮਾਰੀ ਨੂੰ ਖਤਮ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ।

**ਨਤੀਜਾ**

ਵਿਸ਼ਵ ਮਲੇਰੀਆ ਦਿਵਸ ਸਾਨੂੰ ਇਹ ਯਾਦ ਦਿਵਾਉਂਦਾ ਹੈ ਕਿ ਸਿਹਤਮੰਦ ਜੀਵਨ ਲਈ ਸਾਵਧਾਨੀ ਅਤੇ ਜਾਗਰੂਕਤਾ ਬਹੁਤ ਜ਼ਰੂਰੀ ਹੈ। 2026 ਦੀ ਥੀਮ ਸਾਨੂੰ ਇਹ ਸੰਦੇਸ਼ ਦਿੰਦੀ ਹੈ ਕਿ ਹੁਣ ਮਲੇਰੀਆ ਦੇ ਖਾਤਮੇ ਲਈ ਕਾਰਵਾਈ ਕਰਨ ਦਾ ਸਹੀ ਸਮਾਂ ਹੈ। ਆਓ ਅਸੀਂ ਸਾਰੇ ਮਿਲ ਕੇ ਇਹ ਵਚਨ ਲਈਏ ਕਿ ਮਲੇਰੀਆ ਨੂੰ ਜੜ੍ਹੋਂ ਖਤਮ ਕਰਾਂਗੇ।

"ਹੁਣ ਕਰ ਸਕਦੇ ਹਾਂ, ਹੁਣ ਕਰਨਾ ਹੀ ਪਵੇਗਾ!"

ਮਲੇਰੀਆ ਦਾ ਖਾਤਮਾ :- ਸੰਸਾਰ ਸਿਹਤ ਸੰਸਥਾ ਨੇ 2030 ਤੱਕ ਪੂਰੀ ਦੁਨੀਆ ਵਿੱਚੋ ਮਲੇਰੀਆ ਨੂੰ ਖਤਮ ਕਰਨ ਦਾ ਅਹਿਦ ਲਿਆ ਹੈ, ਦੇਸ਼ ਵਿੱਚੋਂ ਮਲੇਰੀਆ ਖਾਤਮੇ



ਦਾ ਸਰਟੀਫਿਕੇਟ ਅਜੇ ਸੰਸਾਰ ਸਿਹਤ ਸੰਸਥਾ ਵੱਲੋਂ ਮਿਲਣਾ ਬਾਕੀ ਹੈ ਪਰ ਜਿਸ ਤਰਾਂ ਸਿਹਤ ਵਿਭਾਗ ਮਿਹਨਤ ਨਾਲ ਇਸ ਨੂੰ ਖਤਮ ਕਰਨ ਵਿੱਚ ਲੱਗਾ ਹੋਇਆ ਹੈ ਉਮੀਦ ਹੈ ਕਿ ਅਸੀਂ ਜਲਦ ਦੇਸ਼ ਵਿੱਚੋਂ ਇਸ ਬੀਮਾਰੀ ਨੂੰ ਖਤਮ ਕਰਨ ਦੇ ਯੋਗ ਹੋ ਜਾਵਾਂਗੇ

**-ਜਗਤਾਰ ਸਿੰਘ ਸਿੱਧੂ, ਪਿੰਡ ਰੁਲਦੂ ਸਿੰਘ ਵਾਲਾ (ਸੰਗਰੂਰ )**
**ਸੰਪਰਕ 9814107374**

# ਗੁਰਬਾਜ਼ ਸਿੰਘ ਸਿੱਧੂ ਨੇ ਕੀਤਾ ਪਿੰਡਾਂ ਦਾ ਦੌਰਾ, ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਭਰੀ ਹਾਜ਼ਰੀ



**ਤਲਵੰਡੀ ਸਾਬੋ, 23 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਤੇ ਹਲਕੇ 'ਚ ਕਾਂਗਰਸ ਪਾਰਟੀ ਵੱਲੋਂ ਪਿਛਲੇ ਕਾਫੀ ਸਮੇਂ ਤੋਂ ਸਰਗਰਮ ਚੱਲੇ ਆ ਰਹੇ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਹਲਕੇ ਦੇ ਕਰੀਬ ਅੱਧੀ ਦਰਜ਼ਨ ਪਿੰਡਾਂ ਦਾ ਦੌਰਾ ਕਰਦਿਆਂ ਜਿੱਥੇ ਪਾਰਟੀ ਵਰਕਰਾਂ ਤੇ ਆਮ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਭਰੀ ਉੱਥੇ ਲੋਕ ਮੁਸ਼ਿਕਲਾਂ ਸੁਣਦਿਆਂ

ਆਵਾਜ਼ਿ ਕੌਮ AWAZE QAUM International Newspaper & WEB TV

ਉਨਾਂ ਦੇ ਜਲਦ ਹੱਲ ਦਾ ਯਕੀਨ ਦਵਾਇਆ। ਸਿੱਧੂ ਨੇ ਅੱਜ ਜਗਾ ਰਾਮ ਤੀਰਥ, ਲਾਲੇਆਣਾ, ਲੇਲੇਵਾਲਾ, ਮਾਨਵਾਲਾ ਸਮੇਤ ਕਈ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀਆਂ ਲਵਾਈਆਂ। ਪਿੰਡ ਜਗਾ ਰਾਮ ਤੀਰਥ ਦੇ ਨੌਜਵਾਨ ਗੁਰਵਿੰਦਰ ਸਿੰਘ ਚੋਟੀਆ ਦੀ ਬੀਤੇ ਦਿਨੀਂ ਇੱਕ ਹਾਦਸੇ 'ਚ ਮੌਤ ਹੋ ਜਾਣ ਤੇ ਸਿੱਧੂ ਨੇ ਅੱਜ ਪਰਿਵਾਰ ਨਾਲ ਅਫਸੋਸ ਪ੍ਰਗਟਾਇਆ ਤੇ ਨੌਜਵਾਨ ਦੇ ਅਕਾਲ ਚਲਾਣੇ ਨੂੰ ਪਰਿਵਾਰ ਲਈ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ। ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀਆਂ ਭਰਨ ਉਪਰੰਤ ਉਨਾਂ ਨੇ ਲੋਕ ਮੁਸ਼ਿਕਲਾਂ ਸੁਣੀਆਂ ਤੇ ਸਬੰਧਿਤ ਅਧਿਕਾਰੀਆਂ ਕੋਲ ਉਠਾ ਕੇ ਜਲਦ ਹੱਲ ਦਾ ਯਕੀਨ ਦਵਾਇਆ। ਉੱਧਰ ਦੌਰੇ ਉਪਰੰਤ ਗੱਲਬਾਤ ਕਰਦਿਆਂ ਨੌਜਵਾਨ ਕਾਂਗਰਸੀ ਆਗੂ ਨੇ ਕਿਹਾ ਕਿ ਸੂਬੇ ਦੀ 'ਆਪ' ਸਰਕਾਰ ਜੋ ਕਿਸਾਨੀ ਸੰਘਰਸ਼ਾਂ ਨਾਲ ਕਮਾਏ ਧ੍ਰੋਹ ਕਰਕੇ ਪਹਿਲਾਂ ਹੀ ਕਿਸਾਨ ਵਿਰੋਧੀ ਮੰਨੀ ਜਾਂਦੀ ਹੈ ਵੱਲੋਂ ਹੁਣ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਦੀ ਅਨਾਜ ਮੰਡੀਆਂ 'ਚ ਆਮਦ ਮੌਕੇ ਉਨਾਂ ਨੂੰ ਖੱਜਲ ਖੁਆਰ ਕੀਤਾ ਜਾ ਰਿਹੈ। ਉਨਾਂ ਕਿਹਾ ਕਿ ਕੇਂਦਰੀ ਖਰੀਦ ਏਜੰਸੀਆਂ ਵੱਲੋਂ ਹਰੀ ਝੰਡੀ ਦੇ ਦਿੱਤੇ ਜਾਣ ਦੇ ਬਾਵਜੂਦ ਕਈ ਥਾਈਂ ਨਮੀ ਦੇ ਨਾਂ ਤੇ ਖਰੀਦ ਕਰਨ ਤੋਂ ਟਾਲਾ ਵੱਟਿਆ ਜਾ ਰਿਹੈ ਤੇ ਕਿਸਾਨ ਮੰਡੀਆਂ 'ਚ ਪ੍ਰੇਸ਼ਾਨ ਹੋ ਰਹੇ ਹਨ। ਉਨਾਂ ਮੰਗ ਕੀਤੀ ਕਿ ਸਰਕਾਰ ਬਿਨਾਂ ਕਿਸੇ ਬਹਾਨੇ ਕਣਕ ਦੀ ਖਰੀਦ ਕਰਵਾਵੇ ਤਾਂ ਕਿ ਕਿਸਾਨਾਂ ਨੂੰ ਕੋਈ ਮੁਸ਼ਿਕਲ ਪੇਸ਼ ਨਾ ਆਵੇ। ਸਿੱਧੂ ਨਾਲ ਇਸ ਮੌਕੇ ਗੁਰਪਾਲ ਸਿੰਘ ਨੰਬਰਦਾਰ ਲਾਲੇਆਣਾ, ਕ੍ਰਿਸ਼ਨ ਯਾਦਵ, ਸੁਰਜੀਤ ਸ਼ਰਮਾਂ ਜਗਾ ਰਾਮ ਤੀਰਥ, ਬਹਾਦਰ ਸਿੰਘ ਸਾਬਕਾ ਸਰਪੰਚ ਲੇਲੇਵਾਲਾ, ਬਲਵੰਤ ਸਿੰਘ ਲੇਲੇਵਾਲਾ, ਤਰਸੇਮ ਸਿੰਘ ਮਾਨਵਾਲਾ, ਗੁਰਦਿੱਤਾ ਸਿੰਘ ਸੀਂਗੋ, ਹੈਪੀ ਬਹਿਮਣ, ਦਰਸ਼ਨ ਗਿੱਲ ਤਲਵੰਡੀ ਸਾਬੋ, ਸਤਨਾਮ ਸਿੰਘ ਲੇਲੇਵਾਲਾ ਆਦਿ ਆਗੂ ਵੀ ਮੌਜੂਦ ਦਿਖਾਈ ਦਿੱਤੇ।

# ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਸਿੱਖਿਆ ਖੇਤਰ ਵਿਚ ਲਾਮਿਸਾਲ ਕਾਰਜਾਂ ਵਾਸਤੇ ਦਿੱਲੀ ਗੁਰਦੁਆਰਾ ਕਮੇਟੀ ਦੀ ਕੀਤੀ ਸ਼ਲਾਘਾ




**ਨਵੀਂ ਦਿੱਲੀ, 24 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਦੇ ਉਪ ਰਾਜਪਾਲ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਸਿੱਖਿਆ ਖੇਤਰ ਵਿਚ ਲਾਮਿਸਾਲ ਕਾਰਜਾਂ ਵਾਸਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਰਜਵੀਂ ਸ਼ਲਾਘਾ ਕੀਤੀ ਹੈ ਤੇ ਕਿਹਾ ਹੈ ਕਿ ਸਾਡੀ ਨੌਜਵਾਨ ਪੀੜੀ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰ ਕੇ ਕਮੇਟੀ ਨੇ ਬਹੁਤ ਵੱਡੀ ਪ੍ਰਾਪਤੀ ਕੀਤੀ ਹੈ। ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ 74ਵੇਂ ਇਨਾਮ ਵੰਡ ਸਮਾਰੋਹ ਨੂੰ ਸੰਬੋਧਨ ਕਰਦਿਆਂ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਇਹ ਦਿੱਲੀ ਗੁਰਦੁਆਰਾ

ਆਵਾਜ਼ਿ ਕੌਮ AWAZE QAUM International Newspaper & WEB TV

ਕਮੇਟੀ ਦੇ ਸਿੱਖਆ ਖੇਤਰ ਵਿਚ ਲਾਮਿਸਾਲ ਕਾਰਜਾਂ ਦੀ ਬਦੌਲਤ ਹੈ ਕਿ ਅੱਜ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸਮੇਤ ਅਨੇਕਾਂ ਸਿੱਖਿਆ ਸੰਸਥਾਵਾਂ ਕਮੇਟੀ ਵੱਲੋਂ ਬਹੁਤ ਸੁਚੱਜੇ ਢੰਗ ਨਾਲ ਚਲਾਈਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਦੁਨੀਆਂ ਵਿਚ ਉਹੀ ਕੌਮਾਂ ਤਰੱਕੀ ਕਰਦੀਆਂ ਹਨ ਜਿਹਨਾਂ ਦੀ ਨਵੀਂ ਪੀੜ੍ਹੀ ਚੰਗੀ ਸਿੱਖਿਆ ਗ੍ਰਹਿਣ ਕਰਦੀ ਹੈ ਤੇ ਉਹਨਾਂ ਨੂੰ ਇਹ ਵੇਖ ਕੇ ਖੁਸ਼ੀ ਹੈ ਕਿ ਦਿੱਲੀ ਗੁਰਦੁਆਰਾ ਕਮੇਟੀ ਇਸ ਖੇਤਰ ਵਿਚ ਚੰਗੇ ਕਾਰਜ ਕਰ ਰਹੀ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸਮੁੱਚੀ ਦਿੱਲੀ ਦੇ ਸਿਰ ਦਾ ਤਾਜ ਹੈ। ਉਹਨਾਂ ਦੱਸਿਆ ਕਿ ਕੁਝ ਸਾਲ ਪਹਿਲਾਂ ਇਥੇ ਅਧਿਆਪਕਾਂ ਦੀ ਸਿਖਲਾਈ ਵਾਸਤੇ ਕੇਂਦਰ ਸਥਾਪਿਤ ਕੀਤਾ ਗਿਆ ਸੀ ਤੇ ਅੱਜ ਦੇਸ਼ ਭਰ ਵਿਚ ਅਜਿਹੇ 144 ਸੈਂਟਰ ਹਨ ਪਰ ਉਹਨਾਂ ਨੂੰ ਮਾਣ ਹੈ ਕਿ ਕਾਲਜ ਵਿਚ ਚਲ ਰਿਹਾ ਸੈਂਟਰ ਪਿਛਲੇ ਦੋ ਸਾਲਾਂ ਤੋਂ ਦੇਸ਼ ਵਿਚ ਬੇਹਤਰੀਨ ਸੈਂਟਰ ਹੈ। ਉਹਨਾਂ ਕਿਹਾ ਕਿ ਕਾਲਜ ਦੇ ਪ੍ਰਿੰਸੀਪਲ ਤੇ ਸਟਾਫ ਦੇ ਨਾਲ-ਨਾਲ ਵਿਦਿਆਰਥੀਆਂ ਦੀ ਮਿਹਨਤ ਸਦਕਾ ਅੱਜ ਕਾਲਜ ਦਾ ਕੌਮਾਂਤਰੀ ਪੱਧਰ 'ਤੇ ਨਾਮ ਹੈ। ਉਹਨਾਂ ਦੱਸਿਆ ਕਿ ਕਾਲਜ ਦੇ ਦੋ-ਦੋ ਗਰਲਜ਼ ਹੋਸਟਲ ਹਨ ਜਿਹਨਾਂ ਵਿਚ ਹਰੇਕ ਦੀ 350 ਵਿਦਿਆਰਥਣਾਂ ਦੀ ਸਮਰਥਾ ਹੈ ਜਿਸ ਵਿਚ ਦੇਸ਼ ਦੇ ਵੱਖ-ਵੱਖ ਭਾਗਾਂ ਤੋਂ ਆ ਕੇ ਬੱਚੀਆਂ ਪੜ੍ਹਦੀਆਂ ਹਨ ਤੇ ਸੁਰੱਖਿਅਤ ਰਹਿੰਦੀਆਂ ਹਨ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ ਸਿੱਖਿਆ ਦੇ ਖੇਤਰ ਵਿਚ ਬਹੁਤ ਮਿਹਨਤ ਕੀਤੀ ਹੈ ਤੇ ਕਾਲਜਾਂ ਤੇ ਸਕੂਲਾਂ ਦੇ ਸਟਾਫ ਦੀ ਮਿਹਨਤ ਸਦਕਾ ਅੱਜ ਚੰਗੇ ਨਤੀਜੇ ਸਾਹਮਣੇ ਆ ਰਹੇ ਹਨ। ਉਹਨਾਂ ਕਿਹਾ ਕਿ ਅਸੀਂ ਹੋਰ ਵੀ ਸਖ਼ਤ ਮਿਹਨਤ ਕਰਾਂਗੇ ਤੇ ਵਿਦਿਆਰਥੀਆਂ ਨੂੰ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਚੰਗੇ ਅਹੁਦਿਆਂ 'ਤੇ ਸਥਾਪਿਤ ਕਰਨ ਵਾਸਤੇ ਕੰਮ ਕਰਾਂਗੇ।

ਬਾਬਾ ਜੀਵਨ ਸਿੰਘ ਧਰਮਸ਼ਾਲਾ ਦਾ ਲੈਂਟਰ ਪਾਉਣ ਮੌਕੇ

# ਸਰਬੱਤ ਦੇ ਭਲੇ ਦੀ ਅਰਦਾਸ ਤੇ ਗੁਰੂ ਸਾਹਿਬ ਜੀ ਦਾ ਸ਼ੁਕਰਾਨਾ ਕੀਤਾ



ਆਵਾਜ਼ਿ ਕੌਮ AWAZE QAUM International Newspaper & WEB TV

ਜੰਡਿਆਲਾ ਗੁਰੂ 24 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਅੱਜ ਸ੍ਰੀ ਗੁਰੂ ਰਾਮਦਾਸ ਸਾਹਿਬ ਸੇਵਾ ਸੋਸਾਇਟੀ ਰਜਿ: ਵਡਾਲੀ ਡੋਗਰਾਂ ਅੰਮ੍ਰਿਤਸਰ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਨੇ ਦੱਸਿਆ ਕਿ ਬੀਤੇ 3 ਸਾਲ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਜੀ ਮਾਨ ਤੇ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਜੀ ਈਟੀਓ ਹਲਕਾ ਵਿਧਾਇਕ ਜੰਡਿਆਲਾ ਗੁਰੂ ਨੂੰ 2022 ਵਿੱਚ ਬਾਬਾ ਜੀਵਨ ਸਿੰਘ ਧਰਮਸ਼ਾਲਾ ਵਾਸਤੇ 10 ਲੱਖ ਰੁਪਏ ਦੀ ਮੰਗ ਕੀਤੀ ਗਈ ਸੀ ! ਕਿਉਂਕਿ ਬਾਬਾ ਜੀਵਨ ਸਿੰਘ ਜੀ ਧਰਮਸ਼ਾਲਾ ਸਮੇਂ ਦੇ ਨਾਲ ਬਿਰਧ ਹੋ ਗਈ ਸੀ ਤੇ ਕਮਜ਼ੋਰ ਹੋ ਚੁੱਕੀ ਸੀ ਅਤੇ ਨੀਵੀ ਹੋ ਗਈ ਸੀ ! ਕਿਉਂਕਿ ਜੋ ਪਰਿਵਾਰ ਇਸ ਧਰਮਸਾਲਾ ਵਿੱਚ ਸੇਵਾ ਕਰਦੇ ਹਨ ਉਹਨਾਂ ਕੋਲ ਇੰਨੀ ਮਾਇਆ ਦੀ ਸਮਰੱਥਾ ਨਹੀਂ ਸੀ ਕਿ ਉਹ ਧਰਮਸ਼ਾਲਾ ਦੀ ਨਵੀਂ ਬਿਲਡਿੰਗ ਬਣਾ ਸਕਣ ਅਤੇ ਸਾਡੇ ਦਿੱਤੇ ਗਏ ਮੰਗ ਪੱਤਰ ਨੂੰ ਪ੍ਰਵਾਨ ਕਰਦਿਆਂ ਹੋਇਆ ਹਲਕਾ ਵਿਧਾਇਕ ਕੈਬਿਨਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਵੱਲੋਂ 2025 ਚ ਪਿੰਡ ਦੀ ਪੰਚਾਇਤ ਤੇ ਸੇਵਾ ਸੁਸਾਇਟੀ ਨੂੰ 7 ਲੱਖ ਰੁਪਏ ਦਾ ਚੈੱਕ ਦੇ ਦਿੱਤਾ ਅਤੇ 5 ਜਨਵਰੀ 2026 ਨੂੰ 7 ਲੱਖ ਰੁਪਏ ਖਾਤੇ ਵਿੱਚ ਪਾ ਦਿੱਤਾ ਗਿਆ ਤੇ ਪਿੰਡ ਦੀ ਪੰਚਾਇਤ ਨੇ ਸੁਸਾਇਟੀ ਵਾਲਿਆਂ ਨੇ ਬਾਬਾ ਜੀਵਨ ਸਿੰਘ ਧਰਮਸ਼ਾਲਾ ਦੀ ਪੁਰਾਣੀ ਬਿਲਡਿੰਗ ਨੂੰ ਢਾਹ ਕੇ ਨਵੀਂ ਬਿਲਡਿੰਗ ਦਾ ਨੀਂਹ ਪੱਥਰ ਰੱਖ ਕੇ ਬਿਲਡਿੰਗ ਬਣਾਉਣੀ ਸ਼ੁਰੂ ਕਰ ਦਿੱਤੀ ਅਤੇ ਅੱਜ ਵਾਹਿਗੁਰੂ ਦੀ ਮਿਹਰ ਸਦਕਾ ਲੈਂਟਰ ਪੈ ਗਿਆ ਹੈ ਇਸ ਬਿਲਡਿੰਗ ਦਾ ਲੈਂਟਰ 20 ਸੈਂਕੜੇ ਬਣ ਗਿਆ ਅਤੇ ਅੱਜ ਸਮੇਂ ਦੇ ਨਾਲ ਸੋਹਣੀ ਇਮਾਰਤ ਬਣ ਕਿ ਤਿਆਰ ਹੋ ਜਾਵੇਗੀ ! ਸ੍ਰੀ ਗੁਰੂ ਰਾਮਦਾਸ ਸਾਹਿਬ ਸੇਵਾ ਸੁਸਾਇਟੀ ਵਡਾਲੀ ਡੋਗਰਾਂ ਸਰਦਾਰ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦਾ ਧੰਨਵਾਦ ਕਰਦੇ ਹਾਂ ਇਸ ਮੌਕੇ ਸੁਖਬੀਰ ਸਿੰਘ ਪ੍ਰਧਾਨ ਆਮ ਆਦਮੀ ਪਾਰਟੀ ਪਿੰਡ ਵਡਾਲੀ ਡੋਗਰਾਂ, ਖਜਾਨਚੀ ਦਵਿੰਦਰਪਾਲ ਸਿੰਘ ਗੋਰਾ, ਮੀਤ ਪ੍ਰਧਾਨ ਤੇ ਸਰਪੰਚ ਸੰਦੀਪ ਸਿੰਘ ਮੌਜੀ, ਸਲਾਹਕਾਰ ਹੀਰਾ ਸਿੰਘ, ਜਰਨਲ ਸਕੱਤਰ ਜੋਬਨਬੀਰ ਸਿੰਘ ਵਡਾਲੀ, ਸਲਾਹਕਾਰ ਹਰਭਜਨ ਸਿੰਘ ਮੌਜੀ, ਗੁਰਪ੍ਰੀਤ ਸਿੰਘ, ਸੋਸਾਇਟੀ ਦੇ ਮੈਂਬਰ ਸੰਦੀਪ ਸਿੰਘ ਆਦਿ ਹਾਜ਼ਰ ਸਨ।

**ਪੰਜਾਬ ਸਰਕਾਰ ਵੱਲੋਂ 7 ਲੱਖ ਰੁਪਏ ਦੀ ਸਹਾਇਤਾ ਦੇਣ ਤੇ ਸਰਕਾਰ ਦਾ ਧੰਨਵਾਦ : ਸ੍ਰੀ ਗੁਰੂ ਰਾਮਦਾਸ ਸਾਹਿਬ ਸੇਵਾ ਸੁਸਾਇਟੀ : ਭਾਈ ਸਾਹਿਬ ਸਿੰਘ ਸੰਧੂ**

# ਪਿੰਡ ਗਗੜ ਵਿਖੇ ਸਿਲਾਈ ਸੈਂਟਰ ਦਾ ਉਦਘਾਟਨ




ਆਵਾਜ਼ਿ ਕੌਮ AWAZE QAUM International Newspaper & WEB TV

**ਚੌਕ ਮਹਿਤਾ, 24 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਰਮਦਾਸ ਖੇਤਰ ਵਿੱਚ ਹੜਾਂ ਦੌਰਾਨ ਕੰਮ ਕਰਨ ਵਾਲੀਆਂ ਸੰਸਥਾਵਾਂ ਨਾਮਧਾਰੀ ਸੰਸਥਾ ਇਸਤਰੀ ਵਿੰਗ, ਸਰਬੱਤ ਦਾ ਭਲਾ ਟਰੱਸਟ ਚੈਰੀਟੇਬਲ ਅਤੇ ਪੰਜਾਬ ਇਸਤਰੀ ਸਭਾ ਦੇ ਸਹਿਯੋਗ ਨਾਲ ਰਮਦਾਸ ਦੇ ਨੇੜੇ ਪਿੰਡ ਗੱਗੜ ਵਿਖੇ ਲੜਕੀਆਂ ਨੂੰ ਹੱਥੀ ਕੰਮ ਸਿਖਾਉਣ ਦੇ ਤਹਿਤ ਸਿਲਾਈ ਸੈਂਟਰ ਖੋਲਿਆ ਗਿਆ। ਇਸ ਸਿਲਾਈ ਸੈਂਟਰ ਵਿੱਚ ਪਿੰਡ ਗੱਗੜ ਦੀਆਂ ਲੜਕੀਆਂ ਸਿਲਾਈ ਦੀ ਟ੍ਰੇਨਿੰਗ ਲੈਣ ਉਪਰੰਤ ਸਰਟੀਫਿਕੇਟ ਵੀ ਪ੍ਰਾਪਤ ਕਰਨਗੀਆ, ਜਿਸ ਆਧਾਰ 'ਤੇ ਉਹਨਾਂ ਨੂੰ ਸਵੈ ਰੁਜ਼ਗਾਰ ਮਿਲ ਸਕੇਗਾ। ਇਸ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੀਮਤੀ ਭੁਪਿੰਦਰ ਕੌਰ ਪ੍ਰਧਾਨ ਨਾਮਧਾਰੀ ਸੰਸਥਾ ਇਸਤਹੀ ਵਿੰਗ ਅਤੇ ਸ਼੍ਰੀਮਤੀ ਰਜਿੰਦਰ ਕੌਰ ਪ੍ਰਧਾਨ ਪੰਜਾਬ ਇਸਤਰੀ ਸਭਾ ਨੇ ਦੱਸਿਆ ਕਿ ਇਸ ਇਲਾਕੇ ਵਿੱਚ ਹੜਾਂ ਦੇ ਮੁਸ਼ਕਿਲ ਸਮੇਂ ਦੌਰਾਨ ਸਾਡੀਆਂ ਸੰਸਥਾਵਾਂ ਵੱਲੋਂ ਸਰਕਾਰ ਦੇ ਸਹਿਯੋਗ ਨਾਲ ਬਹੁਤ ਸਾਰੇ ਪਿੰਡਾਂ ਵਿੱਚ ਰਾਹਤ ਸਮੱਗਰੀ ਵੰਡੀ ਗਈ। ਇਸ ਦੌਰਾਨ ਉਹਨਾਂ ਨੂੰ ਇਹ ਮਹਿਸੂਸ ਹੋਇਆ ਕਿ ਇਹਨਾਂ ਪਿੰਡਾਂ ਵਿੱਚ ਵਸਦੇ ਲੋਕਾਂ, ਖਾਸ ਤੌਰ 'ਤੇ ਲੜਕੀਆਂ ਨੂੰ ਸਵੈ ਨਿਰਭਰ ਬਣਾਉਣ ਲਈ ਅਤੇ ਉਹਨਾਂ ਵਿੱਚ ਸਕਿੱਲ ਪੈਦਾ ਕਰਨ ਲਈ ਬਹੁਤ ਜਿਆਦਾ ਵੱਡੇ ਪੱਧਰ ਤੇ ਕੰਮ ਕਰਨ ਦੀ ਲੋੜ ਹੈ। ਪਿੰਡ ਦੀਆਂ ਲੜਕੀਆਂ ਨੂੰ ਸਰਬੱਤ ਦਾ ਭਲਾ ਟਰੱਸਟ ਚੈਰੀਟੇਬਲ ਦੇ ਸਹਿਯੋਗ ਨਾਲ ਮੁਫਤ ਉਚੇਰੀ ਵਿਦਿਆ ਦੇਣ ਦੇ ਨਾਲ- ਨਾਲ ਹੋਰ ਕਿੱਤਿਆਂ ਵਿੱਚ ਵੀ ਪੜ੍ਹਾਈ ਕਰਵਾਉਣ ਦਾ ਉਦਮ ਕੀਤਾ ਜਾ ਰਿਹਾ ਹੈ। ਇਸ ਸਾਰੇ ਕੰਮ ਲਈ ਸਤਿਕਾਰਯੋਗ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਅਤੇ ਸਕੂਲ ਸਿੱਖਿਆ ਵਿਭਾਗ ਅੰਮ੍ਰਿਤਸਰ ਦਾ ਸਾਥ ਲਿਆ ਜਾ ਰਿਹਾ ਹੈ। ਉਹਨਾਂ ਨੇ ਪਿੰਡ ਦੇ ਸਰਪੰਚ ਮੈਂਬਰਾਂ ਅਤੇ ਹੋਰ ਅਹੁਦੇਦਾਰਾਂ ਦਾ ਬਹੁਤ ਹੀ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਉਹ ਇਸ ਸੇਵਾ ਦੇ ਕੰਮ ਵਿੱਚ ਸਫਲ ਹੋਣ ਲਈ ਕੋਸ਼ਿਸ਼ ਕਰ ਰਹੇ ਹਨ। ਉਹਨਾਂ ਨੇ ਪਿੰਡ ਦੇ ਆਂਗਣਵਾੜੀ ਸੈਂਟਰ ਦੇ ਇੰਚਾਰਜ ਸ਼੍ਰੀਮਤੀ ਪਰਮਜੀਤ ਕੌਰ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ, ਜਿਸ ਕਾਰਨ ਇਹ ਸਭ ਕਰਨਾ ਸੰਭਵ ਹੋ ਸਕਿਆ। ਹੋਰ ਜਾਣਕਾਰੀ ਦਿੰਦਿਆਂ ਹੋਇਆਂ ਸ.ਸੁਖਪਾਲ ਸਿੰਘ ਸੰਧੂ ਜ਼ਿਲ੍ਹਾ ਗਾਈਡੈਂਸ ਕੌਂਸਲਰ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਅੰਮ੍ਰਿਤਸਰ ਨੇ ਦੱਸਿਆ ਕਿ ਇਹ ਪਿੰਡ ਅੰਮ੍ਰਿਤਸਰ ਤੋਂ ਕਾਫੀ ਦੂਰ ਹੈ ਅਤੇ ਗੱਗੜ ਤੋਂ ਰਮਦਾਸ ਤੱਕ ਆਵਾਜਾਈ ਦੇ ਸਾਧਨ ਵੀ ਨਹੀਂ ਹਨ। ਇਹ ਸੰਸਥਾਵਾਂ ਵੱਲੋਂ ਉਹਨਾਂ ਬੱਚਿਆਂ ਲਈ, ਜੋ ਸ਼ਹਿਰ ਜਾ ਕੇ ਪੜ੍ਹਨਾ ਚਾਹੁੰਦੇ ਹਨ, ਗੱਗੜ ਤੋਂ ਰਮਦਾਸ ਤੱਕ ਆਟੋ ਦਾ ਪ੍ਰਬੰਧ ਵੀ ਕੀਤਾ ਹੈ। ਇਸ ਮੌਕੇ 'ਤੇ ਪਿੰਡ ਦੇ ਸਰਪੰਚ ਸ਼੍ਰੀਮਤੀ ਅਮਨਦੀਪ ਕੌਰ ਅਤੇ ਪਿੰਡ ਦੇ ਸਮੂਹ ਵਾਸੀਆਂ ਵੱਲੋਂ ਸ਼੍ਰੀਮਤੀ ਭੁਪਿੰਦਰ ਕੌਰ ਪ੍ਰਧਾਨ ਇਸਤਰੀ ਵਿੰਗ ਨਾਮਧਾਰੀ ਸੰਸਥਾ ਅਤੇ ਸੰਸਥਾ ਦੇ ਮੁਖੀ ਠਾਕੁਰ ਦਲੀਪ ਸਿੰਘ ਅਤੇ ਸਾਰੀ ਨਾਮਧਾਰੀ ਸੰਗਤ ਦਾ ਧੰਨਵਾਦ ਕੀਤਾ। ਸ਼੍ਰੀਮਤੀ ਰਜਿੰਦਰ ਕੌਰ ਪ੍ਰਧਾਨ ਇਸਤਰੀ ਸਭਾ ਪੰਜਾਬ ਅਤੇ ਸੰਸਥਾ ਦੇ ਸਾਰੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ ਅਤੇ ਇਸੇ ਪ੍ਰਕਾਰ ਡਾਕਟਰ ਜੀਵਨ ਜੋਤ ਕੌਰ ਅਤੇ ਸਰਬੱਤ ਦਾ ਭਲਾ ਟਰੱਸਟ ਚੈਰੀਟੇਬਲ ਦੇ ਮੁਖੀ ਡਾਕਟਰ ਐਸ ਪੀ ਸਿੰਘ ਉਬਰਾਏ ਅਤੇ ਉਹਨਾਂ ਦੇ ਅਹੁਦੇਦਾਰਾਂ ਦਾ ਬਹੁਤ ਧੰਨਵਾਦ ਕੀਤਾ। ਵਿਦਿਆਰਥੀਆਂ ਦਾ ਲੱਡੂ ਵੰਡ ਕੇ ਮੂੰਹ ਮਿੱਠਾ ਕਰਵਾਇਆ ਗਿਆ ਅਤੇ ਨਾਲ ਹੀ ਸਕੂਲ ਬੈਗ ਵੰਡੇ ਗਏ। ਇਸ ਮੌਕੇ 'ਤੇ ਸ ਸ਼ਮਸ਼ੇਰ ਸਿੰਘ, ਸ਼੍ਰੀਮਤੀ ਦਲਜੀਤ ਕੌਰ ਅਤੇ ਪਿੰਡ ਦੀਆਂ ਹੋਰ ਮੋਹਤਬਰ ਮਹਿਲਾਵਾਂ ਵੀ ਮੌਜੂਦ ਸਨ।

# ਰਾਘਵ ਚੱਡਾ ਐਂਡ ਪਾਰਟੀ ਨੂੰ ਪੰਜਾਬ ਦੇ ਲੋਕ ਪਹਿਲਾਂ ਹੀ ਪਸੰਦ ਨਹੀਂ ਕਰਦੇ ਸਨ-ਬਸੰਤ ਕਾਂਝਲਾ



ਆਵਾਜ਼ਿ ਕੌਮ AWAZE QAUM International Newspaper & WEB TV

**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਨੂੰ ਛੱਡ ਕੇ ਸੱਤ ਰਾਜ ਸਭਾ ਮੈਂਬਰ ਰਾਘਵ ਚੱਡਾ ਐਂਡ ਪਾਰਟੀ ਬੀਜੇਪੀ ਦੇ ਵਿੱਚ ਸ਼ਾਮਿਲ ਹੋਣ ਤੇ ਸਖ਼ਤ ਸ਼ਬਦਾ ਵਿੱਚ ਨਿੰਦਾ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਟਰੇਡ ਕਮਿਸ਼ਨ ਦੇ ਮੈਂਬਰ ਬਸੰਤ ਕਾਂਝਲਾ ਨੇ ਕਿਹਾ ਕਿ ਪੰਜਾਬ ਦੇ ਲੋਕ ਰਾਘਵ ਚੱਡਾ ਐਂਡ ਪਾਰਟੀ ਤੋਂ ਪੰਜਾਬ ਦੇ ਲੋਕ ਪਹਿਲਾਂ ਹੀ ਅੱਕੇ ਹੋਏ ਸਨ ਕਿਉਂਕਿ ਉਹਨਾਂ ਨੇ ਕਦੇ ਵੀ ਰਾਜ ਸਭਾ ਵਿੱਚ ਪੰਜਾਬ ਅਤੇ ਪੰਜਾਬੀਅਤ ਦੀ ਗੱਲ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕਪ੍ਰਿਅਤਾ ਨੂੰ ਪਿਆਰ ਕਰਦੇ ਹਨ ਨਾ ਕੇ ਦਿੱਲੀ ਵਾਲੇ ਲਾਲਿਆਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਦੁਬਾਰਾ ਸਰਕਾਰ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਕਰਕੇ ਹੀ ਬਣੇਗੀ । ਉਹਨਾਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਨੇ ਜਿਹੜੇ ਕੰਮ ਪਿਛਲੇ ਚਾਰ ਸਾਲਾਂ ਦੇ ਵਿੱਚ ਦਿੱਤੇ ਉਹ ਪਿਛਲੀਆਂ ਸਰਕਾਰਾਂ 70 ਸਾਲਾਂ ਦੇ ਵਿੱਚ ਵੀ ਨਹੀਂ ਕਰ ਸਕਦੀਆਂ ।

# ਸਬ ਡਵੀਜਨ ਦਿੜ੍ਹਬਾ ਚ ਪੁਲਿਸ ਨੇ 15 ਨਸ਼ਾ ਤਕਸਰ ਕਾਬੂ ਕਰਕੇ 12 ਜਣਿਆਂ ਦੀ ਨਸ਼ਾ ਮੁਕਤੀ ਅਰੰਭੀ - ਐਸ.ਐਸ.ਪੀ. ਸਰਤਾਜ ਸਿੰਘ ਚਾਹਲ



ਆਵਾਜ਼ਿ ਕੌਮ AWAZE QAUM International Newspaper & WEB TV

ਦਿੜ੍ਹਬਾ ( ਰਣਜੀਤ ਸਿੰਘ ਪੇਧਨੀ ) :ਸੰਗਰੂਰ ਪੁਲਿਸ ਨੇ ਸਬ ਡਵੀਜਨ ਦਿੜ੍ਹਬਾ ਅੰਦਰ "ਯੁੱਧ ਨਸ਼ਿਆਂ ਵਿਰੁੱਧ" ਅਤੇ "ਪਿੰਡਾਂ ਦੇ ਪਹਿਰੇਦਾਰ" ਮੁਹਿੰਮ ਦੌਰਾਨ ਨਸ਼ਾ ਤਸਕਰਾਂ ਵਿਰੁੱਧ ਵੱਡੀ ਕਾਰਵਾਈ ਕਰਦਿਆਂ 15 ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਪ੍ਰਗਟਾਵਾ ਸੰਗਰੂਰ ਦੇ ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਨੇ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਡੀ.ਜੀ.ਪੀ. ਗੌਰਵ ਯਾਦਵ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਮੁਹਿੰਮ ਦੇ ਚੰਗੇ ਨਤੀਜੇ ਸਾਹਮਣੇ ਆ ਰਹੇ ਹਨ। ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਦਿੜ੍ਹਬਾ ਸਬ ਡਵੀਜਨ ਦੀ ਪੁਲਿਸ ਨੇ ਮਿਤੀ 17 ਅਪ੍ਰੈਲ ਤੋਂ 23 ਅਪ੍ਰੈਲ 2026 ਤੱਕ ਐੱਨ.ਡੀ.ਪੀ.ਐੱਸ ਐਕਟ ਤਹਿਤ 09 ਮੁੱਕਦਮੇ ਦਰਜ ਕਰਕੇ 15 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਤੇ ਇੰਨਾਂ ਵੱਖ-ਵੱਖ ਮੁੱਕਦਮਿਆਂ ਵਿੱਚ 228 ਨਸ਼ੀਲੀਆਂ ਗੋਲੀਆਂ ਅਤੇ 24 ਗ੍ਰਾਮ ਹੈਰੋਇਨ ਬਰਾਮਦ ਕੀਤੀ। ਇਸ ਤੋਂ ਇਲਾਵਾ ਨਸ਼ੇ ਦੀ ਦਲਦਲ ਵਿੱਚ ਫਸੇ 07 ਵਿਅਕਤੀਆਂ ਨੂੰ ਨਸ਼ਾ ਮੁਕਤੀ ਕੇਂਦਰ ਵਿੱਚ ਭਰਤੀ ਕਰਵਾਇਆ ਹੈ ਅਤੇ 05 ਵਿਅਕਤੀਆਂ ਦੀ ਓਟ ਸੈਂਟਰ ਵਿੱਚ ਰਜਿਸਟਰੇਸ਼ਨ ਕਰਵਾਕੇ ਦਵਾਈ ਸ਼ੁਰੂ ਕਰਵਾਈ ਗਈ ਹੈ। ਉਨ੍ਹਾਂ ਹੋਰ ਦੱਸਿਆ ਕਿ ਸਬ ਡਵੀਜਨ ਦਿੜ੍ਹਬਾ ਦੀ ਪੁਲਿਸ ਵੱਲੋਂ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲਾਂ ਦੇ ਵੱਖ-ਵੱਖ ਜੁਰਮਾਂ ਤਹਿਤ 105 ਟਰੈਫਿਕ ਚਲਾਣ ਕੀਤੇ ਗਏ ਅਤੇ ਅਮਨ ਕਾਨੂੰਨ ਵਿੱਚ ਖਲਲ ਪਾਉਣ ਵਾਲੇ 18 ਵਿਅਕਤੀਆਂ ਖ਼ਿਲਾਫ਼ ਰੋਕੂ ਕਾਰਵਾਈ ਕੀਤੀ ਗਈ। ਇਲਾਕੇ ਵਿੱਚ ਆਮ ਪਬਲਿਕ ਦੀ ਸੁਰੱਖਿਆ ਦੇ ਮੱਦੇਨਜ਼ਰ ਦਿਨ-ਰਾਤ ਸਮੇਂ ਨਾਕਾਬੰਦੀ ਅਤੇ ਪੈਟਰੋਲਿੰਗ ਦੌਰਾਨ 60 ਸ਼ੱਕੀ ਵਿਅਕਤੀਆਂ ਖਿਲਾਫ 172 ਬੀ.ਐਨ.ਐਸ.ਐਸ. ਤਹਿਤ ਕਾਰਵਾਈ ਕੀਤੀ ਗਈ ਹੈ। ਐਸ.ਐਸ.ਪੀ ਚਾਹਲ ਨੇ ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰਕੇ ਆਮ ਲੋਕਾਂ ਅਤੇ ਖਾਸ ਕਰਕੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਦੇ ਕਾਲੇ ਕਾਰੋਬਾਰ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹ ਦੇਣ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸੰਗਰੂਰ ਪੁਲਿਸ ਇਸ ਗੱਲੋਂ ਵਚਨਬੱਧ ਹੈ ਕਿ ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾਣ।

# ਭਗਵੰਤ ਮਾਨ ਸਰਕਾਰ ਨੇ ਸਿੱਖਿਆ ਕ੍ਰਾਂਤੀ ਰਾਹੀਂ ਸੂਬੇ ਦੇ ਸਕੂਲਾਂ ਦੀ ਬਦਲੀ ਨੁਹਾਰ: ਨਰਿੰਦਰ ਕੌਰ ਭਰਾਜ



ਆਵਾਜ਼ਿ ਕੌਮ AWAZE QAUM International Newspaper & WEB TV

**ਸੰਗਰੂਰ (ਰਣਜੀਤ ਸਿੰਘ ਪੇਧਨੀ )**-ਸੰਗਰੂਰ ਦੇ ਵਿਧਾਇਕਾ ਬੀਬੀ ਨਰਿੰਦਰ ਕੌਰ ਭਰਾਜ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲਿਆਂਦੀ ਗਈ ਸਿੱਖਿਆ ਕ੍ਰਾਂਤੀ ਨਾਲ ਸੂਬੇ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਵਿੱਚ ਵੱਡਾ ਬਦਲਾਅ ਆਇਆ ਹੈ ਅਤੇ ਵਿਦਿਆਰਥੀਆਂ ਨੂੰ ਉੱਚ ਮਿਆਰੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਵਿਧਾਇਕਾ ਨੇ ਅੱਜ ਪਿੰਡ ਫੱਗੂਵਾਲਾ ਵਿਖੇ ਜਥੇਦਾਰ ਜੰਗੀਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ 25.68 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਆਧੁਨਿਕ ਸਾਇੰਸ ਲੈਬ, ਨੈਸ਼ਨਲ ਸਕਿਲ ਕੁਆਲੀਫਿਕੇਸ਼ਨ ਲੈਬ ਅਤੇ ਸਕੂਲ ਦੇ ਨਵੀਨੀਕਰਨ ਕਾਰਜਾਂ ਦਾ ਉਦਘਾਟਨ ਕੀਤਾ ਅਤੇ ਇਹ ਸਹੂਲਤਾਂ ਵਿਦਿਆਰਥੀਆਂ ਨੂੰ ਸਮਰਪਿਤ ਕੀਤੀਆਂ। ਇਸ ਮੌਕੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਬੀਬੀ ਭਰਾਜ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਨਿੱਜੀ ਸਕੂਲਾਂ ਨਾਲੋਂ ਵੀ ਬਿਹਤਰ ਸਿੱਖਿਆ ਪ੍ਰਦਾਨ ਕਰਨਾ ਮਾਨ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਆਧੁਨਿਕ ਲੈਬਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਨਾਲ ਵਿਦਿਆਰਥੀਆਂ ਨੂੰ ਪ੍ਰਯੋਗਾਤਮਕ ਸਿੱਖਿਆ ਮਿਲੇਗੀ ਅਤੇ ਉਨ੍ਹਾਂ ਦੇ ਭਵਿੱਖ ਲਈ ਨਵੇਂ ਰਸਤੇ ਖੁੱਲ੍ਹਣਗੇ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਵੱਡੇ ਸੁਧਾਰਾਂ ਨਾਲ ਸਰਕਾਰੀ ਸਕੂਲਾਂ ਵਿੱਚ ਦਾਖ਼ਿਲਆਂ ਦੀ ਦਰ ਵਿੱਚ ਵਾਧਾ ਹੋਇਆ ਹੈ ਅਤੇ ਮਾਪਿਆਂ ਦਾ ਭਰੋਸਾ ਵੀ ਵਧਿਆ ਹੈ। ਉਨ੍ਹਾਂ ਸਕੂਲ ਵਿੱਚ ਹੋਏ ਨਵੀਨੀਕਰਨ ਕਾਰਜਾਂ ਲਈ ਸਕੂਲ ਪ੍ਰਬੰਧਨ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਦੌਰਾਨ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਗੁਰਪ੍ਰੀਤ ਸਿੰਘ, ਲਖਵਿੰਦਰ ਸਿੰਘ ਲੱਖਾ, ਲਖਵਿੰਦਰ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ ਤਰਵਿੰਦਰ ਕੌਰ, ਪਿੰਡ ਦੇ ਸਰਪੰਚ ਗੁਰਪ੍ਰੀਤ ਸਿੰਘ, ਸਮੂਹ ਗ੍ਰਾਮ ਪੰਚਾਇਤ ਮੈਂਬਰ, ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

### ਵਪਾਰੀਆਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਪੰਜਾਬ ਸਰਕਾਰ ਨੇ

# ਟਰੇਡ ਕਮਿਸ਼ਨ ਦਾ ਗਠਨ ਕੀਤਾ: ਓ.ਐਸ.ਡੀ ਸੁਖਵੀਰ ਸਿੰਘ



**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਦੇ ਵਾਰਡ ਨੰਬਰ 4 ਵਿੱਚ ਓ.ਐਸ.ਡੀ ਸੁਖਵੀਰ ਸਿੰਘ ਵੱਲੋਂ ਵਪਾਰੀਆਂ ਨਾਲ ਬੈਠਕ ਕੀਤੀ ਗਈ, ਜਿਸ ਦੌਰਾਨ ਇਲਾਕੇ ਦੇ ਜੁੱਤੀਆਂ ਦੇ ਵਪਾਰ ਨਾਲ ਜੁੜੇ ਵਪਾਰੀਆਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਓ.ਐਸ.ਡੀ ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਪੂਰੀ ਤਰ੍ਹਾਂ ਸੰਵੇਦਨਸ਼ੀਲ ਹੈ ਅਤੇ ਇਸੇ ਮਕਸਦ ਨਾਲ ਟਰੇਡ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ, ਤਾਂ ਜੋ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦਾ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਹੱਲ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਵਪਾਰੀਆਂ ਦੇ ਹਿਤਾਂ ਦੀ ਰੱਖਿਆ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਸਰਕਾਰ ਤੱਕ ਪਹੁੰਚਾਇਆ ਜਾਵੇਗਾ ਅਤੇ ਉਨ੍ਹਾਂ ਦੇ ਹੱਲ ਲਈ ਜ਼ਰੂਰੀ ਕਾਰਵਾਈ ਕੀਤੀ ਜਾਵੇਗੀ। ਬੈਠਕ ਦੌਰਾਨ ਵਪਾਰੀਆਂ ਨੇ ਆਪਣੀਆਂ ਵੱਖ-ਵੱਖ ਸਮੱਸਿਆਵਾਂ ਰੱਖੀਆਂ, ਜਿਨ੍ਹਾਂ ਨੂੰ ਧਿਆਨ ਨਾਲ ਸੁਣਦਿਆਂ ਓ.ਐਸ.ਡੀ ਸੁਖਵੀਰ ਸਿੰਘ ਨੇ ਉਨ੍ਹਾਂ ਦੇ ਹੱਲ ਲਈ ਸੰਬੰਧਿਤ ਵਿਭਾਗਾਂ ਨਾਲ ਗੱਲਬਾਤ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਡਾ. ਅਨਵਰ ਭਸੌੜ, ਐਡਵੋਕੇਟ ਰਾਜੀਵ ਚੌਧਰੀ, ਐਡਵੋਕੇਟ ਹੈਪੀ ਗਰਗ, ਸਪਰਸ਼ ਜਿੰਦਲ, ਰਾਜਨ ਕੁਮਾਰ ਗਰਗ, ਸੁਰੇਸ਼ ਜਿੰਦਲ, ਮੋਹਿਤ ਜਿੰਦਲ, ਕੁਲਵਿੰਦਰ ਸਿੰਘ ਹਸਨਪੁਰ ਸ਼ੂਜ ਮਰਚੈਂਟ ਐਸੋਸੀਏਸ਼ਨ ਦੇ ਮੈਂਬਰਾਂ ਸਮੇਤ ਵੱਡੀ ਗਿਣਤੀ ਵਾਰਡ ਨੰਬਰ 4 ਦੇ ਵਸਨੀਕ ਤੇ ਵਪਾਰੀ ਮੌਜੂਦ ਸਨ।

**ਧੂਰੀ ਦੇ ਵਾਰਡ ਨੰਬਰ 4 'ਚ ਵਪਾਰੀਆਂ ਨਾਲ ਓ.ਐਸ.ਡੀ ਸੁਖਵੀਰ ਸਿੰਘ ਨੇ ਕੀਤੀ ਬੈਠਕ**

### ਧੂਰੀ ਵਿਖੇ ਰਿਹਾਇਸ਼ੀ ਮਕਾਨ 'ਚ ਕੱਚ ਦੀ ਬੋਤਲ ਵਿੱਚ ਪੈਟਰੋਲ ਨੂੰ ਅੱਗ ਲਗਾ ਕੇ ਸੁੱਟਣ ਵਾਲੀ ਵਾਰਦਾਤ ਹੱਲ- ਸਰਤਾਜ ਸਿੰਘ ਚਾਹਲ

# 3 ਦੋਸ਼ੀ ਕਾਬੂ, ਵਾਰਦਾਤ ਸਮੇਂ ਵਰਤਿਆ ਮੋਟਰਸਾਇਕਲ ਵੀ ਬ੍ਰਾਮਦ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸੰਗਰੂਰ ਦੇ ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਹੈ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖ਼ਿਲਾਫ਼ ਚਲਾਈ ਗਈ ਮੁਹਿੰਮ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ ਜਦੋਂ ਪੁਲਿਸ ਨੇ ਧੂਰੀ ਵਿਖੇ ਰਿਹਾਇਸ਼ੀ ਮਕਾਨ 'ਚ ਕੱਚ ਦੀ ਬੋਤਲ ਵਿੱਚ ਪੈਟਰੋਲ ਨੂੰ ਅੱਗ ਲਗਾ ਕੇ ਸੁੱਟਣ ਵਾਲੀ ਵਾਰਦਾਤ ਹੱਲ ਕਰ ਲਈ। ਇੱਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਐਸ ਐਸ ਪੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਥਾਣਾ ਸਿਟੀ ਧੂਰੀ ਦੇ ਏਰੀਆ ਵਿੱਚ ਰਿਹਾਇਸ਼ੀ ਮਕਾਨ ਵਿੱਚ ਕੱਚ ਦੀ ਬੋਤਲ ਵਿੱਚ ਪੈਟਰੌਲ ਪਾ ਕੇ ਉਸਨੂੰ ਅੱਗ ਲਗਾ ਕੇ ਸੁੱਟਣ ਵਾਲੇ 03 ਦੋਸੀਆਂ ਨੂੰ ਗ੍ਰਿਫਤਾਰ ਕਰਕੇ ਵਾਰਦਾਤ ਸਮੇਂ ਵਰਤਿਆ ਮੋਟਰਸਾਇਕਲ ਵੀ ਬ੍ਰਾਮਦ ਕਰਵਾ ਲਿਆ ਗਿਆ ਹੈ। ਸ੍ਰੀ ਚਾਹਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਥਾਣਾ ਸਿਟੀ ਧੂਰੀ ਵਿਖੇ ਇਤਲਾਹ ਮਿਲੀ ਸੀ ਕਿ ਮਿਤੀ 20.04.2026 ਨੂੰ ਕਰੀਬ 11 ਵਜੇ ਰਾਤ 03 ਅਣਪਛਾਤਿਆਂ ਨੇ ਦਰਸ਼ਨ ਕੁਮਾਰ ਵਾਸੀ ਧੂਰੀ ਦੇ ਰਿਹਾਇਸ਼ੀ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਅੱਗ ਲਗਾ ਕੇ ਸੁੱਟਿਆ ਸੀ। ਜਿਸ 'ਤੇ ਮੁਕੱਦਮਾ ਨੰਬਰ 59 ਮਿਤੀ 21.04.2026 ਅ/ਧ 326(ਜੀ) ਬੀ ਐਨ ਐਸ ਅਤੇ 05 ਦੀ ਪੰਜਾਬ ਪ੍ਰੀਵੈਂਨਸ਼ਨ ਆਫ ਡੈਮੇਜ ਟੂ ਪਬਲਿਕ ਐਂਡ ਪ੍ਰਾਈਵੇਟ ਪ੍ਰਾਪਰਟੀ ਐਕਟ 2014 ਅਧੀਨ ਥਾਣਾ ਸਿਟੀ ਧੂਰੀ ਵਿਖੇ 03 ਅਣਪਛਾਤੇ ਦੋਸ਼ੀਆਂ ਖ਼ਿਲਾਫ਼ ਦਰਜ ਕਰਕੇ ਤਫਤੀਸ਼ ਕੀਤੀ ਗਈ। ਐਸ ਐਸ ਪੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਇਸ ਮੁਕੱਦਮੇ ਨੂੰ ਹੱਲ ਕਰਨ ਲਈ ਐਸ ਪੀ ਜਾਂਚ ਦਵਿੰਦਰ ਅੱਤਰੀ ਦੀ ਅਗਵਾਈ ਹੇਠ ਡੀ ਐਸ ਪੀ ਧੂਰੀ ਗੁਰਪ੍ਰੀਤ ਸਿੰਘ, ਅਤੇ ਡੀ ਐਸ ਪੀ (ਡਿਟੈਕਟਿਵ) ਸੰਗਰੂਰ ਸੰਜੀਵ ਸਿੰਗਲਾ ਦੀ ਨਿਗਰਾਨੀ ਹੇਠ ਇੰਚਾਰਜ ਸੀ.ਆਈ.ਏ ਬਹਾਦਰ ਸਿੰਘ ਵਾਲਾ ਇੰਸਪੈਕਟਰ ਸੰਦੀਪ ਸਿੰਘ ਅਤੇ ਮੁੱਖ ਅਫਸਰ ਥਾਣਾ ਸਿਟੀ ਧੂਰੀ ਇੰਸਪੈਕਟਰ ਜਸਵੀਰ ਸਿੰਘ ਦੀਆਂ ਟੀਮਾਂ ਬਣਾ ਕੇ ਤਫਤੀਸ਼ ਕੀਤੀ ਗਈ। ਐਸ ਐਸ ਪੀ ਨੇ ਦੱਸਿਆ ਕਿ ਇਸ ਦੌਰਾਨ ਲਮਿਤੀ 23.04.2026 ਨੂੰ ਦੋਸੀਆਂ ਵੰਸ਼ ਉਰਫ ਕਾਲੀ ਪੁੱਤਰ ਰਾਹੁਲ, ਸਮੀਰ ਉਰਫ ਕਾਕਾ ਪੁੱਤਰ ਸੰਜੀਵ ਕੁਮਾਰ, ਸਮੀਰ ਉਰਫ ਪੋਪੀ ਪੁੱਤਰ ਰਾਮਵੀਰ ਵਾਸੀਆਨ ਨੇੜੇ ਬੱਸ ਸਟੈਂਡ, ਧੂਰੀ ਨੂੰ ਨਾਮਜਦ ਕਰਕੇ ਗ੍ਰਿਫਤਾਰ ਕੀਤਾ ਗਿਆ ਤੇ ਵਾਰਦਾਤ ਸਮੇਂ ਵਰਤਿਆ ਮੋਟਰਸਾਇਕਲ ਬ੍ਰਾਮਦ ਕੀਤਾ ਗਿਆ। ਇਨ੍ਹਾਂ ਤੋਂ ਡੂੰਘਾਈ ਨਾਲ ਪੁੱਛ ਗਿੱਛ ਕਰਨ 'ਤੇ ਇਹ ਗੱਲ ਸਾਹਮਣੇ ਆਈ ਕਿ ਉਹਨਾਂ ਨੇ ਰੋਹਿਤ ਉਰਫ ਘੋੜਾ ਪੁੱਤਰ ਰਾਜਨ ਵਾਸੀ ਨੇੜੇ ਬੱਸ ਸਟੈਂਡ ਧੂਰੀ ਦੇ ਕਹਿਣ 'ਤੇ ਉਸਦੇ ਸਹੁਰੇ ਰਣਜੀਤ ਸਿੰਘ ਦੇ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਅੱਗ ਲਗਾ ਕੇ ਸੁੱਟਣਾ ਸੀ, ਪ੍ਰੰਤੂ ਗਲਤੀ ਨਾਲ ਉਹਨਾਂ ਨੇ ਦਰਸ਼ਨ ਕੁਮਾਰ ਦੇ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੌਲ ਪਾ ਕੇ ਅੱਗ ਲਗਾ ਕੇ ਸੁੱਟ ਦਿੱਤਾ ਸੀ। ਉਨ੍ਹਾਂ ਕਿਹਾ ਕਿ ਦੋਸੀਆਂ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛ-ਗਿੱਛ ਕੀਤੀ ਜਾ ਰਹੀ ਹੈ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਧੂਰੀ ਦੇ ਵਾਰਡ ਨੰਬਰ 7 'ਚ 1.54 ਕਰੋੜ ਰੁਪਏ ਦੇ ਚੱਲ ਰਹੇ ਨੇ ਵਿਕਾਸ ਕਾਰਜ: ਓ.ਐਸ.ਡੀ. ਸੁਖਵੀਰ ਸਿੰਘ

### ਵਾਰਡ ਨੰਬਰ 7 ਦੇ ਵੱਡੀ ਗਿਣਤੀ ਲੋਕ ਆਮ ਆਦਮੀ ਪਾਰਟੀ 'ਚ ਹੋਏ ਸ਼ਾਮਲ



ਧੂਰੀ ( ਰਣਜੀਤ ਸਿੰਘ ਪੇਧਨੀ ) ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਵਾਰਡ ਨੰਬਰ 7 ਦੇ ਵੱਡੀ ਗਿਣਤੀ ਵਸਨੀਕਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਦਿਆਂ ਕਿਹਾ ਕਿ ਵਾਰਡ ਵਿੱਚ ਇਸ ਵੇਲੇ ਲਗਭਗ 1.54 ਕਰੋੜ ਰੁਪਏ ਦੇ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇਹਨਾਂ ਕਾਰਜਾਂ ਦੀ ਰਫ਼ਤਾਰ ਹੋਰ ਵਧਾਈ ਜਾਵੇਗੀ ਅਤੇ ਹਰ ਗਲੀ-ਮੁਹੱਲੇ ਤੱਕ ਆਧੁਨਿਕ ਸਹੂਲਤਾਂ ਪਹੁੰਚਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ-ਪੱਖੀ ਫੈਸਲੇ ਲੈ ਕੇ ਹਰ ਵਰਗ ਨੂੰ ਰਾਹਤ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਰਾਹੀਂ ਲੋਕਾਂ ਨੂੰ ਵੱਡੀ ਸਿਹਤ ਸੁਰੱਖਿਆ ਦਿੱਤੀ ਜਾ ਰਹੀ ਹੈ, ਜਦਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮੁਫ਼ਤ ਅਤੇ ਗੁਣਵੱਤਾ ਭਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

# ਯੂਕੇ ਅਦਾਲਤ ਵਲੋਂ ਸਿੱਖ ਔਰਤ ਦਾ ਪਿੱਛਾ ਕਰਣ ਅਤੇ ਜਬਰਜਿਨਾਹ ਕਰਨ ਵਾਲੇ ਵਿਅਕਤੀ ਨੂੰ ਉਮਰ ਕੈਦ ਦੀ ਸਜ਼ਾ



ਨਵੀਂ ਦਿੱਲੀ 24 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- 32 ਸਾਲਾ ਜੌਨ ਐਸ਼ਬੀ ਨੂੰ ਇੱਕ ਸਿੱਖ ਔਰਤ ਨਾਲ ਬਲਾਤਕਾਰ ਅਤੇ ਧਾਰਮਿਕ ਤੌਰ 'ਤੇ ਵਧੇ ਹੋਏ ਦੁਰਵਿਵਹਾਰ ਲਈ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ, ਜਿਸਦੀ ਘੱਟੋ-ਘੱਟ ਸਜ਼ਾ 14 ਸਾਲ ਹੈ। ਜਸਟਿਸ ਪੇਪਰਾਲ ਨੇ ਕਿਹਾ ਕਿ ਸਜ਼ਾ ਦੇ ਤਹਿਤ ਕੋਈ ਜਲਦੀ ਰਿਹਾਈ ਨਹੀਂ ਹੋਵੇਗੀ। ਜਸਟਿਸ ਪੇਪਰਲ ਨੇ ਐਸ਼ਬੀ ਨੂੰ ਕਿਹਾ ਤੁਸੀਂ ਔਰਤਾਂ ਲਈ ਬਹੁਤ ਵੱਡਾ ਖ਼ਤਰਾ ਪੈਦਾ ਕਰਦੇ ਹੋ ਅਤੇ ਇਹ ਦੱਸਣ ਦਾ ਕੋਈ ਭਰੋਸੇਯੋਗ ਤਰੀਕਾ ਨਹੀਂ ਹੈ ਕਿ ਤੁਸੀਂ ਕਿੰਨੀ ਦੇਰ ਤੱਕ ਖ਼ਤਰਾ ਬਣੇ ਰਹੋਗੇ। ਉਨ੍ਹਾਂ ਕਿਹਾ ਮੈਨੂੰ ਕੋਈ ਸ਼ੱਕ ਨਹੀਂ ਹੈ ਕਿ ਤੁਸੀਂ ਬਹੁਤ ਖਤਰਨਾਕ ਆਦਮੀ ਹੋ, ਖ਼ਤਰਨਾਕ ਹੋਣ ਦੇ ਜੋਖਮ ਦਾ ਮੁਲਾਂਕਣ ਕਰਦੇ ਹੋਏ, ਉਨ੍ਹਾਂ ਮੰਨਿਆਂ ਕਿ ਐਸ਼ਬੀ "ਜਨਤਾ ਲਈ - ਖਾਸ ਕਰਕੇ ਔਰਤ ਲਈ ਬਹੁਤ ਜ਼ਿਆਦਾ ਖ਼ਤਰਾ" ਬਣਿਆ ਹੋਇਆ ਹੈ। ਬਲਾਤਕਾਰ ਲਈ ਸਜ਼ਾ 'ਤੇ ਚਰਚਾ ਕਰਦੇ ਹੋਏ, ਜੱਜ ਨੇ ਕਿਹਾ ਕਿ ਇਹ ਅਪਰਾਧਾਂ ਦੀ ਅਤਿ ਪ੍ਰਕਿਰਤੀ ਦੇ ਕਾਰਨ, ਸ਼੍ਰੇਣੀ ਇੱਕ ਦੇ ਨੁਕਸਾਨ ਦਾ ਮਾਮਲਾ ਸੀ। ਐਸ਼ਬੀ ਪੀੜਤ ਦੇ ਘਰ ਵਿੱਚ ਜ਼ਬਰਦਸਤੀ ਦਾਖਲ ਹੋਇਆ ਸੀ, ਅਤੇ ਅਪਰਾਧ ਤੋਂ ਕਿਤੇ ਵੱਧ ਪੀੜਤ ਵਿਰੁੱਧ ਹਿੰਸਾ ਦੀ ਵਰਤੋਂ ਕੀਤੀ ਸੀ। ਜੱਜ ਨੇ ਕਿਹਾ ਕਿ ਐਸ਼ਬੀ ਦੇ ਅਪਰਾਧਾਂ ਦਾ ਪੀੜਤਾ ਅਤੇ ਉਸਦੇ ਸਾਥੀ 'ਤੇ ਵਿਨਾਸ਼ਕਾਰੀ ਪ੍ਰਭਾਵ ਪਿਆ ਹੈ। ਉਨ੍ਹਾਂ ਕਿਹਾ ਕਿ ਪੀੜਤ ਦੇ ਪ੍ਰਭਾਵ ਵਾਲੇ ਬਿਆਨਾਂ ਨੇ "ਉਸਦੀ ਜ਼ਿੰਦਗੀ ਦੇ ਹਰ ਪਹਿਲੂ ਨੂੰ ਪ੍ਰਭਾਵਿਤ ਕਰਨ ਵਾਲੇ ਅਪਰਾਧਾਂ ਦੇ "ਡੂੰਘੇ ਨਤੀਜੇ" ਨੂੰ ਦਰਸਾਇਆ ਹੈ। ਜਸਟਿਸ ਪੇਪਰਾਲ ਨੇ ਕਿਹਾ ਕਿ ਉਹ ਆਪਣੇ ਸਾਥੀ ਤੋਂ ਬਿਨਾਂ ਬਾਹਰ ਨਹੀਂ ਜਾ ਸਕਦੀ ਸੀ, ਅਤੇ ਅਪਰਾਧਾਂ ਨੇ "ਉਸਦੀ ਜ਼ਿੰਦਗੀ ਦੇ ਹਰ ਹਿੱਸੇ ਨੂੰ ਪ੍ਰਭਾਵਿਤ ਕੀਤਾ" ਸੀ। ਜੱਜ ਐਸ਼ਬੀ ਨੂੰ "ਬਹੁਤ ਹੀ ਨਾਪਸੰਦ ਨਸਲਵਾਦੀ ਅਤੇ ਇਸਲਾਮੋਫੋਬ" ਦੱਸਦਾ ਹੈ, ਅਤੇ ਕਹਿੰਦਾ ਹੈ ਕਿ ਉਸਨੇ ਆਪਣੇ ਪੀੜਤ ਦੀਆਂ ਡਰੀਆਂ ਹੋਈਆਂ ਚੀਕਾਂ ਨੂੰ ਨਜ਼ਰਅੰਦਾਜ਼ ਕੀਤਾ। ਇਹ ਹਮਲਾ ਅਕਤੂਬਰ ਵਿੱਚ ਵੈਸਟ ਮਿਡਲੈਂਡਜ਼ ਦੇ ਵਾਲਸਾਲ ਵਿੱਚ ਹੋਇਆ ਸੀ - ਅਦਾਲਤ ਨੂੰ ਦਸਿਆ ਗਿਆ ਕਿ ਐਸ਼ਬੀ ਔਰਤ ਦਾ ਘਰ ਤਕ ਪਿੱਛਾ ਕਰਦਾ ਸੀ ਅਤੇ ਉਸ ਨਾਲ ਬਲਾਤਕਾਰ ਕਰਦਾ ਸੀ। ਅਦਾਲਤ ਨੇ ਕਿਹਾ ਕਿ ਐਸ਼ਬੀ ਨੇ ਹਮਲੇ ਦੌਰਾਨ ਪੀੜਤਾ ਨੂੰ ਮੁਸਲਮਾਨ ਸਮਝ ਕੇ ਇਸਲਾਮੋਫੋਬਿਕ ਦੁਰਵਿਵਹਾਰ ਦਾ ਸ਼ਿਕਾਰ ਬਣਾਇਆ। ਪੀੜੀਤਾਂ ਨੇ ਕਿਹਾ ਇਸ ਘਟਨਾ ਨੇ ਇੱਕ ਵਿਅਕਤੀ ਦੇ ਤੌਰ 'ਤੇ ਮੇਰੀ ਪਛਾਣ ਅਤੇ ਜ਼ਿੰਦਗੀ ਨੂੰ ਕਿਵੇਂ ਜੀਉਂਦਾ ਹੈ, ਇਹ ਬਦਲ ਦਿੱਤਾ ਹੈ, ਉਸਨੇ ਅੱਗੇ ਕਿਹਾ ਕਿ ਜਦੋਂ ਐਸ਼ਬੀ ਨੇ ਆਪਣੇ ਮੁਕੱਦਮੇ ਦੇ ਦੂਜੇ ਦਿਨ ਆਪਣਾ ਦੋਸ਼ ਕਬੂਲ ਕੀਤਾ ਤਾਂ ਉਸਨੂੰ ਪਤਾ ਸੀ ਕਿ ਉਹ "ਆਖ਼ਰਕਾਰ ਆਜ਼ਾਦ" ਸੀ। ਸਿੱਖ ਫੈਡਰੇਸ਼ਨ (ਯੂ.ਕੇ.) ਦੇ ਮੁੱਖ ਕਾਰਜਕਾਰੀ ਦਬਿੰਦਰਜੀਤ ਸਿੰਘ ਓ.ਬੀ.ਈ. ਨੇ ਮਾਮਲੇ ਬਲਾਤਕਾਰੀ ਨੂੰ ਉਮਰ ਕੈਦ ਦੀ ਸਜ਼ਾ ਸੁਣਾਏ ਜਾਣ 'ਤੇ ਪ੍ਰਤੀਕਿਰਿਆ ਦੇਂਦਿਆ ਕਿਹਾ ਜਸਟਿਸ ਪੇਪਰਾਲ ਨੇ ਨਸਲਵਾਦੀ ਜੌਨ ਐਸ਼ਬੀ ਨੂੰ ਉਮਰ ਕੈਦ ਦੀ ਸਜ਼ਾ ਸੁਣਾ ਕੇ ਹਿੰਮਤ ਦਿਖਾਈ ਹੈ ਜੋ ਉਸਦੇ ਅਪਰਾਧ ਨਾਲ ਮੇਲ ਖਾਂਦੀ ਹੈ। ਉਸਨੇ ਉਸਨੂੰ ਇੱਕ ਬਹੁਤ ਹੀ ਖਤਰਨਾਕ ਆਦਮੀ ਦੱਸਿਆ। ਹਮਲੇ ਦੇ ਗੰਭੀਰ ਨਸਲਵਾਦੀ ਤੱਤ ਨੂੰ ਅਦਾਲਤੀ ਕਾਰਵਾਈ ਵਿੱਚ ਉਜਾਗਰ ਕੀਤਾ ਗਿਆ ਹੈ ਅਤੇ ਹਿੰਸਕ ਹਮਲੇ ਕਰਨ ਵਾਲੇ ਸਾਰੇ ਨਸਲਵਾਦੀਆਂ ਨੂੰ ਇੱਕ ਮਜ਼ਬੂਤ ਸੰਕੇਤ ਦਿੰਦਾ ਹੈ।

### ਜੱਗੀ ਜੋਹਲ, ਬੱਗਾ, ਸ਼ੇਰਾ ਅਤੇ ਹੋਰਾਂ ਨੂੰ

# ਦਿੱਲੀ ਅਦਾਲਤ ਅੰਦਰ ਕੀਤਾ ਗਿਆ ਪੇਸ਼



**ਨਵੀਂ ਦਿੱਲੀ 24 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਦੀ ਤਿਹਾੜ ਅਤੇ ਮੰਡੋਲੀ ਜੇਲ੍ਹ ਅੰਦਰ ਬੰਦ ਭਾਈ ਜਗਤਾਰ ਸਿੰਘ ਜੱਗੀ ਜੋਹਲ, ਰਮਨਦੀਪ ਸਿੰਘ ਬੱਗਾ, ਹਰਦੀਪ ਸਿੰਘ ਸ਼ੇਰਾ, ਅਮਨਿੰਦਰ ਸਿੰਘ, ਮਨਪ੍ਰੀਤ ਸਿੰਘ ਅਤੇ ਹੋਰਾਂ ਨੂੰ ਉਨ੍ਹਾਂ ਉਪਰ ਆਰਐਸਐਸ ਕਾਰਕੁਨ੍ਹਾਂ ਦੇ ਕਤਲ ਵਿਚ ਨਾਮਜਦ ਕੀਤੇ ਗਏ 8 ਕੇਸਾਂ ਅਧੀਨ ਦਿੱਲੀ ਦੀ ਇਕ ਅਦਾਲਤ ਅੰਦਰ ਪੁਲਿਸ ਦੀ ਸਖ਼ਤ ਸੁਰੱਖਿਆ ਹੇਠ 23 ਤਰੀਕ ਨੂੰ ਪੇਸ਼ ਕੀਤਾ ਗਿਆ । ਜਦਕਿ ਇਸ ਤੋਂ ਪਹਿਲਾਂ 21 ਅਤੇ 22 ਨੂੰ ਵੀਡੀਓ ਕਾਨਫਰੰਸ ਰਾਹੀਂ ਪੇਸ਼ ਕੀਤਾ ਗਿਆ ਸੀ। ਇਸ ਮੌਕੇ ਧਰਮਿੰਦਰ ਗੁਗਨੀ ਨੂੰ ਪਟਿਆਲਾ ਦੀ ਜੇਲ੍ਹ ਤੋਂ ਪ੍ਰਵੇਸ਼ ਤਿਹਾੜ ਜੇਲ੍ਹ ਤੋਂ ਆਸ਼ਿਸ਼ ਕੁਮਾਰ ਸੰਗਰੂਰ ਜੇਲ੍ਹ ਤੋਂ ਅਤੇ ਜਮਾਨਤ ਤੇ ਚਲ ਰਹੇ ਪਹਾੜ ਸਿੰਘ, ਜਾਵੇਦ, ਮਲੂਕ, ਅਨਿਲ ਕਾਲਾ, ਰਵੀਪਾਲ, ਜਾਵੇਦ, ਅਰਸ਼ਦਅਲੀ ਨਿੱਜੀ ਤੌਰ ਤੇ ਵੀਡੀਓ ਕਾਨਫਰੰਸ ਰਾਹੀਂ ਪੇਸ਼ ਹੋਏ ਸੀ। ਇਹ ਉਨ੍ਹਾਂ ਦੀ ਅਦਾਲਤ ਅੰਦਰ 68 ਵੀ ਟ੍ਰਾਇਲ ਪੇਸ਼ੀ ਸੀ। ਬੰਦੀ ਸਿੰਘਾਂ ਵਲੋਂ ਅਦਾਲਤ ਅੰਦਰ ਪੇਸ਼ ਹੋਏ ਪੰਥਕ ਵਕੀਲ ਭਾਈ ਜਸਪਾਲ ਸਿੰਘ ਮੰਝਪੁਰ ਨੇ ਦਸਿਆ ਅਦਾਲਤ ਅੰਦਰ ਤਿੰਨੋ ਦਿਨ ਇਕ ਇਕ ਗਵਾਹ ਪੇਸ਼ ਹੋਇਆ ਜੋ ਕਿ ਬੱਗਾ ਅਤੇ ਸ਼ੇਰਾ ਨਾਲ ਸੰਬੰਧਿਤ ਸੀ ਤੇ ਕੁਲ ਮਿਲਾ ਕੇ ਇਸ ਮਾਮਲੇ ਵਿਚ 40 ਗਵਾਹ ਭੁਗਤ ਚੁੱਕੇ ਹਨ । ਇਥੇ ਧਿਆਨ ਦੇਣ ਯੋਗ ਹੈ ਕਿ ਅੱਜ 3092 ਦਿਨ ਬੀਤ ਜਾਣ ਮਗਰੋਂ ਵੀ ਜੱਗੀ ਵਿਰੁੱਧ ਅਦਾਲਤ ਅੰਦਰ ਇੱਕ ਵੀ ਸਬੂਤ ਪੇਸ਼ ਨਹੀਂ ਕੀਤਾ ਗਿਆ ਹੈ ਤੇ ਵਿਦੇਸ਼ ਦੀਆਂ ਜੱਥੇਬੰਦੀਆਂ ਵਲੋਂ ਲਗਾਤਾਰ ਜੱਗੀ ਜੋਹਲ ਦੀ ਰਿਹਾਈ ਦੀ ਮੰਗ ਕੀਤੀ ਜਾ ਰਹੀ ਹੈ । ਅਦਾਲਤ ਅੰਦਰ ਚਲ ਰਹੇ ਮਾਮਲੇਆ ਨੂੰ ਜਲਦ ਖ਼ਤਮ ਕਰਣ ਲਈ 21-22 ਅਤੇ 23 ਅਪ੍ਰੈਲ ਨੂੰ ਲਗਾਤਾਰ ਸੁਣਵਾਈ ਕੀਤੀ ਗਈ ਸੀ ਪਰ 24 ਅਪ੍ਰੈਲ ਦੀ ਸੁਣਵਾਈ ਨੂੰ ਮੁਲਤਵੀ ਕਰ ਦਿੱਤੀ ਗਈ ਸੀ ਜਿਸ ਕਰਕੇ ਅਗਲੀ ਸੁਣਵਾਈ 20 ਮਈ ਲਈ ਮੁਕਰਰ ਕੀਤੀ ਗਈ ਹੈ।

### ਓ.ਐਸ.ਡੀ. ਸੁਖਵੀਰ ਸਿੰਘ ਨੇ

# ਪਿੰਡ ਹਰਚੰਦਪੁਰਾ ਵਿਖੇ ਗਊਸ਼ਾਲਾ ਦਾ ਕੀਤਾ ਦੌਰਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਪਿੰਡ ਹਰਚੰਦਪੁਰਾ ਵਿਖੇ ਸਥਿਤ ਗਊਸ਼ਾਲਾ ਦਾ ਦੌਰਾ ਕਰਕੇ ਉੱਥੇ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਗਊਸ਼ਾਲਾ ਪ੍ਰਬੰਧਕਾਂ ਅਤੇ ਸਥਾਨਕ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਹਾਲ ਹੀ ਵਿੱਚ ਵਾਪਰੀ ਅੱਗ ਦੀ ਘਟਨਾ ਬਾਰੇ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਗਊਸ਼ਾਲਾ ਵਿੱਚ ਸਟੋਰ ਕੀਤੀ ਤੂੜੀ ਨੂੰ ਅਚਾਨਕ ਅੱਗ ਲੱਗ ਗਈ ਸੀ, ਜਿਸ ਕਾਰਨ ਵੱਡੇ ਪੱਧਰ 'ਤੇ ਚਾਰੇ ਦਾ ਨੁਕਸਾਨ ਹੋਇਆ। ਓ.ਐਸ.ਡੀ. ਸੁਖਵੀਰ ਸਿੰਘ ਨੇ ਮੌਕੇ 'ਤੇ ਨੁਕਸਾਨ ਦੀ ਸਮੀਖਿਆ ਕਰਦਿਆਂ ਕਿਹਾ ਕਿ ਗਊਸ਼ਾਲਾ ਵਿੱਚ ਰਹਿੰਦੇ ਪਸ਼ੂਆਂ ਦੀ ਸੰਭਾਲ ਸਭ ਤੋਂ ਵੱਡੀ ਤਰਜੀਹ ਹੈ ਅਤੇ ਇਸ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਨੇ ਅੱਗ ਤੋਂ ਬਚਾਅ ਲਈ ਅਗਾਊਂ ਇੰਤਜ਼ਾਮ, ਜਿਵੇਂ ਕਿ ਸੁਰੱਖਿਆ ਉਪਕਰਣ, ਪਾਣੀ ਦੀ ਉਪਲਬਧਤਾ ਅਤੇ ਸਟੋਰੇਜ ਪ੍ਰਬੰਧਾਂ ਨੂੰ ਮਜ਼ਬੂਤ ਕਰਨ 'ਤੇ ਵੀ ਜ਼ੋਰ ਦਿੱਤਾ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਗਊਸ਼ਾਲਾਵਾਂ ਦੀ ਸੰਭਾਲ ਅਤੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਜਿੱਥੇ ਵੀ ਲੋੜ ਪਵੇਗੀ, ਉੱਥੇ ਤੁਰੰਤ ਮਦਦ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਇਸ ਘਟਨਾ ਨਾਲ ਪ੍ਰਭਾਵਿਤ ਗਊਸ਼ਾਲਾ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਗਊਸ਼ਾਲਾ ਪ੍ਰਬੰਧਕਾਂ ਨੇ ਓ.ਐਸ.ਡੀ. ਸੁਖਵੀਰ ਸਿੰਘ ਨੂੰ ਅੱਗ ਦੀ ਘਟਨਾ ਤੋਂ ਬਾਅਦ ਆ ਰਹੀਆਂ ਦਿੱਕਤਾਂ ਬਾਰੇ ਜਾਣੂ ਕਰਵਾਇਆ ਅਤੇ ਤੁਰੰਤ ਦੌਰਾ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਲੱਖਾ, ਗਊਸ਼ਾਲਾ ਕਮੇਟੀ ਦੇ ਖ਼ਜਾਨਚੀ ਬਸੰਤ ਕੁਮਾਰ, ਚੌਧਰੀ ਪਵਨ ਕੁਮਾਰ ਵਰਮਾ, ਅਮਰਦੀਪ ਸਿੰਘ ਧਾਂਦਰਾ ਮੈਂਬਰ ਬਲਾਕ ਸੰਮਤੀ, ਸਮਾਜ ਸੇਵੀ ਪ੍ਰੀਤ ਧੂਰੀ, ਐਡਵੋਕੇਟ ਬ੍ਰਿਜ ਭੂਸ਼ਣ, ਟੇਕ ਬਹਾਦਰ ਸਮੇਤ ਗਊਸ਼ਾਲਾ ਦੇ ਹੋਰ ਪ੍ਰਬੰਧਕ ਵੀ ਮੌਜੂਦ ਸਨ।

**ਤੂੜੀ ਨੂੰ ਲੱਗੀ ਅੱਗ ਦੀ ਘਟਨਾ ਤੋਂ ਬਾਅਦ ਨੁਕਸਾਨ ਦਾ ਲਿਆ ਜਾਇਜ਼ਾ, ਹਰ ਸੰਭਵ ਮਦਦ ਦਾ ਦਿੱਤਾ ਭਰੋਸਾ**

# ਹਰ ਸ਼ੁੱਕਰਵਾਰ ਡੇਂਗੂ ਤੇ ਵਾਰ - ਜਗਦੀਸ਼ ਸਿੰਘ ਏ ਐਮ ਓ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾ: ਅਮਰਜੀਤ ਕੌਰ ਅਤੇ ਜ਼ਿਲ੍ਹਾ ਐਪੀਡਿਮਾਲੋਜਿਸਟ ਡਾ.ਰਮਨਦੀਪ ਕੌਰ ਅਤੇ ਉਪਾਸਨਾ ਬਿੰਦਰਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਐਮ.ਓ ਸੇਰਪੁਰ ਡਾ.ਜਸਦੀਪ ਸਿੰਘ ਅਗਵਾਈ ਹੇਠ ਪਿੰਡ ਲੱਡਾ ਵਿਖੇ ਡੇਂਗੂ, ਮਲੇਰੀਆ ਤੋਂ ਸੰਬੰਧੀ ਜਾਣਕਾਰੀ ਦਿੱਤੀ ਗਈ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਗਦੀਸ਼ ਸਿੰਘ ਏ ਐਮ ਓ ਸੰਗਰੂਰ ਅਸ਼ੋਕ ਕੁਮਾਰ ਅਤੇ ਗੁਰਜੰਟ ਸਿੰਘ ਹੈਲਥ ਸੁਪਰਵਾਈਜ਼ਰ ਨੇ ਦੱਸਿਆ ਕਿ ਡੇਂਗੂ, ਮਲੇਰੀਆ ਬੁਖਾਰ ਮੱਛਰਾਂ ਦੇ ਕੱਟਣ ਤੋਂ ਫੈਲਦੇ ਹਨ, ਡੇਂਗੂ ਦਾ ਮੱਛਰ ਜਿਆਦਾਤਰ ਦਿਨ ਵੇਲੇ ਤੇ ਮਲੇਰੀਆ ਦੇ ਮੱਛਰ ਰਾਤ ਨੂੰ ਕੱਟਦੇ ਹਨ। ਇਹ ਮੱਛਰ ਇੱਕ ਹਫਤੇ ਤੋਂ ਵੱਧ ਸਮੇਂ ਤੋਂ ਖੜੇ ਪਾਣੀ ਦੀਆਂ ਥਾਵਾਂ ਵਿੱਚ ਪੈਦਾ ਹੁੰਦੇ ਹਨ। ਇਸ ਲਈ ਉਨ੍ਹਾਂ ਕਿਹਾ ਕਿ ਟੋਇਆਂ ਨੂੰ ਭਰਿਆ ਜਾਵੇ , ਘਰਾਂ ਵਿਚ ਲੱਗੇ ਕੂਲਰ, ਗਮਲਿਆਂ, ਕਟੋਰਿਆਂ, ਟਾਇਰਾਂ ਤੇ ਫਰਿੱਜ ਦੀਆਂ ਟਰੇਆ ਨੂੰ ਹਫ਼ਤੇ ਵਿਚ ਇਕ ਵਾਰ ਜ਼ਰੂਰ ਸੁਕਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਮੱਛਰਾਂ ਤੋਂ ਛੁਟਕਾਰਾ ਪਾਉਣ ਲਈ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ, ਪੂਰੇ ਸਰੀਰ ਨੂੰ ਢੱਕਣ ਵਾਲੇ ਕੱਪੜੇ ਪਹਿਨਣੇ ਚਾਹੀਦੇ ਹਨ, ਘਰਾਂ ਦੇ ਆਲੇ-ਦੁਆਲੇ ਖੜ੍ਹੇ ਪਾਣੀ ਨੂੰ ਸਾਫ਼ ਕਰਨਾ ਚਾਹੀਦਾ ਹੈ ਅਤੇ ਜੇਕਰ ਕਿਸੇ ਵਿਅਕਤੀ ਨੂੰ ਬੁਖ਼ਾਰ ਹੋਣ ਦਾ ਸ਼ੱਕ ਹੋਵੇ ਤਾਂ ਤੁਰੰਤ ਨੇੜੇ ਦੇ ਹਸਪਤਾਲ ਜਾ ਕੇ ਟੈਸਟ ਅਤੇ ਇਲਾਜ ਕਰਵਾਉਣਾ ਚਾਹੀਦਾ ਹੈ, ਜੋ ਕਿ ਪੰਜਾਬ ਸਰਕਾਰ ਵੱਲੋ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਮੁਫ਼ਤ ਕੀਤਾ ਜਾਂਦਾ ਹੈ।ਇਸ ਮੌਕੇ ਜਸਵਿੰਦਰ ਸਿੰਘ ਮ.ਪ.ਹ. ਵ ਤੇ ਪਿੰਡ ਦੇ ਪਤਵੰਤੇ ਸੱਜਣ ਵੀ ਹਾਜਰ ਸਨ।

# ਰਾਘਵ ਚੱਢਾ ਸਮੇਤ ਸਾਂਸਦਾਂ ਦੇ ਦਲ-ਬਦਲਣ ਨਾਲ ਆਮ ਪਾਰਟੀ ਦੀ ਪੰਜਾਬ ਨਾਲ ਧੋਖੇਬਾਜੀ ਬੇਨਕਾਬ : ਅਕਾਲੀ ਦਲ ਵਾਰਿਸ ਪੰਜਾਬ ਦੇ

## ਆਮ ਆਦਮੀ ਪਾਰਟੀ ਵੱਲੋਂ ਰਾਜ ਸਭਾ ਰਾਹੀਂ ਬਾਹਰੀ ਚਿਹਰੇ ਪੰਜਾਬ ਤੇ ਥੋਪਣ ਵਾਲੀ ਸਿਆਸਤ ਹੋਈ ਫੇਲ

**ਅੰਮ੍ਰਿਤਸਰ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਆਮ ਆਦਮੀ ਪਾਰਟੀ ਸਿਰੇ ਦੇ ਆਗੂ ਅਤੇ ਪੰਜਾਬ ਤੋਂ ਰਾਜ ਸਭਾ ਮੈਂਬਰ ਰਾਘਵ ਚੱਢਾ ਸਮੇਤ ਹੋਰ ਸਾਂਸਦਾਂ ਦੇ ਦਲ-ਬਦਲਣ ਦੇ ਤਾਜ਼ਾ ਸਿਆਸੀ ਘਟਨਾਕ੍ਰਮ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਘਟਨਾ ਪੰਜਾਬ ਦੇ ਲੋਕਾਂ ਨਾਲ ਕੀਤੇ ਵੱਡੇ ਸਿਆਸੀ ਧੋਖੇ ਨੂੰ ਪੂਰੀ ਤਰ੍ਹਾਂ ਬੇਨਕਾਬ ਕਰਦੀ ਹੈ। ਜਿਨ੍ਹਾਂ ਆਗੂਆਂ ਨੂੰ ਰਾਜ ਸਭਾ ਦੇ ਰਾਹੀਂ ਪੰਜਾਬ ਦੀ ਨੁਮਾਇੰਦਗੀ ਦੇ ਨਾਂ 'ਤੇ ਅੱਗੇ ਲਿਆਇਆ ਗਿਆ ਸੀ, ਉਹਨਾਂ ਵੱਲੋਂ ਅੱਜ ਦਲ ਬਦਲੀ ਕਰਨਾਂ ਇਹ ਸਾਬਤ ਕਰਦਾ ਹੈ ਕਿ ਇਹ ਸਾਰਾ ਪ੍ਰਬੰਧ ਹੀ ਮੌਕਾਪਰਸਤੀ 'ਤੇ ਖੜ੍ਹਾ ਸੀ। ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਵਲੋਂ ਜਾਰੀ ਕੀਤੇ ਪ੍ਰੈਸ ਨੋਟ ਰਾਹੀ ਪਾਰਟੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਅਤੇ ਆਮ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਬਾਹਰੀ ਚਿਹਰਿਆਂ ਨੂੰ ਰਾਜ ਸਭਾ ਵਿੱਚ ਭੇਜਣਾਂ ਪੰਜਾਬ ਦੇ ਹੱਕਾਂ ਨਾਲ ਸਿੱਧਾ ਧੋਖਾ ਸੀ। ਉਹ ਆਗੂ ਕਦੇ ਵੀ ਪੰਜਾਬ ਦੇ ਅਸਲ ਮੁੱਦਿਆਂ ਨੌਜਵਾਨੀ, ਕਿਸਾਨੀ, ਪਾਣੀ, ਨਸ਼ਿਆਂ ਅਤੇ ਧਾਰਮਿਕ ਅਧਿਕਾਰਾਂ 'ਤੇ ਖੁੱਲ੍ਹ ਕੇ ਨਹੀਂ ਬੋਲੇ, ਜਿਸ ਕਰਕੇ ਲੋਕ ਪਹਿਲਾਂ ਹੀ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਸਨ। ਅੱਜ ਦੇ ਦਲ-ਬਦਲ ਨੇ ਇਸ ਗੱਲ 'ਤੇ ਮੋਹਰ ਲਾ ਦਿੱਤੀ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਇਹ ਵੀ ਕਿਹਾ ਕਿ ਸਿਰਫ਼ ਆਮ ਆਦਮੀ ਪਾਰਟੀ ਹੀ ਨਹੀਂ, ਸਗੋਂ ਹੋਰ ਪੁਰਾਣੀਆਂ ਰਵਾਇਤੀ ਪਾਰਟੀਆਂ ਨੇ ਵੀ ਸਾਲਾਂ ਤੋਂ ਪੰਜਾਬ ਨੂੰ ਸਿਰਫ਼ ਸਿਆਸੀ ਮੰਚ ਵਜੋਂ ਵਰਤਿਆ ਹੈ। ਕਦੇ ਕਾਂਗਰਸ ਤੇ ਕਦੇ ਹੋਰ ਧਿਰਾਂ ਨੇ ਪੰਜਾਬ ਦੇ ਹੱਕਾਂ ਦੀ ਬਜਾਏ ਆਪਣੀ ਸਿਆਸਤ ਨੂੰ ਤਰਜੀਹ ਦਿੱਤੀ, ਜਿਸਦਾ ਨਤੀਜਾ ਅੱਜ ਦੇ ਹਾਲਾਤਾਂ ਵਜੋਂ ਸਾਹਮਣੇ ਆ ਰਿਹਾ ਹੈ।ਪਾਰਟੀ ਨੇ ਦ੍ਰਿੜ੍ਹਤਾ ਨਾਲ ਕਿਹਾ ਕਿ ਅੱਜ ਦੀ ਸਿਆਸਤ ਵਿੱਚ ਹੋ ਰਹੇ ਇਹ ਦਲ-ਬਦਲ ਸਾਬਤ ਕਰਦੇ ਹਨ ਕਿ ਮੁੱਖ ਧਾਰਾ ਪਾਰਟੀਆਂ ਵਿੱਚ ਕੋਈ ਸਿਧਾਂਤਕ ਵਚਨਬੱਧਤਾ ਨਹੀਂ ਰਹੀ। ਇਹ ਸਿਰਫ਼ ਸੱਤਾ ਦੀ ਖੇਡ ਬਣ ਚੁੱਕੀ ਹੈ, ਜਿੱਥੇ ਲੋਕਾਂ ਦੇ ਭਰੋਸੇ ਦੀ ਕੋਈ ਕਦਰ ਨਹੀਂ। ਪਾਰਟੀ ਨੇ ਅੱਗੇ ਕਿਹਾ ਕਿ ਇਥੇ ਬੱਸ ਨਹੀਂ ਅਜੇ ਤਾਂ ਆਮ ਆਦਮੀ ਪਾਰਟੀ ਦੀ ਤਾਣੀ ਉਦੜਨੀ ਸ਼ੁਰੂ ਹੋਈ ਹੈ, ਸਾਰੀ ਫ਼ਿਲਮ ਅਜੇ ਬਾਕੀ ਹੈ। ਆਉਣ ਵਾਲੇ ਸਮੇਂ ਵਿੱਚ ਹੋਰ ਵੀ ਅੰਦਰੂਨੀ ਸੱਚਾਈਆਂ ਸਾਹਮਣੇ ਆਉਣਗੀਆਂ ਜੋ ਲੋਕਾਂ ਨੂੰ ਦੱਸਣਗੀਆਂ ਕਿ ਕਿਵੇਂ ਪੰਜਾਬ ਦੇ ਹਿੱਤਾਂ ਦੀ ਰਾਖੀ ਅਤੇ ਬਦਲਾਅ ਦੇ ਨਾਮ 'ਤੇ ਸਿਆਸਤ ਕੀਤੀ ਗਈ। ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਸਪਸ਼ਟ ਕੀਤਾ ਕਿ ਪੰਜਾਬ ਦੇ ਲੋਕ ਇਸ ਧੋਖੇ ਨੂੰ ਕਦੇ ਵੀ ਭੁੱਲਣ ਜਾਂ ਮੁਆਫ਼ ਕਰਨ ਵਾਲੇ ਨਹੀਂ ਹਨ। ਲੋਕਾਂ ਦੇ ਭਰੋਸੇ ਨਾਲ ਖੇਡਣ ਵਾਲੀਆਂ ਪਾਰਟੀਆਂ ਨੂੰ ਆਉਣ ਵਾਲੇ ਸਮੇਂ ਵਿੱਚ ਜਵਾਬ ਦੇਣਾ ਪਵੇਗਾ। ਅੰਤ ਵਿੱਚ ਪਾਰਟੀ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਜਾਗਰੂਕ ਹੋ ਰਹੇ ਹਨ ਅਤੇ ਉਹ ਮੌਕਾਪਰਸਤ ਤੇ ਸੌਦੇਬਾਜ਼ ਰਾਜਨੀਤੀ ਨੂੰ ਨਕਾਰ ਕੇ ਸਿਧਾਂਤਕ, ਪੰਥਕ ਅਤੇ ਪੰਜਾਬ ਕੇਂਦਰਤ ਸੋਚ ਨੂੰ ਅੱਗੇ ਲਿਆਉਣਗੇ ਅਤੇ ਆਉਣ ਵਾਲਾ ਸਮਾਂ ਪੰਜਾਬ ਦੀ ਆਪਣੀ ਖੇਤਰੀ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਹੋਵੇਗਾ ਜੋ ਸੱਚਮੁੱਚ ਪੰਜਾਬ ਦੇ ਹੱਕਾਂ ਅਤੇ ਅਧਿਕਾਰਾਂ ਲਈ ਲੜ ਰਿਹਾ ਹੈ ਅਤੇ ਪੰਜਾਬ ਦੇ ਸੁਨਿਹਰੇ ਭਵਿੱਖ ਦੀ ਇਬਾਰਤ ਕਰੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਭਾਈ ਕਰਮ ਸਿੰਘ ਦੇ ਨਮਿੱਤ ਦਮਦਮੀ ਟਕਸਾਲ ਵਿੱਚ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਹੋਇਆ

**ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਬਾਬਾ ਬੋਹੜ ਸਿੰਘ, ਗਿਆਨੀ ਮੋਹਣ ਸਿੰਘ ਨੇ ਬਾਪੂ ਕਰਮ ਸਿੰਘ ਦੇ ਭਰਾਤਾ ਭਾਈ ਤਰਸੇਮ ਸਿੰਘ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ**








**ਚੌਂਕ ਮਹਿਤਾ, 24 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ,ਪਿੱਛਲੇ ਸਮੇਂ ਆਪਣੇ ਸਾਆਸਾ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਦਮਦਮੀ ਟਕਸਾਲ ਦੇ ਪੁਰਾਣੇ ਵਿਦਿਆਰਥੀ ਬਾਪੂ ਕਰਮ ਸਿੰਘ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ। ਜਿਨ੍ਹਾਂ ਨੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵਾਲਿਆਂ ਤੋਂ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਤੱਕ 5 ਮਹਾਂਪੁਰਖਾ ਦੀ ਸੰਗਤ ਕੀਤੀ। ਅੱਜ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਜਥਾ ਭਿੰਡਰਾਂ ਵਿੱਖੇ ਅੰਤਿਮ ਅਰਦਾਸ ਬੇਨਤੀ ਕੀਤੀ ।ਇਸ ਮੌਕੇ ਤੇ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਭਾਈ ਅਮ੍ਰਿਤਪਾਲ ਸਿੰਘ ਨੇ ਬੈਰਾਗ ਮਈ ਕੀਰਤਨ ਸੰਗਤਾਂ ਨੂੰ ਸ੍ਰਵਨ ਕਰਵਾਏ ਗਏ। ਉਪਰੰਤ ਦਮਦਮੀ ਟਕਸਾਲ ਦੇ ਹੈੱਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ ਨੇ ਕਥਾ ਅਤੇ ਗੁਰਮੁੱਤ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਤੇ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ, ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਚੌਂਕ ਮਹਿਤਾ, ਗਿਆਨੀ ਸਾਹਿਬ ਸਿੰਘ, ਭਾਈ ਮੋਹਕਮ ਸਿੰਘ, ਗਿਆਨੀ ਮੋਹਣ ਸਿੰਘ, ਗਿਆਨੀ ਗੁਰਬਾਜ ਸਿੰਘ,ਪ੍ਰੋਫਸਰ ਗਿਆਨੀ ਜੋਬਨਜੀਤ ਸਿੰਘ, ਗਿਆਨੀ ਗੁਰਪ੍ਰੀਤ ਸਿੰਘ ਬਾਬਾ ਸੁਖਵੰਤ ਸਿੰਘ ਚੰਨਣਕੇ ਆਦਿ ਹਾਜ਼ਰ ਸਨ ਇਸ ਮੌਕੇ ਤੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਬਾਬਾ ਬੋਹੜ ਸਿੰਘ, ਗਿਆਨੀ ਮੋਹਣ ਸਿੰਘ ਨੇ ਬਾਪੂ ਕਰਮ ਸਿੰਘ ਦੇ ਭਰਾਤਾ ਭਾਈ ਤਰਸੇਮ ਸਿੰਘ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ। ਗੁਰੂ ਸਾਹਿਬ ਜੀ ਦੇ ਲੰਗਰ ਅਟੁੱਟ ਵਰਤੇ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਭਾਰਤ ਸਰਕਾਰ ਦੇ ਖ਼ੁਰਾਕ ਮੰਤਰਾਲੇ ਦੀ ਐਡੀਸ਼ਨਲ ਸਕੱਤਰ ਅਪਰਨਾ ਭਾਟੀਆ, ਆਈ.ਏ.ਐੱਸ. ਵੱਲੋਂ

# ਅੱਜ ਜ਼ਿਲ੍ਹਾ ਅੰਮ੍ਰਿਤਸਰ ਦੀ ਟਾਂਗਰਾ ਦਾਣਾ ਮੰਡੀ ਦਾ ਦੌਰਾ



ਜੰਡਿਆਲਾ ਗੁਰੂ 24 ਅਪ੍ਰੈਲ (ਕੁਲਵੰਤ ਸਿੰਘ ਵਿਰਦੀ) – ਭਾਰਤ ਸਰਕਾਰ ਦੇ ਫੂਡ ਸਪਲਾਈ ਅਤੇ ਵੰਡ ਮੰਤਰਾਲੇ ਦੀ ਐਡੀਸ਼ਨਲ ਸਕੱਤਰ ਸ੍ਰੀਮਤੀ ਅਪਰਨਾ ਭਾਟੀਆ, ਆਈ.ਏ.ਐੱਸ. ਵੱਲੋਂ ਅੱਜ ਜ਼ਿਲ੍ਹਾ ਅੰਮ੍ਰਿਤਸਰ ਦੀ ਟਾਂਗਰਾ ਦਾਣਾ ਮੰਡੀ ਟਾਂਗਰਾ ਦਾ ਦੌਰਾ ਕਰਕੇ ਕਣਕ ਦੀ ਚੱਲ ਰਹੀ ਖਰੀਦ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਖੁਰਾਕ ਤੇ ਸਿਵਕ ਸਪਲਾਈ ਵਿਭਾਗ ਦੇ ਸਕੱਤਰ ਸ੍ਰੀ ਵਰਿੰਦਰ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਰੋਹਿਤ ਗੁਪਤਾ, ਐੱਸ.ਡੀ.ਐੱਮ. ਬਾਬਾ ਬਕਾਲਾ ਸ੍ਰੀ ਰਜਨੀਸ਼ ਕੁਮਾਰ, ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ ਸ੍ਰੀਮਤੀ ਹਰਵੀਨ ਕੌਰ ਤੋਂ ਇਲਾਵਾ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਵੀ ਹਾਜ਼ਰ ਸਨ।ਟਾਂਗਰਾ ਦਾਣਾ ਮੰਡੀ ਵਿੱਚ ਕਣਕ ਦੀ ਖਰੀਦ ਦਾ ਜਾਇਜ਼ਾ ਲੈਣ ਮੌਕੇ ਐਡੀਸ਼ਨਲ ਸਕੱਤਰ ਸ੍ਰੀਮਤੀ ਅਪਰਨਾ ਭਾਟੀਆ ਨੇ ਮੰਡੀ ਵਿੱਚ ਆਏ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨਾਲ ਗੱਲ ਕੀਤੀ ਅਤੇ ਮੰਡੀ ਵਿੱਚ ਕਣਕ ਦੀ ਖਰੀਦ ਸਬੰਧੀ ਸਾਰੀ ਪ੍ਰੀਕ੍ਰਿਆ ਦੀ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਆੜ੍ਹਤੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੰਗਾਂ ਨੂੰ ਵੀ ਸੁਣਿਆ ਅਤੇ ਸਰਕਾਰ ਤੱਕ ਉਨ੍ਹਾਂ ਦੀ ਗੱਲ ਪਹੁੰਚਾਉਣ ਦਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਅੰਮ੍ਰਿਤਸਰ ਦੀ ਟਾਂਗਰਾ ਦਾਣਾ ਮੰਡੀ ਵਿੱਚ ਕਣਕ ਦੀ ਖ਼ਰੀਦ ਬਹਤੁ ਵਧੀਆ ਢੰਗ ਨਾਲ ਚੱਲ ਰਹੀ ਹੈ ਅਤੇ ਕਿਸਾਨਾਂ ਨੂੰ ਖਰੀਦੀ ਫਸਲ ਦਾ ਭੁਗਤਾਨ ਨਾਲ ਦੀ ਨਾਲ ਹੋ ਰਿਹਾ ਹੈ। ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਪੰਜਾਬ ਇਸ ਵਾਰ ਵੀ ਕੇਂਦਰੀ ਅੰਨ ਭੰਡਾਰ ਵਿੱਚ ਆਪਣਾ ਵੱਡਾ ਯੋਗਦਾਨ ਪਾਵੇਗਾ।ਜ਼ਿਲ੍ਹੇ ਵਿੱਚ ਚੱਲ ਰਹੀ ਕਣਕ ਦੀ ਖਰੀਦ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ ਸ੍ਰੀਮਤੀ ਹਰਵੀਨ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਦਾ ਅੰਕੜਾ 353186 ਮੀਟਰਿਕ ਟਨ ਤੋਂ ਪਾਰ ਪਹੁੰਚ ਗਿਆ ਹੈ। ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 390780 ਮੀਟਰਿਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿੱਚੋਂ 353186 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਖ਼ਰੀਦੀ ਗਈ ਕਣਕ ਵਿੱਚ ਖ਼ਰੀਦ ਏਜੰਸੀ ਪਨਗਰੇਨ ਨੇ 120982 ਮੀਟਰਿਕ ਟਨ, ਮਾਰਕਫੈੱਡ ਨੇ 83256 ਮੀਟਰਿਕ ਟਨ, ਪਨਸਪ ਨੇ 80741 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 55295 ਮੀਟਰਿਕ ਟਨ ਅਤੇ ਐੱਫ.ਸੀ.ਆਈ. ਨੇ 9437 ਮੀਟਰਿਕ ਟਨ ਕਣਕ ਖ਼ਰੀਦੀ ਹੈ।ਇਸ ਤੋਂ ਇਲਾਵਾ 3475 ਮੀਟਰਿਕ ਟਨ ਵਪਾਰੀਆਂ ਵੱਲੋਂ ਖ਼ਰੀਦੀ ਗਈ ਹੈ। ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਸ੍ਰੀਮਤੀ ਹਰਵੀਨ ਕੌਰ ਨੇ ਅੱਗੇ ਦੱਸਿਆ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ ਅਤੇ ਬੀਤੀ ਸ਼ਾਮ ਤੱਕ 627.39 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਕੀਤਾ ਜਾ ਚੁੱਕਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਕਣਕ ਦੀ ਨਿਰਵਿਘਨ ਖਰੀਦ ਜਾਰੀ ਹੈ ਅਤੇ ਮੰਡੀਆਂ ਵਿੱਚ ਕਿਸਾਨਾਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।

**ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨਾਲ ਕੀਤੀ ਮੀਟਿੰਗ ਬੀਤੀ ਸ਼ਾਮ ਤੱਕ ਜ਼ਿਲ੍ਹੇ ਚ 353186 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ - ਡੀ.ਐੱਫ.ਐੱਸ.ਸੀ ਹਰਵੀਨ ਕੌਰ**

ਆਵਾਜ਼ਿ ਕੌਮ AWAZE QAUM International Newspaper & WEB TV

ਸਿਹਤ ਵਿਭਾਗ ਵੱਲੋਂ ਵਿਸ਼ਵ ਮਲੇਰੀਆ ਦਿਵਸ ਮੌਕੇ

# ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ



**ਚੌਕ ਮਹਿਤਾ, 24ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਅੰਮ੍ਰਿਤਸਰ ਵਲੋਂ ਸਿਵਲ ਸਰਜਨ ਡਾ ਸਤਿੰਦਰਜੀਤ ਸਿੰਘ ਬਜਾਜ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਆਮ ਲੋਕਾ ਨੂੰ ਮਲੇਰੀਆਂ ਅਤੇ ਡੇਂਗੂ ਸੰਬਧੀ ਜਾਗਰੂਕ ਕਰਨ ਲਈ ਅੱਜ ਦਫ਼ਤਰ ਸਿਵਲ ਸਰਜਨ ਵਿਖੇ ਤੋਂ ਜਾਗਰੂਕਤਾ ਟੀਮਾਂ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਡਾ ਬਜਾਜ ਨੇ ਕਿਹਾ ਕਿ ਮਲੇਰੀਆ ਅਤੇ ਡੇਂਗੂ ਤੋ ਬੱਚਣ ਲਈ ਸਭ ਤੋ ਜਿਆਦਾ ਜਰੂੀ ਹੈ ਕੀ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ, ਕਿਉਕੀ ਇਲਾਜ ਨਾਲੋ ਪਰਹੇਜ ਜਿਆਦਾ ਜਰੂਰੀ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਮਲੇਰੀਆ ਇੱਕ ਵੈਕਟਰ ਬੋਰਨ ਬੀਮਾਰੀ ਹੈ ਜੋ ਕਿ ਮਾਦਾ ਐਨਾਫਲੀਜ ਨਾਂ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੁੰਦਾ ਹੈ। ਜਿਸਦੇ ਲੱਛਣ ਕਾਂਬਾ ਲੱਗ ਕੇ ਤੇਜ ਬੁਖਾਰ ਚੜਨਾ, ਤੇਜ ਸਿਰਦਰਦ, ਮਾਸ ਪੇਸ਼ੀਆ ਅਤੇ ਜੋੜਾ ਦਾ ਦਰਦ, ਅੱਖਾਂ ਦੇ ਪਿਛਲੇ ਹਿੱਸੇ ਦਰਦ , ਉਲਟੀਆਂ, ਨੱਕ-ਮੂੰਹ ਅਤੇ ਮਸੂੜਿਆ ਵਿੱਚੋ ਖੂਨ ਵਗਣਾ ਸ਼ੁਰੂ ਹੋ ਜਾਂਦਾ ਹੈ।ਮਲੇਰੀਆ ਬੁਖਾਰ ਦੇ ਸ਼ੱਕ ਹੋਣ ਦੀ ਸੂਰਤ ਵਿੱਚ ਤੁਰੰਤ ਸਰਕਾਰੀ ਹਸਪਤਾਲ ਤੋ ਹੀ ਫਰੀ ਚੈਕਅੱਪ ਅਤੇ ਇਲਾਜ ਕਰਵਾਇਆ ਜਾਵੇ।

ਜਿਲ੍ਹਾ ਐਪੀਡੀਮੋਲੋਜਿਸਟ ਡਾ ਹਰਜੋਤ ਕੌਰ ਨੇ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਰੋਜ਼ਾਨਾ ਟੀਮਾਂ ਭੇਜ ਕੇ ਫੌਗਿੰਗ, ਸਪਰੇਅ ਅਤੇ ਜਾਗਰੂਕਤਾ ਟੀਮਾਂ ਭੇਜਿਆ ਜਾ ਰਹੀਆ ਹਨ ਅਤੇ ਖਾਸ ਕਰਕੇ ਹੌਟ ਸਪੋਟ ਇਲਾਕਿਆ ਵਿਚ ਇਸਦਾ ਵਿਸ਼ੇਸ ਧਿਆਨ ਦਿੱਤਾ ਜਾ ਰਿਹਾ ਹੈ।

ਇਸ ਇਸ ਮੌਕੇ ਜਿਲ੍ਹਾ ਐਮ.ਈ.ਆਈ.ਓ.ਅਮਰਦੀਪ ਸਿੰਘ ਵਲੋਂ ਕਿਹਾ ਕਿ ਜਿਲ੍ਹੇ ਭਰ ਵਿਚ ਆਮ ਲੋਕਾਂ ਨੂੰ ਪੋਸਟਰਾਂ, ਬੈਨਰਾ ਅਤੇ ਪੈਂਫਲਿਟ ਆਦਿ ਰਾਹੀਂ ਡੇਂਗੂ ਅਤੇ ਮਲੇਰੀਆ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ ਰਜਿੰਦਰਪਾਲ ਕੌਰ, ਜਿਲ੍ਹਾ ਸਿਹਤ ਅਫ਼ਸਰ ਡਾ ਜਸਪਾਲ ਸਿੰਘ, ਜਿਲ੍ਹਾ ਟੀਕਾਕਰਣ ਅਫ਼ਸਰ ਡਾ ਰਸ਼ਮੀ ਵਿੱਜ, ਏ ਐਮ ਓ ਗੁਰਦੇਵ ਸਿੰਘ, ਪ੍ਰਿਤਪਾਲ ਸਿੰਘ, ਐਸ ਆਈ ਸੁਖਦੇਵ ਸਿੰਘ, ਗੁਰਕਿਰਨ ਸਿੰਘ, ਬਲਵਿੰਦਰ ਸਿੰਘ, ਹਰਕਮਲ ਸਿੰਘ, ਹਰਮੀਤ ਸਿੰਘ, ਰਣਜੋਤ ਸਿੰਘ, ਕੁਲਦੀਪ ਸਿੰਘ, ਸਮੇਤ ਸਮੂਹ ਸਟਾਫ਼ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਕਮੇਟੀ ਨੂੰ ਪੰਥਕ ਪ੍ਰਚਾਰ ਲਈ ਆਪਣਾ ਨਿੱਜੀ ਟੀਵੀ ਚੈਨਲ ਤੁਰੰਤ ਸਥਾਪਿਤ ਕਰਨਾ ਚਾਹੀਦਾ ਹੈ: ਕਰਨੈਲ ਸਿੰਘ ਪੀਰ ਮੁਹੰਮਦ



**ਚੰਡੀਗੜ੍ਹ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਪੰਥਕ ਆਗੂ ਕਰਨੈਲ ਸਿੰਘ ਪੀਰ ਮੁਹੰਮਦ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਿੱਖੀ ਦੇ ਪ੍ਰਚਾਰ ਅਤੇ ਗੁਰਬਾਣੀ ਦੇ ਪ੍ਰਸਾਰ ਲਈ ਆਪਣਾ ਨਿੱਜੀ ਅਤੇ ਸੁਤੰਤਰ ਟੀਵੀ ਚੈਨਲ ਸਥਾਪਤ ਕਰਨ ਦੀ ਜੋਰਦਾਰ ਮੰਗ ਕੀਤੀ ਹੈ। ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਪੰਥਕ ਸੰਸਥਾ ਹੋਣ ਦੇ ਨਾਤੇ, ਸ਼੍ਰੋਮਣੀ ਕਮੇਟੀ ਦਾ ਆਪਣਾ ਚੈਨਲ ਹੋਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨਿੱਜੀ ਟੀਵੀ ਚੈਨਲ ਦੇ ਸਾਬਕਾ ਸੀ.ਈ.ਓ. ਰਵਿੰਦਰ ਨਰਾਇਣ ਵੱਲੋਂ ਇਸ ਕਾਰਜ ਵਿੱਚ ਪੂਰਨ ਸਹਿਯੋਗ ਦੇਣ ਦੀ ਪੇਸ਼ਕਸ਼ ਕੀਤੀ ਗਈ ਹੈ, ਜਿਸਦਾ ਸ਼੍ਰੋਮਣੀ ਕਮੇਟੀ ਨੂੰ ਸੁਆਗਤ ਕਰਨਾ ਚਾਹੀਦਾ ਹੈ ਅਤੇ ਇਸ ਵਿੱਚ ਬਿਲਕੁਲ ਵੀ ਦੇਰੀ ਨਹੀਂ ਕਰਨੀ ਚਾਹੀਦੀ। ਪੀਰ ਮੁਹੰਮਦ ਨੇ ਕਿਹਾ ਕਿ ਗੁਰਬਾਣੀ ਦਾ ਪ੍ਰਸਾਰ ਕਿਸੇ ਵਪਾਰਕ ਹਿੱਤਾਂ ਵਾਲੇ ਚੈਨਲ ਦੀ ਬਜਾਏ, ਸਿੱਖ ਕੌਮ ਦੀ ਸਰਵਉੱਚ ਸੰਸਥਾ ਦੇ ਸਿੱਧੇ ਕੰਟਰੋਲ ਹੇਠ ਹੋਣਾ ਚਾਹੀਦਾ ਹੈ ਤਾਂ ਜੋ ਇਸਦੀ ਪਵਿੱਤਰਤਾ ਅਤੇ ਮਰਿਆਦਾ ਬਰਕਰਾਰ ਰਹੇ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ 'ਤੇ ਤੁਰੰਤ ਮੀਟਿੰਗ ਬੁਲਾ ਕੇ ਨੀਤੀ ਤਿਆਰ ਕਰਨ ਅਤੇ ਰਵਿੰਦਰ ਨਰਾਇਣ ਵਰਗੇ ਤਕਨੀਕੀ ਮਾਹਿਰਾਂ ਦੀ ਸਲਾਹ ਨਾਲ ਇਸ ਪ੍ਰੋਜੈਕਟ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਭਲਾਈ ਕਾਰਜਾ ਦੀ ਮਿਸਾਲ : ਸਬ ਇੰਸਪੈਕਟਰ ਦਲਜੀਤ ਸਿੰਘ ਗੋਰਾਇਆ



ਚੌਕ ਮਹਿਤਾ,24 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)-ਜਿੱਥੇ ਕਿ ਇੱਕ ਪਾਸੇ ਕੁਝ ਕੁ ਪੁਲਿਸ ਮੁਲਾਜ਼ਮਾਂ ਵੱਲੋਂ ਕੀਤੀਆਂ ਜਾਂਦੀਆਂ 'ਆਪਹੁਦਰੀਆਂ' ਸਮੁੱਚੇ ਪੁਲਿਸ ਵਿਭਾਗ ਦੇ ਅਕਸ ਤੇ ਮਾੜਾ ਪ੍ਰਭਾਵ ਪਾਉਂਦੀਆਂ ਹਨ, ਉੱਥੇ ਹੀ ਪੰਜਾਬ ਪੁਲਿਸ ਦੇ ਕੁਝ ਸੂਝਵਾਨ ਅਫਸਰਾਂ ਅਤੇ ਮੁਲਾਜ਼ਮਾਂ ਵੱਲੋਂ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾਉਣ ਦੇ ਨਾਲ ਸਮਾਜ ਭਲਾਈ ਦੇ ਕਾਰਜਾਂ ਚ ਯੋਗਦਾਨ ਪਾ ਕੇ ਜਿੱਥੇ ਕਿ ਪੁਲਿਸ ਵਿਭਾਗ ਦਾ ਨਾਮ ਰੋਸ਼ਨ ਕੀਤਾ ਜਾਂਦਾ ਹੈ ਉੱਥੇ ਉਹਨਾਂ ਵੱਲੋਂ ਮਨੁੱਖਤਾ ਦੇ ਭਲੇ ਲਈ ਕੀਤੇ ਜਾਂਦੇ ਸ਼ਲਾਘਾਯੋਗ ਉਪਰਾਲੇ ਸਮੁੱਚੇ ਸਮਾਜ ਲਈ ਪ੍ਰੇਰਨਾ ਦਾ ਸਰੋਤ ਵੀ ਬਣਦੇ ਹਨ ਕੁਝ ਇਸ ਤਰ੍ਹਾਂ ਦੇ ਸਮਾਜ ਸੇਵੀ ਕਾਰਜਾਂ ਲਈ ਲਗਾਤਾਰ ਕਾਰਜਸ਼ੀਲ ਹਨ ਪੰਜਾਬ ਪੁਲਿਸ ਦੇ ਅੰਮ੍ਰਿਤਸਰ ਟਰੈਫਿਕ ਵਿੰਗ ਵਿੱਚ ਬਤੌਰ ਇੰਚਾਰਜ ਡਿਊਟੀ ਨਿਭਾ ਰਹੇ ਸਬ ਇੰਸਪੈਕਟਰ ਦਲਜੀਤ ਸਿੰਘ ਗੋਰਾਇਆ 1987 ਚ ਪੰਜਾਬ ਪੁਲਿਸ ਭਰਤੀ ਹੋਏ ਜਿਲਾ ਗੁਰਦਾਸਪੁਰ ਦੇ ਪਿੰਡ ਫੈਜੁਲਾ ਚੱਕ ਦੇ ਵਸਨੀਕ ਸਬ ਇੰਸਪੈਕਟਰ ਦਲਜੀਤ ਸਿੰਘ ਗੋਰਾਇਆ ਵੱਲੋਂ ਆਪਣੇ ਸਾਥੀਆਂ ਸਮੇਤ ਸਮਾਜ ਭਲਾਈ ਕਾਰਜਾਂ ਦੀ ਮੁਢਲੀ ਸ਼ੁਰੂਆਤ ਕਰੋਨਾ ਕਾਲ ਦੌਰਾਨ ਆਰੰਭੀ ਗਈ ਜਦੋਂ ਇਸ ਭਿਆਨਕ ਦੌਰ ਦੌਰਾਨ ਉਹਨਾਂ ਵੱਲੋਂ ਆਪਣੇ ਸਾਥੀ ਮੁਲਾਜ਼ਮਾਂ ਨਾਲ ਮਿਲ ਕੇ ਭੁੱਖੇ ਰਹਿ ਰਹੇ ਪਰਿਵਾਰਾਂ ਨੂੰ ਰਾਸ਼ਨ ਮੁਹਈਆ ਕਰਵਾਇਆ ਗਿਆ ਇਸੇ ਹੀ ਭਿਆਨਕ ਦੌਰ ਦੌਰਾਨ ਉਨਾਂ ਵੱਲੋਂ ਅੰਮ੍ਰਿਤਸਰ ਚ ਲਵਾਰਸ ਹਾਲਤ ਚ ਮਿਲੀਆਂ 8 ਲਾਸ਼ਾਂ ਦੇ ਅੰਤਿਮ ਸੰਸਕਾਰ ਵੀ ਕਰਵਾਏ ਗਏ ਕਰੋਨਾ ਕਾਲ ਖਤਮ ਹੋਣ ਤੋਂ ਬਾਅਦ ਵੀ ਉਹਨਾਂ ਵੱਲੋਂ ਅਜਿਹੇ ਸਮਾਜ ਭਲਾਈ ਦੇ ਕਾਰਜ ਜਾਰੀ ਰੱਖਦਿਆਂ ਲੋੜਵੰਦ ਬੱਚਿਆਂ ਨੂੰ ਕਾਪੀਆਂ ਪੈਨਸ਼ਲਾ ਵੰਡਣ ਦਾ ਸਿਲਸਿਲਾ ਆਰੰਭਿਆ ਗਿਆ ਅਤੇ ਨਾਲ ਦੀ ਨਾਲ ਕੁਝ ਗਰੀਬ ਪਰਿਵਾਰਾਂ ਨਾਲ ਸੰਬੰਧਿਤ 98 ਲੜਕੀਆਂ ਦੇ ਅਨੰਦ ਕਾਰਜ ਕਰਵਾਉਣ ਚ ਉਹਨਾਂ ਦੇ ਮਾਪਿਆ ਦੀ ਆਰਥਿਕ ਸਹਾਇਤਾ ਕੀਤੀ ਅਤੇ 200 ਤੋਂ ਦੇ ਕਰੀਬ ਅੱਖਾਂ ਦੇ ਮਰੀਜ਼ਾਂ ਦੇ ਆਪਰੇਸ਼ਨ ਕਰਵਾਏ ਇਸ ਦੌਰਾਨ ਕੁਝ ਅੰਗਹੀਣ ਲੋਕਾਂ ਨੂੰ ਬਨਾਉਟੀ ਅੰਗ ਮੁਹਾਈਆ ਕਰਵਾਉਣ ਚ ਉਹਨਾਂ ਦੀ ਮਦਦ ਕੀਤੀ ਉਹਨਾਂ ਇਹ ਵੀ ਦੱਸਿਆ ਕਿ ਨਸ਼ਿਆਂ ਦੀ ਭੈੜੀ ਦਲਦਲ ਤੋਂ ਬਾਹਰ ਆ ਚੁੱਕੇ 50 ਬੇਰੁਜ਼ਗਾਰ ਨੌਜਵਾਨਾਂ ਨੂੰ ਸਵੈ ਰੁਜਗਾਰ ਲਈ ਉਹਨਾਂ ਦੀ ਟੀਮ ਵੱਲੋਂ ਆਰਥਿਕ ਸਹਾਇਤਾ ਵੀ ਕੀਤੀ ਜਾ ਚੁੱਕੀ ਹੈ ਉਹਨਾਂ ਇਹ ਵੀ ਦੱਸਿਆ ਕਿ ਟਰੈਫਿਕ ਡਿਊਟੀ ਦੌਰਾਨ ਦੋਪਹੀਆ ਵਾਹਨਾ ਦੇ ਰਾਹਗੀਰਾਂ ਨੂੰ ਹੈਲਮਟ ਵੰਡਣ ਅਤੇ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਵਾਲੇ ਰਾਹਗੀਰਾਂ ਨੂੰ ਗੁਲਾਬ ਦੇ ਫੁੱਲਾਂ ਨਾਲ ਨਵਾਜੇ ਜਾਣ ਦੀ ਵੀ ਇੱਕ ਨਵੇਕਲੀ ਪਿਰਤ ਆਰੰਭੀ ਗਈ ਹੈ ਅਖੀਰ ਚ ਦਲਜੀਤ ਸਿੰਘ ਗੁਰਾਇਆ ਨੇ ਦੱਸਿਆ ਕਿ ਉਹਨਾਂ ਨੂੰ ਸਮਾਜ ਭਲਾਈ ਕਾਰਜਾਂ ਸਦਕਾ ਮਾਨਯੋਗ ਸ਼੍ਰੀ ਗੌਰਵ ਯਾਦਵ ਡੀਜੀਪੀ ਪੰਜਾਬ, ਟਰੈਫਿਕ ਵਿੰਗ ਦੇ ਡੀਜੀਪੀ ਏ ਐਸ ਰਾਏ ਤੋਂ ਇਲਾਵਾ ਹੁਣ ਤੱਕ ਪੰਜਾਬ ਪੁਲਿਸ ਦੇ ਕਈ ਸੀਨੀਅਰ ਅਫਸਰਾਂ ਤੋਂ ਇਲਾਵਾ ਕੇਂਦਰ ਸਰਕਾਰ, ਉੱਤਰਾਖੰਡ, ਯੂਪੀ, ਹਿਮਾਚਲ ਪ੍ਰਦੇਸ਼ ਅਤੇ ਮੱਧ ਪ੍ਰਦੇਸ਼ ਦੀਆਂ ਸੁਬਾਈ ਸਰਕਾਰਾਂ ਵੱਲੋਂ ਸਨਮਾਨਿਤ ਕੀਤਾ ਜਾ ਚੁੱਕਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਰਕਾਰ ਏ ਖ਼ਾਲਸਾ: ਇੱਕ ਪੁਨਰ ਚਿੰਤਨ ਵਿਸ਼ੇ ’ਤੇ ਕਰਵਾਇਆ ਇਕ ਰੋਜ਼ਾ ਰਾਸ਼ਟਰੀ ਸੈਮੀਨਾਰ

# ਗੁਰੂ ਸਿਧਾਂਤਾਂ ਅਤੇ ਵਡਿਆਈਆਂ ਨੂੰ ਬਰਕਰਾਰ ਰੱਖਣਾ ਮਨੁੱਖ ਦੀ ਧਾਰਮਿਕ ਅਤੇ ਨੈਤਿਕ ਜ਼ਿੰਮੇਵਾਰੀ : ਐਡਵੋਕੇਟ ਧਾਮੀ

ਨਵੀਂ ਦਿੱਲੀ 24 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਬੰਧ ਅਧੀਨ ਡਾਇਰੈਕਟਰੋਰੇਟ ਆਫ਼ ਐਜੂਕੇਸ਼ਨ ਬਹਾਦਰਗੜ੍ਹ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਦੀ ਯੋਗ ਅਗਵਾਈ ਵਿਚ ਸਿੱਖਿਆ ਸਕੱਤਰ ਦੇ ਦਿਸ਼ਾ ਨਿਰਦੇਸ਼ਾਂ ਹੇਠ ‘ਸਰਕਾਰ ਏਖ਼ਾਲਸਾ: ਇੱਕ ਪੁਨਰ ਚਿੰਤਨ’ ਵਿਸ਼ੇ ਤੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਬਹਾਦਰਗੜ੍ਹ, ਪਟਿਆਲਾ ਵਿਖੇ ਇੱਕ ਰੋਜ਼ਾ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਵੱਖ–ਵੱਖ ਯੂਨੀਵਰਸਿਟੀਆਂ ਤੋਂ ਵਿਦਵਾਨਾਂ, ਖੋਜ ਕਰਤਿਆਂ, ਪ੍ਰੋਫੈਸਰ ਸਾਹਿਬਾਨ ਅਤੇ ਵੱਖ–ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਲਗਭਗ 90 ਪਰਚੇ ਪੜ੍ਹੇ ਗਏ। ਸੈਮੀਨਾਰ ਦੀ ਸ਼ੁਰੂਆਤ ਖਾਲਸਾ ਕਾਲਜ, ਪਟਿਆਲਾ ਦੇ ਵਿਦਿਆਰਥੀਆਂ ਵੱਲੋਂ ਉਦਘਾਟਨੀ ਸ਼ਬਦ ਰਾਹੀਂ ਕੀਤੀ ਗਈ। ਡਾ. ਰਜਿੰਦਰ ਕੌਰ, ਪ੍ਰਿੰਸੀਪਲ, ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ, ਲੁਧਿਆਣਾ ਨੇ ਸਵਾਗਤੀ ਭਾਸ਼ਣ ਦਿੱਤਾ ਅਤੇ ਮੰਚ ਸੰਚਾਲਨ ਵੀ ਕੀਤਾ। ਇਸ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਹਿਸਟਰੀ ਵਿਭਾਗ ਦੇ ਰਿਟਾ. ਪ੍ਰੋ. ਸੁਲੱਖਣ ਸਿੰਘ ਨੇ ਆਪਣੇ ਕੁੰਜੀਵਤ ਭਾਸ਼ਣ ਵਿੱਚ ਕਿਹਾ ਕਿ ਇਸ ਸੈਮੀਨਾਰ ਦਾ ਵਿਸ਼ਾ ਸਿਰਫ ਇਤਿਹਾਸਕ ਅਧਿਐਨ ਤੱਕ ਸੀਮਿਤ ਨਹੀਂ, ਸਗੋਂ ਸਾਡੇ ਸਮਾਜਿਕ, ਰਾਜਨੀਤਿਕ ਅਤੇ ਨੈਤਿਕ ਮੁੱਲ੍ਹਾਂ ਨਾਲ ਜੁੜਿਆ ਹੋਇਆ ਹੈ। ਸਰਕਾਰ ਏ ਖ਼ਾਲਸਾ ਦੀ ਸੰਕਲਪਨਾ ਸਾਨੂੰ ਸਿੱਖ ਇਤਿਹਾਸ ਦੇ ਸੁਨਹਿਰੀ ਯੁੱਗ ਵੱਲ ਲੈ ਜਾਂਦੀ ਹੈ, ਜਿੱਥੇ ਨਿਆਂ, ਸਮਾਨਤਾ ਅਤੇ ਸੇਵਾ ਦੇ ਮੂਲ ਸਿਧਾਂਤਾਂ ’ਤੇ ਅਧਾਰਿਤ ਪ੍ਰਬੰਧ ਸਥਾਪਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦੀ ਸਮੁੱਚੀ ਸ਼ਖ਼ਸੀਅਤ ਨੂੰ ਸਮਝਣ ਲਈ ਪਾਠਕਾਂ, ਸਰੋਤਿਆਂ ਅਤੇ ਆਪ ਵਿਅਕਤੀ ਨੂੰ ਜਾਣਕਾਰੀ ਹੋਣੀ ਜ਼ਰੂਰੀ ਹੈ, ਜਿਸ ਵਿੱਚ ਇਹ ਸੈਮੀਨਾਰ ਆਪਣਾ ਵਿਸ਼ੇਸ਼ ਯੋਗਦਾਨ ਪਾਵੇਗਾ। ਮਹਾਰਾਜਾ ਰਣਜੀਤ ਸਿੰਘ ਦੇ ਸਮਕਾਲ ਵਿੱਚ ਰਾਜ–ਪ੍ਰਬੰਧ, ਸਿਧਾਂਤ ਅਤੇ ਧਰਮ ਆਦਿ ਪੱਖਾਂ ਨੂੰ ਵੀ ਇਸ ਸੈਮੀਨਾਰ ਵਿੱਚ ਵਿਚਾਰਿਆ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰ ਏ ਖ਼ਾਲਸਾ ਸਿਰਫ਼ ਇੱਕ ਰਾਜਨੀਤਿਕ ਪ੍ਰਣਾਲੀ ਨਹੀਂ ਸੀ, ਸਗੋਂ ਨਿਆਂ, ਸਮਾਨਤਾ ਅਤੇ ਧਾਰਮਿਕ ਆਜਾਦੀ ਦੇ ਅਧਾਰ ’ਤੇ ਖੜੀ ਇੱਕ ਵਿਲੱਖਣ ਪ੍ਰਣਾਲੀ ਸੀ। ਉਨ੍ਹਾਂ ਕਿਹਾ ਕਿ ਅੱਜ ਦੇ ਸੈਮੀਨਾਰ ਦਾ ਉਦੇਸ਼ ਸਿਰਫ਼ ਇਤਿਹਾਸ ਨੂੰ ਯਾਦ ਕਰਨਾ ਹੀ ਨਹੀਂ, ਸਗੋਂ ਉਸ ਤੋਂ ਸੇਧ ਲੈਣਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬ ਵੱਲੋਂ ਮਿਲੇ ਹੋਏ ਗੁਰੂ ਸਿਧਾਂਤਾਂ ਦੀ ਬਖ਼ਿਸ਼ਸ ਅਤੇ ਵਡਿਆਈਆਂ ਨੂੰ ਬਰਕਰਾਰ ਰੱਖਣਾ ਮਨੁੱਖ ਦੀ ਧਾਰਮਿਕ ਅਤੇ ਨੈਤਿਕ ਜ਼ਿੰਮੇਵਾਰੀ ਹੈ। ਉਦਘਾਟਨੀ ਸਮਾਰੋਹ ਦੀ ਸਮਾਪਤੀ ਮੌਕੇ ਸਿੱਖਿਆ ਸਕੱਤਰ ਸੁਖਮਿੰਦਰ ਸਿੰਘ ਵੱਲੋਂ ਪੁੱਜੀਆਂ ਸਖਸ਼ੀਅਤਾਂ ਦਾ ਧੰਨਵਾਦ ਕੀਤਾ ਗਿਆ ਅਤੇ ਡਾ. ਪਰਮਜੀਤ ਕੌਰ, ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਅਤੇ ਡਾ. ਦਵਿੰਦਰ ਸਿੰਘ, ਖਾਲਸਾ ਕਾਲਜ, ਪਟਿਆਲਾ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖ਼ੂਬੀ ਨਿਭਾਈ। ਸੈਮੀਨਾਰ ਦੇ ਵਿਸ਼ੇਸ਼ ਭਾਸ਼ਣ ਵਿੱਚ ਪ੍ਰੋ. ਮੁਹੰਮਦ ਇਦਰੀਸ, ਪ੍ਰੋ. ਹਿਸਟਰੀ ਵਿਭਾਗ ਅਤੇ ਇੰਚਾਰਜ ਸ਼ਹੀਦ ਉਧਮ ਸਿੰਘ ਚੇਅਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਕਿਹਾ ਕਿ ਸਰਕਾਰ ਏ ਖ਼ਾਲਸਾ ਦੀ ਨੀਂਹ ਸਚਾਈ, ਨਿਆਂ, ਨਿਰਭਉਤਾ ਅਤੇ ਸੇਵਾ ਦੇ ਅਸੂਲਾਂ ’ਤੇ ਟਿੱਕੀ ਸੀ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦੀ ਇਹ ਪ੍ਰਣਾਲੀ ਕਿਸੇ ਇੱਕ ਵਰਗ ਜਾਂ ਧਰਮ ਲਈ ਨਹੀਂ ਸੀ, ਬਲਕਿ ਸਮੁੱਚੀ ਲੋਕਾਈ ਲਈ ਸੀ, ਜਿਸ ਵਿੱਚ ਸ਼ਾਸਨ ਦਾ ਮਤਲਬ ਹਕੂਮਤ ਨਹੀਂ, ਬਲਕਿ ਸੇਵਾ ਸੀ। ਸੱਤਾ ਦਾ ਮਤਲਬ ਦਬਦਬਾ ਨਹੀਂ, ਸਗੋਂ ਜ਼ਿੰਮੇਵਾਰੀ ਸੀ। ਮਹਾਰਾਜਾ ਦਾ ਆਮ ਰਾਜ ਨਾ ਹੋ ਕੇ ਧਰਮਨਿਰਪੇਖਤਾ ਅਤੇ ਸਮਾਨਤਾ ਦਾ ਰਾਜ ਸੀ। ਇਸ ਮੌਕੇ ਚਾਰ ਟੈਕਨੀਕਲ ਸੈਸ਼ਨ ਆਯੋਜਿਤ ਕੀਤੇ ਗਏ, ਜਿਨ੍ਹਾਂ ਵਿੱਚ ਚੇਅਰਪਰਸਨ ਵੱਜੋਂ ਡਾ. ਜਸਬੀਰ ਸਿੰਘ, ਡਾ. ਸੰਦੀਪ ਕੌਰ, ਡਾ. ਜਗਜੀਵਨ ਸਿੰਘ ਨੇ ਸ਼ਮੂਲੀਅਤ ਕੀਤੀ। ਡਾ. ਬਲਜੀਤ ਸਿੰਘ ਵਿਰਕ, ਡਾ. ਪਰਨੀਤ ਕੌਰ ਢਿੱਲੋਂ ਅਤੇ ਡਾ. ਰਾਕੇਸ਼ ਬਾਵਾ ਨੇ ਵਿਸ਼ੇਸ਼ ਬੁਲਾਰਿਆਂ ਵੱਜੋਂ ਵਿਸ਼ੇਸ਼ ਭੂਮਿਕਾ ਨਿਭਾਈ। ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਗੁਰਮੀਤ ਸਿੰਘ ਬੂਹ, ਮੈਂਬਰ, ਇੰਚਾਰਜ ਵਿੱਦਿਆ (ਸਕੂਲ), ਸ. ਰਘਬੀਰ ਸਿੰਘ ਸਹਾਰਨਮਾਜਰਾ, ਮੈਂਬਰ, ਜਥੇਦਾਰ ਜਸਮੇਰ ਸਿੰਘ ਲਾਛੜ ਆਦਿ ਵੀ ਮੌਜੂਦ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

## ਪਾਕਿਸਤਾਨ ਦੀਆਂ ਅਮਨ ਸ਼ਾਂਤੀ ਕੋਸ਼ਿਸ਼ਾਂ ਲਈ ਅਸੀਮ ਮੁਨੀਰ ਨੋਬਲ ਸ਼ਾਂਤੀ ਪੁਰਸਕਾਰ ਦੇ ਹੱਕਦਾਰ : ਮਾਨ

# ਇੰਡੀਆ ਨੇ ਹਮੇਸ਼ਾ ਜੰਗ ਨਾਲ ਮਾਰਨ ਦੀ ਕੋਸ਼ਿਸ਼ ਕੀਤੀ—ਅਕਾਲੀ ਦਲ ਅੰਮ੍ਰਿਤਸਰ

**ਫ਼ਿਰੋਜ਼ਪੁਰ, 24 ਅਪ੍ਰੈਲ (ਮਨੋਹਰ ਲਾਲ) :—** ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਯੂਥ ਵਿੰਗ ਦੇ ਇੰਚਾਰਜ ਤੇਜਿੰਦਰ ਸਿੰਘ ਦਿਓਲ ਅਤੇ ਤਾਲਮੇਲ ਸਕੱਤਰ ਜਗਜੀਤ ਸਿੰਘ ਸ਼ੁਸ਼ਕ ਨੇ ਇਕ ਸਾਂਝੇ ਬਿਆਨ ਵਿਚ ਪਾਕਿਸਤਾਨ ਵੱਲੋਂ ਇਰਾਨ, ਅਮਰੀਕਾ ਅਤੇ ਇਸਰਾਈਲ ਵਿਚਾਲੇ ਤਣਾਅ ਘਟਾਉਣ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਸਰਾਹਨਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਯਤਨ ਦੁਨੀਆ ਵਿੱਚ ਸ਼ਾਂਤੀ ਲਈ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਪਾਕਿਸਤਾਨ ਦੀ ਅਗਵਾਈ, ਖਾਸ ਕਰਕੇ ਅਸੀਮ ਮੁਨੀਰ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਵਿਸ਼ਵ ਸ਼ਾਂਤੀ ਲਈ ਮਹੱਤਵਪੂਰਨ ਹਨ ਅਤੇ ਅਜਿਹੀਆਂ ਕੋਸ਼ਿਸ਼ਾਂ ਨੂੰ ਨੋਬਲ ਸ਼ਾਂਤੀ ਪੁਰਸਕਾਰ ਵਰਗੇ ਵੱਡੇ ਸਨਮਾਨ ਨਾਲ ਸਨਮਾਨਿਤ ਕੀਤੇ ਜਾਣ ਦੀ ਪ੍ਰੋੜਤਾ ਕੀਤੀ ਹੈ। ਗੱਲਬਾਤ ਕਰਦਿਆਂ ਤੇਜਿੰਦਰ ਸਿੰਘ ਦਿਓਲ ਨੇ ਕਿਹਾ ਕਿ ਪੰਜਾਬ ਲਈ ਸ਼ਾਂਤੀ ਸਿਰਫ਼ ਇੱਕ ਵਿਚਾਰ ਨਹੀਂ, ਸਗੋਂ ਆਰਥਿਕ ਤੌਰ ‘ਤੇ ਬਹੁਤ ਜ਼ਰੂਰੀ ਹੈ। ਜੇ ਭਾਰਤ ਅਤੇ ਪਾਕਿਸਤਾਨ ਵਿਚਕਾਰ ਵਪਾਰ ਮੁੜ ਸ਼ੁਰੂ ਹੁੰਦਾ ਹੈ ਤਾਂ ਪੰਜਾਬ ਦੇ ਉਦਯੋਗਾਂ ਅਤੇ ਵਪਾਰ ਨੂੰ ਵੱਡਾ ਲਾਭ ਹੋ ਸਕਦਾ ਹੈ। ਉਨ੍ਹਾਂ ਦੱਸਿਆ ਕਿ ਪਾਕਿਸਤਾਨ ਵਿੱਚ ਕੁਝ ਚੀਜ਼ਾਂ ਜਿਵੇਂ ਸੀਮੈਂਟ ਅਤੇ ਕੱਚਾ ਮਾਲ ਸਸਤੇ ਮਿਲ ਸਕਦੇ ਹਨ, ਜਿਸ ਨਾਲ ਉਦਯੋਗਾਂ ਦੀ ਲਾਗਤ ਘੱਟ ਸਕਦੀ ਹੈ। ਇਸੇ ਤਰ੍ਹਾਂ ਪੰਜਾਬ ਤੋਂ ਬਾਸਮਤੀ ਚਾਵਲ, ਖੇਤੀਬਾੜੀ ਮਸ਼ੀਨਰੀ, ਕੱਪੜਾ ਅਤੇ ਹੋਰ ਉਦਯੋਗਿਕ ਸਮਾਨ ਪਾਕਿਸਤਾਨ ਨੂੰ ਭੇਜਿਆ ਜਾ ਸਕਦਾ ਹੈ, ਜਿਸ ਨਾਲ ਦੋਵੇਂ ਦੇਸ਼ਾਂ ਨੂੰ ਲਾਭ ਹੋਵੇਗਾ। ਉਨ੍ਹਾਂ ਕਿਹਾ ਕਿ ਤੁਰਕਮੇਨਿਸਤਾਨ-ਅਫ਼ਗਾਨਿਸਤਾਨ-ਪਾਕਿਸਤਾਨ-ਭਾਰਤ ਗੈਸ ਪਾਈਪਲਾਈਨ ਵਰਗੇ ਪ੍ਰੋਜੈਕਟ ਜੇ ਪੰਜਾਬ ਤੱਕ ਗੈਸ ਲਿਆਉਂਦੇ ਹਨ ਤਾਂ ਲੁਧਿਆਣਾ, ਮੰਡੀ ਗੋਬਿੰਦਗੜ੍ਹ, ਬਟਾਲਾ, ਅੰਮ੍ਰਿਤਸਰ ਅਤੇ ਬਠਿੰਡਾ ਵਰਗੇ ਉਦਯੋਗਿਕ ਕੇਂਦਰਾਂ ਵਿੱਚ ਨਵੇਂ ਉਦਯੋਗ ਖੜ੍ਹੇ ਹੋ ਸਕਦੇ ਹਨ। ਇਸ ਨਾਲ ਸਸਤੀ ਬਿਜਲੀ ਅਤੇ ਗੈਸ ਮਿਲੇਗੀ ਅਤੇ ਨੌਜਵਾਨਾਂ ਲਈ ਵੱਡੀ ਗਿਣਤੀ ਵਿੱਚ ਰੁਜ਼ਗਾਰ ਦੇ ਮੌਕੇ ਬਣਨਗੇ।

ਗੱਲਬਾਤ ਕਰਦਿਆਂ ਦਿਓਲ ਨੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਵਿਚਕਾਰ ਲਗਾਤਾਰ ਤਣਾਅ ਦਾ ਸਭ ਤੋਂ ਵੱਧ ਨੁਕਸਾਨ ਪੰਜਾਬ ਵਰਗੇ ਸਰਹੱਦੀ ਖੇਤਰਾਂ ਨੂੰ ਹੁੰਦਾ ਹੈ, ਜਦੋਂ ਉਦਯੋਗ ਅਤੇ ਵਪਾਰ ਨਹੀਂ ਵਧਦੇ ਤਾਂ ਨੌਜਵਾਨਾਂ ਨੂੰ ਰੁਜ਼ਗਾਰ ਨਹੀਂ ਮਿਲਦਾ ਅਤੇ ਉਹ ਗਲਤ ਰਾਹਾਂ ਵੱਲ ਮੁੜ ਸਕਦੇ ਹਨ, ਜੇ ਖੇਤਰ ਵਿੱਚ ਸ਼ਾਂਤੀ ਬਣੇ ਅਤੇ ਵਪਾਰ ਵਧੇ ਤਾਂ ਨੌਜਵਾਨਾਂ ਨੂੰ ਕੰਮ ਮਿਲੇਗਾ ਅਤੇ ਪੰਜਾਬ ਦੀ ਆਰਥਿਕ ਹਾਲਤ ਮਜ਼ਬੂਤ ਹੋਵੇਗੀ।

ਅੰਤ ਵਿੱਚ ਜਗਜੀਤ ਸਿੰਘ ਸ਼ੁਸ਼ਕ ਨੇ ਕਿਹਾ ਕਿ ਸ਼ਾਂਤੀ, ਵਪਾਰ ਅਤੇ ਆਰਥਿਕ ਸਹਿਯੋਗ ਹੀ ਪੰਜਾਬ ਅਤੇ ਪੂਰੇ ਖੇਤਰ ਦਾ ਭਵਿੱਖ ਹਨ। ਉਨ੍ਹਾਂ ਕਿਹਾ ਕਿ ਜੰਗ ਨਾਲ ਗਰੀਬੀ ਵਧਦੀ ਹੈ, ਜਦਕਿ ਸ਼ਾਂਤੀ ਨਾਲ ਖੁਸ਼ਹਾਲੀ ਆਉਂਦੀ ਹੈ, ਇਸ ਲਈ ਸਾਰੇ ਦੇਸ਼ਾਂ ਨੂੰ ਸ਼ਾਂਤੀ ਦੇ ਰਾਹ ‘ਤੇ ਅੱਗੇ ਵਧਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਅਸੀਂ ਸਾਰੇ ਅਕਾਲੀ ਦਲਾਂ ਨਾਲ ਸਮਝੌਤਾ ਕਰਨਾ ਚਾਹੁੰਦੇ ਹਾਂ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਵਿਖੇ ਸਾਰੇ ਅਕਾਲੀ ਦਲ ਇਕੱਠੇ ਹੋਣੇ ਚਾਹੀਦੇ ਹਨ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਹੋਣੀਆਂ ਚਾਹੀਦੀਆਂ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

## ਕਾਂਗਰਸ ਨੇ ਗੁਰਪ੍ਰੀਤ ਸਿੰਘ ਲੱਕੀ ਪੱਖੋ ਨੂੰ ਬਣਾਇਆ

# ਐਸ.ਸੀ ਵਿਭਾਗ ਪੰਜਾਬ ਪ੍ਰਦੇਸ਼ ਕਾਂਗਰਸ ਦਾ ਚੇਅਰਮੈਨ

ਫ਼ਿਰੋਜ਼ਪੁਰ, 24 ਅਪ੍ਰੈਲ (ਮਨੋਹਰ ਲਾਲ) :— ਕਾਂਗਰਸ ਪਾਰਟੀ ਨਾਲ ਚਟਾਂਨ ਦੀ ਤਰ੍ਹਾਂ ਖੜ੍ਹੇ ਗੁਰਪ੍ਰੀਤ ਸਿੰਘ ਲੱਕੀ ਪੱਖੋ ਵੱਲੋਂ ਜਿਥੇ ਘਰ–ਘਰ ਕਾਂਗਰਸ ਦੀ ਸੋਚ ਨੂੰ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ, ਉਥੇ ਲਗਾਤਾਰ ਕਾਂਗਰਸ ਦੀ ਤਰੱਕੀ–ਖੁਸ਼ਹਾਲੀ ਲਈ ਆਪਣਾ ਬਣਦਾ ਯੋਗਦਾਨ ਅਦਾ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਗੁਰਚਰਨ ਸਿੰਘ ਨਾਹਰ ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਫ਼ਿਰੋਜ਼ਪੁਰ ਨੇ ਦੱਸਿਆ ਕਿ ਕਾਂਗਰਸ ਪਾਰਟੀ ਇਕੋ–ਇਕ ਅਜਿਹੀ ਪਾਰਟੀ ਹੈ, ਜੋ ਹਰ ਇਕ ਵਰਕਰ ਨੂੰ ਬਣਦਾ ਮਾਣ–ਸਨਮਾਨ ਦਿੰਦੀ ਹੈ। ਉਨ੍ਹਾਂ ਕਿਹਾ ਕਿ ਇਸੀ ਦੇ ਚਲਦਿਆਂ ਕਾਂਗਰਸ ਹਾਈਕਮਾਂਡ ਵੱਲੋਂ ਨੌਜਵਾਨ ਗੁਰਪ੍ਰੀਤ ਸਿੰਘ ਲੱਕੀ ਪੱਖੋ ਨੂੰ ਐਸ.ਸੀ ਵਿਭਾਗ ਪੰਜਾਬ ਪ੍ਰਦੇਸ਼ ਕਾਂਗਰਸ ਦਾ ਚੇਅਰਮੈਨ ਨਿਯੁਕਤ ਕਰਕੇ ਉਸ ਦੇ ਕੀਤੇ ਕਾਰਜਾਂ ਨੂੰ ਹੱਲਾਸ਼ੇਰੀ ਦੇਣ ਦਾ ਯਤਨ ਕੀਤਾ ਗਿਆ ਹੈ। ਕਾਂਗਰਸ ਪਾਰਟੀ ਵੱਲੋਂ ਐਸ.ਸੀ ਵਿਭਾਗ ਪੰਜਾਬ ਪ੍ਰਦੇਸ਼ ਕਾਂਗਰਸ ਦਾ ਚੇਅਰਮੈਨ ਨਿਯੁਕਤ ਕਰਨ ਦੇ ਗੁਰਪ੍ਰੀਤ ਸਿੰਘ ਲੱਕੀ ਪੱਖੋ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਤਾਂ ਲੱਗ ਗਿਆ ਅਤੇ ਪਰਿਵਾਰ ਨੇ ਆਏ ਮੋਹਤਬਰਾਂ ਅਤੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਕਾਂਗਰਸ ਦੀਆਂ ਨੀਤੀਆਂ ਤੇ ਪਹਿਰਾ ਦੇਣ ਦੀ ਗੁਹਾਰ ਲਗਾਉਂਦਿਆਂ ਪੰਜਾਬ ਤੇ ਪੰਜਾਬੀਅਤ ਦੇ ਹਿੱਤ ਵਿਚ ਨਿਤਰਦਿਆਂ ਆਉਂਦੀਆਂ ਚੋਣਾਂ ਵਿਚ ਕਾਂਗਰਸ ਨੂੰ ਬਹੁਮੱਤ ਦੇਣ ਦੀ ਅਪੀਲ ਕੀਤੀ। ਗੱਲਬਾਤ ਕਰਦਿਆਂ ਨੌਜਵਾਨ ਗੁਰਪ੍ਰੀਤ ਸਿੰਘ ਲੱਕੀ ਪੱਖੋ ਨੇ ਦੱਸਿਆ ਕਿ ਉਨ੍ਹਾਂ ਨੂੰ ਮਾਣ ਹੈ ਕਿ ਉਹ ਕਾਂਗਰਸ ਪਾਰਟੀ ਦੇ ਸਿਪਾਹੀ ਹਨ ਅਤੇ ਪਾਰਟੀ ਨੇ ਜੋ ਮਾਣ–ਸਨਮਾਨ ਦਿੱਤਾ ਹੈ, ਉਸ ਦੇ ਉਹ ਸਦਾ ਰਿਣੀ ਰਹਿਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਸ੍ਰੀ ਨਾਨਕ ਝੀਰਾ ਸਾਹਿਬ, ਬਿਦਰ ਵਿਖੇ 514ਵਾਂ ਝੀਰਾ ਪ੍ਰਗਟ ਸਮਾਗਮ 26 ਅਪ੍ਰੈਲ ਨੂੰ ਮਨਾਇਆ ਜਾਵੇਗਾ: ਡਾ ਬਲਬੀਰ ਸਿੰਘ



**ਚੌਕ ਮਹਿਤਾ, 24 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਸ੍ਰੀ ਨਾਨਕ ਝੀਰਾ ਸਾਹਿਬ, ਬਿਦਰ ਦੀ ਪ੍ਰਬੰਧਕ ਕਮੇਟੀ ਵੱਲੋਂ ਵੱਡੀ ਸ਼ਰਧਾ ਅਤੇ ਭਾਵਨਾ ਨਾਲ 514ਵਾਂ ਝੀਰਾ ਪ੍ਰਗਟ ਸਮਾਗਮ 26 ਅਪ੍ਰੈਲ 2026 ਨੂੰ ਮਨਾਇਆ ਜਾ ਰਿਹਾ ਹੈ। ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਡਾ: ਬਲਬੀਰ ਸਿੰਘ, ਪ੍ਰਧਾਨ ਗੁਰਦੁਆਰਾ ਸ੍ਰੀ ਨਾਨਕ ਝੀਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਇਸ ਧਾਰਮਿਕ ਸਮਾਗਮ ਦੀ ਸ਼ੁਰੂਆਤ 24 ਅਪ੍ਰੈਲ 2026 ਸਵੇਰੇ 8:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਆਰੰਭ ਨਾਲ ਹੋਵੇਗੀ, ਜਿਸ ਦਾ ਭੋਗ 26 ਅਪ੍ਰੈਲ 2026 ਸਵੇਰੇ 8:30 ਵਜੇ ਪਾਇਆ ਜਾਵੇਗਾ। ਸਮਾਗਮ ਦੇ ਅੰਤਿਮ ਦਿਨ ਹਜ਼ੂਰੀ ਰਾਗੀ ਜਥਿਆਂ ਵੱਲੋਂ ਸਵੇਰੇ 8:30 ਤੋਂ 9:00 ਵਜੇ ਤੱਕ ਕੀਰਤਨ ਦਰਬਾਰ ਸਜਾਇਆ ਜਾਵੇਗਾ, ਜਿਸ ਤੋਂ ਬਾਅਦ ਅਰਦਾਸ, ਹੁਕਮਨਾਮਾ ਅਤੇ ਸਮਾਪਤੀ ਦੀਵਾਨ ਸਵੇਰੇ 9:00 ਤੋਂ 9:30 ਵਜੇ ਤੱਕ ਹੋਵੇਗਾ। ਇਸ ਮੌਕੇ ਸੰਗਤ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ, ਜਿਸ ਵਿੱਚ ਹਰ ਕੋਈ ਸ਼ਰਧਾ ਨਾਲ ਸ਼ਾਮਲ ਹੋ ਸਕਦਾ ਹੈ। ਪ੍ਰਬੰਧਕ ਕਮੇਟੀ ਵੱਲੋਂ ਸਾਰੀ ਸਾਧ ਸੰਗਤ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਸਮਾਗਮ ਦੀ ਰੌਣਕ ਵਧਾਉਣ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੀਆਂ ਅਸੀਸਾਂ ਪ੍ਰਾਪਤ ਕਰਨ। ਇਹ ਸਮਾਗਮ ਹਰ ਸਾਲ ਬੜੀ ਸ਼ਰਧਾ ਨਾਲ ਮਨਾਇਆ ਜਾਂਦਾ ਹੈ ਅਤੇ ਦੂਰ-ਦੂਰ ਤੋਂ ਆਈ ਸੰਗਤ ਦੀ ਹਾਜ਼ਰੀ ਨਾਲ ਆਤਮਿਕ ਮਾਹੌਲ ਬਣਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

## ਗਿਆਨੀ ਪਰਗਟ ਸਿੰਘ ਭੀਲੋਵਾਲ ਦਮਦਮੀ ਟਕਸਾਲ ਵਾਲੇ ਵਿਦੇਸ਼ਾਂ ਵਿੱਚ ਗੁਰਮਤਿ ਦਾ ਪ੍ਰਚਾਰ ਕਰ ਰਹੇ ਹਨ

**ਚੌਕ ਮਹਿਤਾ, 24 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮਹਾਨ ਵਿਦਵਾਨ ਕਥਾਵਾਚਕ ਗਿਆਨੀ ਪਰਗਟ ਸਿੰਘ ਭੀਲੋਵਾਲ ਪਿੱਛਲੇ ਸਮੇਂ ਤੋਂ ਵਿਦੇਸ਼ਾਂ ਦੇ ਵੱਖ ਵੱਖ ਗੁਰਦੁਆਰਿਆਂ ਸਾਹਿਬਾਨਾਂ ਵਿੱਚ ਗੁਰਸਿੱਖੀ ਦਾ ਪ੍ਰਚਾਰ ਦਿਨ ਰਾਤ ਕਰ ਰਹੇ ਹਨ। ਜਿਸ ਤਰ੍ਹਾਂ ਗੁਰਦੁਆਰਾ ਸਾਹਿਬ ਸਟੋਕਟਨ ਕੈਲੀਫੋਰਨੀਆ ਗ.ਦਰੀ ਬਾਬਿਆਂ ਦਾ ਇਤਿਹਾਸਕ ਪਵਿੱਤਰ ਪਾਵਨ ਅਸਥਾਨ ਵਿਖੇ ਹਰ ਰੋਜ਼,21 ਅਪ੍ਰੈਲ ਤੋਂ 25 ਅਪ੍ਰੈਲ 7,15 ਤੋਂ 7,45, ਤੱਕ ਅਤੇ ਇਸ ਤਰ੍ਹਾਂ 26 ਅਪ੍ਰੈਲ ਦੁਪਹਿਰ ਦੇ ਦੀਵਾਨ ਸਜਾਉਂਦੇ ਹਨ। ਕੈਲੀਫੋਰਨੀਆ ਦੀ ਸੰਗਤਾਂ ਨੇ ਭਾਈ ਪਰਗਟ ਸਿੰਘ ਭੀਲੋਵਾਲ ਨੂੰ ਜੀ ਆਇਆਂ ਆਖਿਆ ਗਿਆ ਅਤੇ ਭਾਈ ਪਰਗਟ ਸਿੰਘ ਭੀਲੋਵਾਲ ਦਾ ਮਾਨ ਸਨਮਾਨ ਸੰਗਤਾਂ ਕਰ ਰਹੀਆਂ ਹਨ। ਕੁਝ ਸਮਾਂ ਹੋਰ ਵਿਦੇਸ਼ਾਂ ਦੇ ਪਵਿੱਤਰ ਪਾਵਨ ਅਸਥਾਨ ਤੇ ਗੁਰਮਤਿ ਦਾ ਪ੍ਰਚਾਰ ਕਰਨਗੇ।



ਆਵਾਜ਼ਿ ਕੌਮ AWAZE QAUM International Newspaper & WEB TV

## ਜ਼ਰੂਰਤਮੰਦ ਨੂੰ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਨੇ ਮੁਹਇਆ ਕਰਵਾਇਆ ਬੈਟਰਾ ਤੇ ਇਨਵਰਟਰ

ਫ਼ਿਰੋਜ਼ਪੁਰ, 24 ਅਪ੍ਰੈਲ (ਮਨੋਹਰ ਲਾਲ) :— ਸ: ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਰਜਿ 140 ਜ਼ੀਰਾ ਯੂਨਿਟ ਵੱਲੋਂ ਜ਼ਰੂਰਤਮੰਦ ਦੀ ਕੀਤੀ ਮੱਦਦ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਆਗੂਆਂ ਨੇ ਦੱਸਿਆ ਕਿ ਜ਼ੀਰਾ ਯੂਨਿਟ ਦੇ ਸੰਤੋਖ ਸਿੰਘ ਖੋਸਾ ਸੀਨੀਅਰ ਮੀਤ ਪ੍ਰਧਾਨ ਪੰਜਾਬ ਦੀ ਦੇਖ–ਰੇਖ ਹੇਠ ਇਕ ਮਜਬੂਰ ਅਤੇ ਬੇਸਹਾਰਾ ਭੈਣ ਮਾਣੀ ਪਿੰਡ ਔਲਖ ਜੋ ਕਿ ਅੰਗਹੀਣ ਹਨ ਅਤੇ ਕੁਝ ਦਿਨ ਪਹਿਲਾਂ ਇਨ੍ਹਾਂ ਦੇ ਪਤੀ ਦੀ ਮੌਤ ਹੋ ਚੁੱਕੀ ਹੈ ਨੂੰ ਨਵਾਂ ਇਨਵੇਟਰ ਅਤੇ ਬੈਟਰਾ ਮੁਹਇਆ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਸੁਸਾਇਟੀ ਦੇ ਮੈਂਬਰਾਂ ਨੇ ਆਪਣੇ ਦਸਵੰਧ ਦੀ ਮਾਇਆ ਨਾਲ ਉਕਤ ਭੈਣ ਦੀ ਸਹਾਇਤਾ ਕੀਤੀ। ਗੱਲਬਾਤ ਕਰਦਿਆਂ ਗੁਰਅਵਤਾਰ ਸਿੰਘ ਸ਼ਹਿਰੀ ਪ੍ਰਧਾਨ ਨੇ ਦੱਸਿਆ ਕਿ ਅਸੀਂ ਸਾਰੇ ਸੋਸਾਇਟੀ ਮੈਂਬਰ ਇਹ ਸੇਵਾਵਾਂ ਨਿਰੰਤਰ ਚੱਲਦੀਆਂ ਰੱਖਾਂਗੇ ਕਿਉਂਕਿ ਗੁਰੂ ਸਾਹਿਬ ਦਾ ਸਾਨੂੰ ਉਪਦੇਸ਼ ਹੈ ਕਿਰਤ ਕਰੋ ਨਾਮ ਜਪੋ ਵੰਡ ਛਕੋ। ਇਸ ਮੌਕੇ ਗੁਰਪ੍ਰੀਤ ਸਿੰਘ, ਰਣਜੀਤ ਸਿੰਘ, ਵਰਿਆਮ ਸਿੰਘ, ਸੁਖਮੰਦਰ ਸਿੰਘ, ਮੰਦਰ ਸਿੰਘ, ਸੁਖਵਿੰਦਰ ਸਿੰਘ, ਲਖਬੀਰ ਸਿੰਘ, ਗੁਰਸੇਵਕ ਸਿੰਘ, ਦਰਸ਼ਨ ਸਿੰਘ, ਮਨਦੀਪ ਸਿੰਘ, ਇੰਦਰਜੀਤ ਸਿੰਘ, ਅਮਨਦੀਪ ਸਿੰਘ, ਮੰਗਲ ਸਿੰਘ, ਅਨੂਪ ਸਿੰਘ, ਸਵਰਨ ਸਿੰਘ, ਮੱਖਣ ਸਿੰਘ, ਬੀਬੀ ਰਜਿੰਦਰ ਕੌਰ, ਗੁਰਬਚਨ ਸਿੰਘ, ਨਛੱਤਰ ਸਿੰਘ, ਸੰਜੀਵ ਕੁਮਾਰ ਸ਼ਰਮਾ ਹੋਰ ਪਤਵੰਤੇ ਸੱਜਣ ਵੀ ਸੇਵਾ ਵਿੱਚ ਸ਼ਾਮਿਲ ਹਨ।



## ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਨਿਯੁਕਤੀ ਪੱਤਰ ਵੰਡੇ

# ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਨੂੰ ਮਿਲੀ ਨਵੀਂ ਉਡਾਣ - 5 ਸਾਲਾਂ ਤੋਂ ਲਟਕੀ 2364 ਅਧਿਆਪਕਾਂ ਦੀ ਭਰਤੀ ਮੁਕੰਮਲ

### ਲੰਬੇ ਸਮੇਂ ਤੋਂ ਅਟਕੇ ਮਾਮਲਿਆਂ ਨੂੰ ਸੁਲਝਾ ਕੇ ਯੋਗ ਉਮੀਦਵਾਰਾਂ ਨੂੰ ਉਨ੍ਹਾਂ ਦਾ ਹੱਕ ਦੇਣਾ ਸਰਕਾਰ ਦੀ ਜ਼ਿੰਮੇਵਾਰੀ, ਜਿਸ ਨੂੰ ਕੀਤਾ ਗਿਆ ਪੂਰਾ: ਕਟਾਰੂਚੱਕ




ਪਠਾਨਕੋਟ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਪੰਜਾਬ ਵਿੱਚ ਸਿੱਖਿਆ ਖੇਤਰ ਨੂੰ ਮਜ਼ਬੂਤ ਅਤੇ ਆਧੁਨਿਕ ਬਣਾਉਣ ਵੱਲ ਇੱਕ ਮਹੱਤਵਪੂਰਨ ਅਤੇ ਇਤਿਹਾਸਕ ਕਦਮ ਚੁੱਕਦਿਆਂ, ਸਾਲ 2020 ਵਿੱਚ ਜਾਰੀ ਕੀਤੀ ਗਈ 2364 ਪ੍ਰਾਇਮਰੀ ਅਧਿਆਪਕਾਂ ਦੀ ਭਰਤੀ ਪ੍ਰਕਿਰਿਆ ਨੂੰ ਆਖਿਰਕਾਰ ਪੰਜਾਬ ਸਰਕਾਰ ਵੱਲੋਂ ਸਫ਼ਲਤਾਪੂਰਵਕ ਮੁਕੰਮਲ ਕਰ ਦਿੱਤਾ ਗਿਆ ਹੈ। ਇਹ ਭਰਤੀ ਪਿਛਲੇ ਲਗਭਗ ਪੰਜ ਸਾਲਾਂ ਤੋਂ ਵੱਖ-ਵੱਖ ਅਦਾਲਤੀ ਮਾਮਲਿਆਂ ਅਤੇ ਪੇਚੀਦਗੀਆਂ ਕਾਰਨ ਅਟਕੀ ਹੋਈ ਸੀ, ਜਿਸ ਕਾਰਨ ਹਜ਼ਾਰਾਂ ਉਮੀਦਵਾਰਾਂ ਨੂੰ ਲੰਬੇ ਸਮੇਂ ਤੱਕ ਇੰਤਜ਼ਾਰ ਕਰਨਾ ਪਿਆ। ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਸ ਮਾਮਲੇ ਨੂੰ ਤਰਜੀਹ ਦਿੰਦੇ ਹੋਏ ਕਾਨੂੰਨੀ ਪ੍ਰਕਿਰਿਆ ਨੂੰ ਤੇਜ਼ ਕੀਤਾ ਅਤੇ ਸਾਰਿਆਂ ਰੁਕਾਵਟਾਂ ਨੂੰ ਦੂਰ ਕਰਕੇ ਭਰਤੀ ਪ੍ਰਕਿਰਿਆ ਨੂੰ ਅੰਤ ਤੱਕ ਪਹੁੰਚਾਇਆ। ਇਸ ਨਾਲ ਨਾ ਸਿਰਫ਼ ਉਮੀਦਵਾਰਾਂ ਨੂੰ ਨਿਆਂ ਮਿਲਿਆ ਹੈ, ਸਗੋਂ ਸਿੱਖਿਆ ਪ੍ਰਣਾਲੀ ਨੂੰ ਵੀ ਇੱਕ ਵੱਡਾ ਬਲ ਪ੍ਰਾਪਤ ਹੋਇਆ ਹੈ। ਇਸੇ ਕੜੀ ਵਿੱਚ ਅੱਜ ਜ਼ਿਲ੍ਹਾ ਪਠਾਨਕੋਟ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਰੋਟ ਮਹਿਰਾ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ ਪਠਾਨਕੋਟ ਸ੍ਰੀਮਤੀ ਕਮਲਦੀਪ ਕੌਰ ਦੀ ਅਗਵਾਈ ਹੇਠ "ਸਿੱਖਿਆ ਕ੍ਰਾਂਤੀ" ਪ੍ਰੋਗਰਾਮ ਅਧੀਨ ਇੱਕ ਸ਼ਾਨਦਾਰ ਅਤੇ ਪ੍ਰੇਰਣਾਦਾਇਕ ਸਮਾਰੋਹ ਆਯੋਜਿਤ ਕੀਤਾ ਗਿਆ। ਜਿਸ ਵਿੱਚ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਜੀ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ ਅਤੇ ਨਵ-ਨਿਯੁਕਤ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ ਅਤੇ ਉਨ੍ਹਾਂ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ। ਸਮਾਰੋਹ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸਿੱਖਿਆ ਕਿਸੇ ਵੀ ਰਾਜ ਦੀ ਤਰੱਕੀ ਦਾ ਅਧਾਰ ਹੁੰਦੀ ਹੈ ਅਤੇ ਸਰਕਾਰ ਇਸ ਖੇਤਰ ਵਿੱਚ ਬੁਨਿਆਦੀ ਸੁਧਾਰ ਲਿਆਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਨੇ ਕਿਹਾ ਕਿ ਲੰਬੇ ਸਮੇਂ ਤੋਂ ਅਟਕੇ ਮਾਮਲਿਆਂ ਨੂੰ ਸੁਲਝਾ ਕੇ ਯੋਗ ਉਮੀਦਵਾਰਾਂ ਨੂੰ ਉਨ੍ਹਾਂ ਦਾ ਹੱਕ ਦੇਣਾ ਸਰਕਾਰ ਦੀ ਜ਼ਿੰਮੇਵਾਰੀ ਸੀ, ਜਿਸ ਨੂੰ ਪੂਰਾ ਕੀਤਾ ਗਿਆ ਹੈ। ਇਸ ਮੌਕੇ ਨਵ-ਨਿਯੁਕਤ ਅਧਿਆਪਕਾਂ ਵਿੱਚ ਖੁਸ਼ੀ, ਉਤਸ਼ਾਹ ਅਤੇ ਸੰਤੁਸ਼ਟੀ ਦੀ ਲਹਿਰ ਸਪਸ਼ਟ ਤੌਰ 'ਤੇ ਵੇਖਣ ਨੂੰ ਮਿਲੀ। ਉਨ੍ਹਾਂ ਨੇ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੇ ਫਰਜ਼ ਨੂੰ ਪੂਰੀ ਲਗਨ, ਨਿਸ਼ਠਾ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਸੰਵਾਰਣ ਲਈ ਆਪਣਾ ਸਰਵੋਤਮ ਯੋਗਦਾਨ ਦੇਣਗੇ। ਜ਼ਿਲ੍ਹਾ ਸਿੱਖਿਆ ਅਫ਼ਸਰ ਪਠਾਨਕੋਟ ਸ੍ਰੀਮਤੀ ਕਮਲਦੀਪ ਕੌਰ ਨੇ ਇਸ ਭਰਤੀ ਨੂੰ ਸਿੱਖਿਆ ਖੇਤਰ ਲਈ ਇੱਕ ਮੀਲ ਪੱਥਰ ਕਰਾਰ ਦਿੱਤਾ। ਉਨ੍ਹਾਂ ਦੇ ਅਨੁਸਾਰ, ਇਹ ਕਦਮ ਪੰਜਾਬ ਵਿੱਚ ਸਿੱਖਿਆ ਦੀ ਗੁਣਵੱਤਾ ਨੂੰ ਸੁਧਾਰਨ ਦੇ ਨਾਲ-ਨਾਲ ਸਰਕਾਰੀ ਸਕੂਲਾਂ 'ਤੇ ਲੋਕਾਂ ਦਾ ਭਰੋਸਾ ਵੀ ਵਧਾਏਗਾ। ਕੁੱਲ ਮਿਲਾ ਕੇ, ਇਹ ਪਹਲ ਇੱਕ ਪਾਸੇ ਬੇਰੁਜ਼ਗਾਰੀ ਘਟਾਉਣ ਵੱਲ ਇੱਕ ਵੱਡਾ ਯੋਗਦਾਨ ਹੈ, ਜਦਕਿ ਦੂਜੇ ਪਾਸੇ ਇਹ ਪੰਜਾਬ ਦੇ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਵੱਲ ਇੱਕ ਨਵੀਂ ਸ਼ੁਰੂਆਤ ਦਾ ਸੰਕੇਤ ਵੀ ਹੈ। ਇਸ ਮੌਕੇ ਤੇ ਐਡਵੋਕੇਟ ਰਮੇਸ਼ ਚੌਧਰੀ ਜ਼ਿਲ੍ਹਾ ਇੰਚਾਰਜ ਏਜੁਕੇਸ਼ਨ ਵਿੰਗ ਪਠਾਨਕੋਟ, ਨਿਤਿਨ ਠਾਕੁਰ ਮੈਂਬਰ ਜਿਲ੍ਹਾ ਪਰਿਸ਼ਦ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਸ੍ਰੀ ਡੀ. ਜੀ. ਸਿੰਘ ਡਿਪਟੀ ਡੀਈਓ ਐਲੀਮੈਂਟਰੀ, ਸ੍ਰੀ ਅਮਨਦੀਪ ਕੁਮਾਰ ਡਿਪਟੀ ਡੀਈਓ ਸੈਕੰਡਰੀ, ਪ੍ਰਿੰਸੀਪਲ ਸ਼੍ਰੀਮਤੀ ਨੀਲਮ ਰਾਠੌਰ, ਬੀਪੀਈਓ ਸ੍ਰੀ ਰਾਕੇਸ਼ ਕੁਮਾਰ, ਕਲਰਕ ਤਰੁਣ ਪਠਾਨੀਆ, ਸਕਾਲਰਸ਼ਿੱਪ ਇੰਚਾਰਜ ਚੇਤਨ ਅੱਤਰੀ, ਬਲਕਾਰ ਅੱਤਰੀ ਆਦਿ ਹਾਜ਼ਰ ਸਨ।

# ਜ਼ਿਲ੍ਹਾ ਪਠਾਨਕੋਟ ਵਿੱਚ ਕਿਸੇ ਵੀ ਪ੍ਰਕ੍ਰਿਤਿਕ ਆਪਦਾ ਦੇ ਨਾਲ ਨਜਿੱਠਣ ਲਈ ਕੀਤੀ ਗਈ ਮੌਕ ਡਰਿੱਲ

### ਘਬਰਾਉਣ ਦੀ ਲੋੜ ਨਹੀਂ ਇਹ ਕੇਵਲ ਇੱਕ ਅਭਿਆਸ ਹੈ: ਵਧੀਕ ਡਿਪਟੀ ਕਮਿਸ਼ਨਰ (ਜ)







**ਪਠਾਨਕੋਟ, 24 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਿਸੇ ਵੀ ਤਰ੍ਹਾਂ ਦੀ ਪ੍ਰਕਿਰਤਿਕ ਆਪਦਾ ਦੇ ਨਾਲ ਨਜਿੱਠਣ ਦੇ ਲਈ ਅੱਜ ਸਿਟੀ ਰੇਲਵੇ ਸਟੇਸ਼ਨ ਪਠਾਨਕੋਟ ਤੇ ਮੌਕ ਡਰਿੱਲ ਕੀਤੀ ਗਈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸ੍ਰੀ ਸੰਜੀਵ ਸ਼ਰਮਾ ਵਧੀਕ ਡਿਪਟੀ ਕਮਿਸ਼ਨਰ (ਜ), ਡਾ. ਪੁਨੀਤ ਜੰਮਵਾਲ, ਜ਼ਿਲ੍ਹਾ ਕਮਾਂਡਰ ਨਿਰਮਲਾ, ਇੰਸਪੈਕਟਰ ਮਣੀ ਮਹੇਸ਼, ਰਾਮ ਲੁਭਾਇਆ ਜਿਲਾ ਲੋਕ ਸੰਪਰਕ ਅਫਸਰ ਅਤੇ ਹੋਰ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਸ੍ਰੀ ਸੰਜੀਵ ਸ਼ਰਮਾ ਵਧੀਕ ਡਿਪਟੀ ਕਮਿਸ਼ਨਰ (ਜ) ਨੇ ਦੱਸਿਆ ਕਿ ਸਿਟੀ ਰੇਲਵੇ ਸਟੇਸ਼ਨ ਪਠਾਨਕੋਟ ਵਿਖੇ ਮੌਕ ਡਰਿੱਲ ਕੀਤੀ ਗਈ ਹੈ ਜਿਸ ਵਿੱਚ ਸਿਵਲ ਡਿਫੈਂਸ, ਫਾਇਰ ਬ੍ਰਿਗੇਡ, ਸਿਹਤ ਵਿਭਾਗ, ਪੁਲਿਸ ਵਿਭਾਗ ਅਤੇ ਹੋਰ ਵੱਖ-ਵੱਖ ਸਬੰਧਤ ਵਿਭਾਗਾਂ ਦਾ ਵਿਸ਼ੇਸ਼ ਯੋਗਦਾਨ ਰਿਹਾ। ਉਹਨਾਂ ਨੇ ਦੱਸਿਆ ਕਿ ਅਜਿਹੀਆਂ ਮੌਕ ਡਰਿੱਲਾਂ ਇਸ ਲਈ ਅਯੋਜਿਤ ਕੀਤੀਆਂ ਜਾਂਦੀਆਂ ਹਨ ਤਾਂ ਜੋ ਭਵਿੱਖ ਅੰਦਰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰਾਕਿਰਤਿਕ ਆਪਦਾ ਆਉਂਦੀ ਹੈ ਤਾਂ ਅਸੀਂ ਆਪਣੇ ਆਪ ਨੂੰ ਪੂਰੀ ਤਰ੍ਹਾਂ ਉਸ ਨਾਲ ਨਜਿੱਠਣ ਦੇ ਲਈ ਤਿਆਰ ਰੱਖ ਸਕੀਏ। ਉਹਨ੍ਹਾਂ ਦੱਸਿਆ ਕਿ ਮੌਕ ਡਰਿਲ ਦੌਰਾਨ ਇੱਕ ਕਲਪਨਾਤਮਕ ਐਮਰਜੈਂਸੀ ਸਥਿਤੀ ਤਿਆਰ ਕੀਤੀ ਗਈ, ਜਿਸ ਵਿੱਚ ਯਾਤਰੀਆਂ ਦੀ ਸੁਰੱਖਿਆ, ਜ਼ਖਮੀਆਂ ਨੂੰ ਤੁਰੰਤ ਮੈਡੀਕਲ ਸਹਾਇਤਾ ਦੇਣਾ ਅਤੇ ਅੱਗ ਬੁਝਾਉਣ ਜਿਹੀਆਂ ਕਾਰਵਾਈਆਂ ਨੂੰ ਅਮਲ ਵਿੱਚ ਲਿਆਇਆ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਇਸ ਤਰ੍ਹਾਂ ਦੀਆਂ ਮੌਕ ਡਰਿਲਾਂ ਕਰਵਾਉਣ ਦਾ ਮਕਸਦ ਵਿਭਾਗਾਂ ਵਿਚਕਾਰ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਬਣਾਉਣਾ ਹੈ, ਤਾਂ ਜੋ ਕਿਸੇ ਵੀ ਹਕੀਕਤੀ ਐਮਰਜੈਂਸੀ ਦੇ ਸਮੇਂ ਕੋਈ ਘਾਟ ਨਾ ਰਹੇ। ਉਨ੍ਹਾਂ ਨੇ ਕਿਹਾ ਕਿ ਅੱਜ ਦੀ ਡਰਿਲ ਦੌਰਾਨ ਸਾਰੇ ਵਿਭਾਗਾਂ ਵੱਲੋਂ ਬਿਹਤਰੀਨ ਸਹਿਯੋਗ ਦਿੱਤਾ ਗਿਆ ਅਤੇ ਸਮੇਂ ਸਿਰ ਕਾਰਵਾਈ ਕਰਕੇ ਸਥਿਤੀ 'ਤੇ ਕਾਬੂ ਪਾਇਆ ਗਿਆ।

### ਸਮਾਜ ਸੇਵੀ ਜਥੇਬੰਦੀਆਂ ਵਿਚ ਸਰਗਰਮ ਭੂਮਿਕਾ ਅਦਾ ਕਰਨ ਵਾਲੇ

# ਸਰਬਜੀਤ ਸਿੰਘ ਛਾਬੜਾ ਨਮਿਤ ਅੰਤਿਮ ਅਰਦਾਸ ਅੱਜ



ਫ਼ਿਰੋਜ਼ਪੁਰ, 24 ਅਪ੍ਰੈਲ (ਮਨੋਹਰ ਲਾਲ) :— ਇਲਾਕੇ ਵਿਚ ਪੜ੍ਹੇ—ਲਿਖੇ ਹੋਣ ਦੇ ਨਾਲ—ਨਾਲ ਨਿਡਰ ਸਖਸ਼ੀਅਤ ਦੇ ਮਾਲਕ ਸਰਬਜੀਤ ਸਿੰਘ ਛਾਬੜਾ ਨੇ ਜਿਥੇ ਆਪਣੀ ਪੂਰੀ ਜਿੰਦਗੀ ਸਮਾਜ ਸੇਵੀ ਕਾਰਜਾਂ ਵਿਚ ਅਹਿਮ ਰੋਲ ਅਦਾ ਕੀਤਾ, ਉਥੇ ਹਰ ਜ਼ਰੂਰਤਮੰਦ ਦੀ ਮੱਦਦ ਕਰਨਾ ਆਪਣਾ ਫਰਜ ਸਮਝਿਆ। ਪਿਛਲੇ ਦਿਨੀਂ 19 ਅਪ੍ਰੈਲ ਨੂੰ ਸ: ਸਰਬਜੀਤ ਸਿੰਘ ਛਾਬੜਾ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਪਰਿਵਾਰਕ ਮੈਂਬਰਾਂ, ਸਾਕ ਸਬੰਧੀਆਂ ਤੇ ਦੋਸਤਾਂ—ਮਿੱਤਰਾਂ ਨੂੰ ਸਦਾ—ਸਦਾ ਲਈ ਅਲਵਿਦਾ ਕਹਿੰਦੇ ਅਕਾਲ ਚਲਾਣਾ ਕਰ ਗਏ, ਜਿਨ੍ਹਾਂ ਨਮਿਤ ਰੱਖੇ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਅੱਜ ਮਿਤੀ 25 ਅਪ੍ਰੈਲ ਨੂੰ ਖਾਲਸਾ ਗੁਰਦੁਆਰਾ ਸਾਹਿਬ ਸੰਤ ਲਾਲ ਰੋਡ, ਫ਼ਿਰੋਜ਼ਪੁਰ ਛਾਉਣੀ ਵਿਖੇ ਹੋਵੇਗੀ। ਇਲਾਕੇ ਦੀ ਸਤਿਕਾਰਤ ਸਖਸ਼ੀਅਤ ਦੇ ਅਚਾਨਕ ਅਕਾਲ ਚਲਾਣੇ ਤੇ ਇਲਾਕੇ ਵਿਚ ਸੋਗ ਦੀ ਲਹਿਰ ਦੌੜ ਗਈ। ਸ: ਸਰਬਜੀਤ ਸਿੰਘ ਦੇ ਅਚਾਨਕ ਅਕਾਲ ਚਲਾਣਾ ਕਰ ਜਾਣ ਤੇ ਇਲਾਕੇ ਦੀਆਂ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਵੱਲੋਂ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ। ਸ: ਸਰਬਜੀਤ ਸਿੰਘ ਛਾਬੜਾ ਆਪਣੇ ਪਿਛੇ ਹਰਿਆ—ਭਰਿਆ ਪਰਿਵਾਰ ਛੱਡ ਗਏ ਹਨ, ਜਿਸ ਵਿਚ ਉਨ੍ਹਾਂ ਦੇ ਸਪੁੱਤਰ ਇਕਬਾਲ ਸਿੰਘ ਛਾਬੜਾ ਦੀਪੀ, ਹਰਸਿਮਰਨ ਸਿੰਘ ਛਾਬੜਾ ਬਿੱਕੀ ਸਮੇਤ ਨੂੰਹਾਂ, ਧੀਆਂ—ਜਵਾਈ, ਪੋਤਰੇ—ਪੋਤਰੀਆਂ ਅਤੇ ਪੜਪੋਤਰਿਆਂ ਨੂੰ ਛੱਡ ਗਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨਾਇਬ ਤਹਿਸੀਲਦਾਰ ਮੈਡਮ ਅਕਵਿੰਦਰ ਕੌਰ ਨੇ ਚਾਰਜ ਸੰਭਾਲਿਆ ਮੌਕੇ ਤੇ ਨੰਬਰਦਾਰਾਂ ਤੇ ਹੋਰ ਸਖਸੀਅਤਾਂ ਨੇ ਕੀਤਾ ਸਨਮਾਨਿਤ



**ਜੰਡਿਆਲਾ ਗੁਰੂ, 24 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਅੱਜ ਜੰਡਿਆਲਾ ਗੁਰੂ ਦੇ ਨਵੇਂ ਨਾਇਬ ਤਹਿਸੀਲਦਾਰ ਮੈਡਮ ਅਕਵਿੰਦਰ ਕੌਰ ਜੀ ਨੂੰ ਨੰਬਰਦਾਰ ਪ੍ਰਧਾਨ ਕੁਲਵੰਤ ਸਿੰਘ ਜੀ ਨੇ ਚਾਰਜ ਸੰਭਾਲਣ ਤੇ ਸਰੋਪੇ ਨਾਲ ਸਨਮਾਨਿਤ ਕਰ ਵਧਾਈਆਂ ਦਿੱਤੀਆ ਇਸ ਮੌਕੇ ਉਨ੍ਹਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆ ਮੈਡਮ ਅਕਵਿੰਦਰ ਨੇ ਕਿਹਾ ਕਿ ਮੇਰੇ ਵਲੋਂ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਪਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਹਰ ਇੱਕ ਦਾ ਜਿਹੜਾ ਵੀ ਕੰਮ ਹੋਵੇਗਾ ਪਹਿਲ ਦੇ ਆਧਾਰ ਉਤੇ ਕੀਤਾ ਜਾਵੇਗਾ। ਮੈਡਮ ਅਕਵਿੰਦਰ ਕੌਰ ਜੀ ਨੇ ਇਹ ਵੀ ਕਿਹਾ ਕਿ ਜਿਸ ਤਰ੍ਹਾਂ ਕੇ ਕੋਈ ਵਿਅਕਤੀ ਜਿਵੇਂ ਕਿ ਮਰੀਜ਼ ਜਾ ਵਿਕਲਾਂਗ ਹੈ ਉਸ ਦੇ ਕੰਮ ਨੂੰ ਪਹਿਲ ਦੇ ਅਧਾਰ ਤੇ ਕੀਤਾ ਜਾਵੇਗਾ ਕਿਸੇ ਨੂੰ ਕਿਸੇ ਵੀ ਤਰ੍ਹਾ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਇਹਨਾਂ ਦੇ ਕੰਮ ਪਹਿਲ ਦੇ ਅਧਾਰ ਉੱਤੇ ਕੀਤੇ ਜਾਣਗੇ। ਰਜਿਸਟਰੀ ਕਰਵਾਉਣ ਵਾਲਿਆਂ ਨੂੰ ਬੇਨਤੀ ਕੀਤੀ ਕਿ ਆਪਣੇ ਸਾਰੇ ਕਾਗਜ਼ ਪੂਰੇ ਕਰ ਕੇ ਆਉਣ ਤਾਂ ਜ਼ੋ ਓਹਨਾ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਤੇ ਕੋਈ ਵੀ ਵਿਅਕਤੀ ਆਪਣੀ ਕਿਸੇ ਵੀ ਤਰ੍ਹਾ ਦੀ ਪ੍ਰੇਸ਼ਾਨੀ ਕਾਰਨ ਆਪਣਾ ਕੀਮਤੀ ਵਕਤ ਖਰਾਬ ਨਾ ਕਰ ਸਕੇ। ਇਸ ਮੌਕੇ ਹਾਜ਼ਰ ਨੰਬਰਦਾਰ ਪ੍ਰਧਾਨ ਕੁਲਵੰਤ ਸਿੰਘ, ਨੰਬਰਦਾਰ ਰਵਿੰਦਰ ਸਿੰਘ ਪੀ, ਟੀ, ਨੰਬਰਦਾਰ ਮਨਜੀਤ ਸਿੰਘ, ਗੁਰਬਖਸ਼ ਬੰਡਾਲਾ, ਬਿੱਟੂ ਵਸੀਕਾ, ਕਿਸ਼ਨ ਵਸੀਕਾ, ਵੀਰ ਸਿੰਘ ਗਹਿਰੀ ਮੰਡੀ, ਜਗੀਰ ਸਿੰਘ ਧਾਰੜ, ਸੁਖਬੀਰ ਸਿੰਘ, ਗੁਸੇਵਕ ਸਿੰਘ ਵਸੀਕਾ, ਕੁਲਦੀਪ ਵਸੀਕਾ, ਸਤਿੰਦਰਬੀਰ ਹੁੰਦਲ ਪੀਟਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਆਰ.ਪੀ. ਸਿੰਘ ਵਰਗੇ ਮੋਦੀ ਦੇ ਸਿੱਖ ਬੰਦੀ ਸਿੰਘਾਂ ਬਾਰੇ ਸਿੱਖ ਕੌਮ ਨੂੰ ਸਲਾਹਾਂ ਨਾ ਦੇਣ : ਡਾ. ਜੱਖੂ

ਹੁਸ਼ਿਆਰਪੁਰ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਕੇਂਦਰ ਦੀ ਭਾਜਪਾ ਸਰਕਾਰ ਬਕਾਇਦਾ ਨੋਟੀਫਿਕੇਸ਼ਨ ਕੱਢ ਕੇ ਮੁੱਕਰ ਚੁੱਕੀ ਹੈ ਅਤੇ ਹੁਣ ਆਰ ਪੀ ਸਿੰਘ ਵਰਗੇ ਮੋਦੀ ਦੇ ਸਿੱਖ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਬਾਰੇ ਸਿੱਖ ਕੌਮ ਨੂੰ ਆਪਣੀਆਂ ਘਟੀਆ ਸਲਾਹਾਂ ਨਾ ਦੇਣ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਾਕਟਰ ਹਰਜਿੰਦਰ ਸਿੰਘ ਜੱਖੂ ਦੁਆਬਾ ਇੰਚਾਰਜ ਤੇ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪਾਰਟੀ ਦਫਤਰ ਵਿਖੇ ਗੁਰਨਾਮ ਸਿੰਘ ਸਿੰਗੜੀਵਾਲਾ ਜਿਲਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਕਰਨ ਤੋਂ ਬਾਅਦ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਗੁਜਰਾਤ ਵਿਖੇ ਬਿਲਕਸ ਬਾਨੋ ਨਾਲ ਬਲਾਤਕਾਰ ਕਰਨ ਦੇ ਦੋਸ਼ੀ ਅਤੇ ਪਰਿਵਾਰਿਕ ਮੈਂਬਰਾਂ ਦੇ ਕਾਤਲਾਂ ਨੂੰ ਤਾਂ ਕੇਂਦਰ ਅਤੇ ਗੁਜਰਾਤ ਸਰਕਾਰਾਂ ਸਮੇਂ ਤੋਂ ਪਹਿਲਾਂ ਰਿਹਾਈ ਦੇ ਸਕਦੀ ਹੈ ਪਰ ਸਿੱਖ ਰਾਜਨੀਤਿਕ ਕੈਦੀਆਂ ਨੂੰ ਸਜਾਵਾਂ ਭੁਗਤਣ ਤੋਂ ਬਾਅਦ ਵੀ ਰਿਹਾ ਨਹੀਂ ਕਰ ਰਹੀ। ਜਿਸ ਨੂੰ ਸਿੱਖ ਕੌਮ ਬਰਦਾਸ਼ਤ ਨਹੀਂ ਕਰੇਗੀ ਅਤੇ ਇਸ ਦਾ ਸਖਤੀ ਨਾਲ ਵਿਰੋਧ ਕੀਤਾ ਜਾਵੇਗਾ। ਇਸ ਸਮੇਂ ਸੰਦੀਪ ਸਿੰਘ ਖਾਲਸਾ ਟਾਂਡਾ ਨੂੰ ਪਾਰਟੀ ਦੇ ਪੀ ਏ ਸੀ ਮੈਂਬਰ ਬਣਨ ਤੇ ਪਾਰਟੀ ਹਾਈ ਕਮਾਂਡ ਸਰਦਾਰ ਸਿਮਰਨਜੀਤ ਸਿੰਘ ਮਾਨ ਪਾਰਟੀ ਪ੍ਰਧਾਨ, ਸਰਦਾਰ ਇਮਾਨ ਸਿੰਘ ਮਾਨ, ਅਤੇ ਡਾਕਟਰ ਹਰਜਿੰਦਰ ਸਿੰਘ ਜੱਖੂ ਦਾ ਜਿਲ੍ਹਾ ਜਥੇਬੰਦੀ ਵੱਲੋਂ ਧੰਨਵਾਦ ਕੀਤਾ ਗਿਆ। ਇਸ ਸਮੇਂ ਗੁਰਨਾਮ ਸਿੰਘ ਸਿੰਗੜੀਵਾਲਾ, ਸੰਦੀਪ ਸਿੰਘ ਖਾਲਸਾ ਟਾਂਡਾ, ਹਰਵਿੰਦਰ ਸਿੰਘ ਹੀਰਾ, ਬੀਬੀ ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ, ਮਾਸਟਰ ਕੁਲਦੀਪ ਸਿੰਘ ਮਸੀਤੀ, ਪਰਮਿੰਦਰ ਸਿੰਘ ਮਕੇਰੀਆਂ, ਜਗਦੀਸ਼ ਸਿੰਘ ਚੱਬੇਵਾਲ, ਲਾਡੀ ਮੁਕੇਰੀਆਂ ਆਦਿ ਹਾਜ਼ਰ ਸਨ।

# ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ 11 ਕਰੋੜ ਰੁਪਏ ਦੀ ਲਾਗਤ ਵਾਲੇ ਸਿੰਚਾਈ ਪ੍ਰੋਜੈਕਟ ਦਾ ਕੀਤਾ ਉਦਘਾਟਨ

### ਪਿਪਲਾਂਵਾਲਾ ਸੀਵਰੇਜ ਟ੍ਰੀਟਮੈਂਟ ਪਲਾਂਟ ਦੇ ਸੋਧੇ ਪਾਣੀ ਨਾਲ ਸੱਤ ਪਿੰਡਾਂ ਦੇ ਕਿਸਾਨਾਂ ਨੂੰ ਮਿਲੇਗਾ ਸਿੰਚਾਈ ਲਾਭ



ਹੁਸ਼ਿਆਰਪੁਰ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸ਼ੁੱਕਰਵਾਰ ਨੂੰ ਸੀਵਰੇਜ ਟ੍ਰੀਟਮੈਂਟ ਪਲਾਂਟ ਪਿਪਲਾਂਵਾਲਾ, ਹੁਸ਼ਿਆਰਪੁਰ ਵਿੱਚ 30 ਐਮ.ਐਲ.ਡੀ. ਸੋਧੇ ਪਾਣੀ ਨੂੰ ਜ਼ਮੀਨਦੋਜ਼ ਨਾਲਿਆਂ ਰਾਹੀਂ ਖੇਤਾਂ ਦੀ ਸਿੰਚਾਈ ਲਈ ਵਰਤਣ ਵਾਲੇ ਮਹੱਤਵਪੂਰਨ ਪ੍ਰੋਜੈਕਟ ਦਾ ਉਦਘਾਟਨ ਕੀਤਾ। ਭੂਮੀ ਸੁਰੱਖਿਆ ਵਿਭਾਗ ਵੱਲੋਂ ਕਰੀਬ 11 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਇਸ ਪ੍ਰੋਜੈਕਟ ਨਾਲ ਕਿਸਾਨਾਂ ਨੂੰ ਸਿੰਚਾਈ ਲਈ ਪ੍ਰਚੂਰ ਪਾਣੀ ਉਪਲਬਧ ਹੋਵੇਗਾ ਅਤੇ ਕੁਦਰਤੀ ਜਲ ਸਰੋਤਾਂ 'ਤੇ ਨਿਰਭਰਤਾ ਘਟੇਗੀ। ਇਸ ਨਾਲ ਨਾ ਸਿਰਫ਼ ਪਾਣੀ ਦੀ ਬਚਤ ਹੋਵੇਗੀ ਸਗੋਂ ਕਿਸਾਨ ਉੱਚ ਕਿਸਮ ਦੀ ਖੇਤੀ ਕਰਨ ਦੇ ਯੋਗ ਵੀ ਬਣਨਗੇ। ਇਸ ਮੌਕੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪਿਪਲਾਂਵਾਲਾ ਸਥਿਤ ਸੀਵਰੇਜ ਟ੍ਰੀਟਮੈਂਟ ਪਲਾਂਟ ਤੋਂ ਸੋਧ ਹੋ ਕੇ ਨਿਕਲਣ ਵਾਲਾ ਪਾਣੀ ਹੁਣ ਇਲਾਕੇ ਦੇ ਸੱਤ ਪਿੰਡਾਂ ਦੇ ਕਿਸਾਨਾਂ ਨੂੰ ਸਿੰਚਾਈ ਲਈ ਉਪਲਬਧ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮਹਤਵਪੂਰਣ ਯੋਜਨਾ ਅਧੀਨ ਲਗਭਗ 40 ਕਿਲੋਮੀਟਰ ਲੰਬੀ ਪਾਈਪਲਾਈਨ ਵਿਛਾਈ ਗਈ ਹੈ, ਜਿਸ ਰਾਹੀਂ ਸੋਧਿਆ ਪਾਣੀ ਖੇਤਾਂ ਤੱਕ ਪਹੁੰਚਾਇਆ ਜਾਵੇਗਾ। ਇਸ ਨਾਲ ਧਰਤੀ ਹੇਠਲੇ ਪਾਣੀ ਦੇ ਪੱਧਰ 'ਤੇ ਪੈਣ ਵਾਲਾ ਦਬਾਅ ਘਟੇਗਾ ਅਤੇ ਕਿਸਾਨਾਂ ਨੂੰ ਸਿੰਚਾਈ ਲਈ ਇੱਕ ਵਿਕਲਪਕ ਜਲ ਸਰੋਤ ਮਿਲੇਗਾ। ਵਿਧਾਇਕ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਅਤੇ ਪਾਣੀ ਦੀ ਸੰਭਾਲ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਅਜਿਹੇ ਪ੍ਰੋਜੈਕਟ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਉਨ੍ਹਾਂ ਵਿਭਾਗੀ ਅਧਿਕਾਰੀਆਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਯੋਜਨਾ ਕਿਸਾਨਾਂ ਦੀ ਆਰਥਿਕ ਮਜ਼ਬੂਤੀ ਅਤੇ ਜਲ ਸਰੋਤਾਂ ਦੇ ਬਿਹਤਰ ਪ੍ਰਬੰਧਨ ਵੱਲ ਇੱਕ ਮੀਲ ਪੱਥਰ ਸਾਬਤ ਹੋਵੇਗੀ। ਇਸ ਪ੍ਰੋਜੈਕਟ ਨਾਲ ਖੇਤੀ ਦੀ ਲਾਗਤ ਘਟੇਗੀ ਅਤੇ ਜਲ ਸੰਕਟ ਨਾਲ ਜੂਝ ਰਹੇ ਖੇਤਰਾਂ ਨੂੰ ਰਾਹਤ ਮਿਲੇਗੀ।

ੴ

# Sardar Gurdip Singh Narwal

05 March 1948 – 17 April 2026



## Antam Sanskar (Funeral Service)

**Friday 1st May 2026**

3.30 PM
Antam Darshan | Antam Sanskar
Great Glen Crematorium
9 London Road Leicester LE8 9DJ

5.30 PM
Sehaj Path da Bhog | Guru Ka Langar
Guru Tegh Bahadur Gurdwara
106 East Park Road
Leicester LE5 4QB

Live Webcast: www.watch.obitus.com Username: jafi621 Password: 933979

Waheguru Ji Ka Khalsa
Waheguru Ji Ki Fateh

Contact: Pardeep Singh Narwal – 07956 972 789 / 07817 928 857

ਆਵਾਜ਼ਿ ਕੌਮ AWAZE QAUM International Newspaper & WEB TV